Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagun Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 124 Chief Editor : Chowdhary Prabhjit Singh, Editor : Chhatarpal Singh 98146-32807, Saturday 31 October 2026 Price : 2 Rs. Page : 6

ਗਿਆਨੇਸ਼ ਕੁਮਾਰ ਖ਼ਿਲਾਫ਼ 'ਜਨ ਮਹਾਂ ਦੋਸ਼' ਅੱਜ; ਦਿੱਲੀ 'ਚ ਮੀਂਹ ਕਾਰਨ ਪ੍ਰੋਗਰਾਮ ਇੱਕ ਦਿਨ ਲਈ ਟਾਲਿਆ

ਨਵੀਂ ਦਿੱਲੀ, 30 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

ਵਿਰੋਧੀ ਧਿਰਾਂ ਦੇ ਗੱਠਜੋੜ 'ਇੰਡੀਆ' ਬਲਾਕ ਵੱਲੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਚਲਾਇਆ ਜਾਣ ਵਾਲਾ 'ਜਨ ਮਹਾਂ ਦੋਸ਼' ਪ੍ਰੋਗਰਾਮ ਕੌਮੀ ਰਾਜਧਾਨੀ 'ਚ ਮੀਂਹ ਕਾਰਨ ਇੱਕ ਦਿਨ ਲਈ ਮੁਲਤਵੀ ਕਰ ਦਿੱਤਾ ਗਿਆ ਹੈ। ਪਹਿਲਾਂ ਅੱਜ 'ਜਨ ਮਹਾਂ ਦੋਸ਼' ਦਾ ਪ੍ਰੋਗਰਾਮ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਰਿਹਾਇਸ਼ 'ਤੇ ਤੈਅ ਕੀਤਾ ਗਿਆ ਸੀ ਪਰ ਮੀਂਹ ਕਾਰਨ ਹੁਣ ਇਹ ਸ਼ਨਿਚਰਵਾਰ ਨੂੰ ਹੋਵੇਗਾ। ਕਾਂਗਰਸ ਆਗੂ ਰਾਹੁਲ ਗਾਂਧੀ ਨੇ ਖੜਗੇ ਦੀ ਰਿਹਾਇਸ਼ ਦੇ ਬਾਹਰ 'ਇੰਡੀਆ' ਬਲਾਕ ਦੇ ਆਗੂਆਂ ਨਾਲ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਆਮ ਸਹਿਮਤੀ ਮਗਰੋਂ ਸ਼ੁੱਕਰਵਾਰ ਦਾ ਪ੍ਰੋਗਰਾਮ ਸ਼ਨਿਚਰਵਾਰ ਨੂੰ ਕਰਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਇਹ ਕੋਈ ਵੱਖਰਾ ਰੋਸ ਪ੍ਰਦਰਸ਼ਨ ਨਹੀਂ ਹੈ ਸਗੋਂ ਇੱਕੋ ਹੀ ਅੰਦੋਲਨ ਹੈ ਅਤੇ ਪੂਰੀ ਵਿਰੋਧੀ ਧਿਰ ਇਕਜੁੱਟ ਹੈ। ਰਾਹੁਲ ਨੇ ਕਿਹਾ, "ਮੀਂਹ ਕਾਰਨ ਸਾਨੂੰ ਲੱਗਿਆ ਕਿ ਸੀਨੀਅਰ ਆਗੂਆਂ ਦਾ ਉੱਥੇ ਬੈਠਣਾ ਮੁਸ਼ਕਲ ਹੋਵੇਗਾ ਜਿਸ ਕਾਰਨ ਪ੍ਰੋਗਰਾਮ ਇੱਕ ਦਿਨ ਲਈ ਟਾਲ ਦਿੱਤਾ ਹੈ।"

ਲੋਕ ਸਭਾ 'ਚ ਵਿਰੋਧੀ ਧਿਰ ਦੇ ਆਗੂ ਨੇ ਕਿਹਾ ਕਿ ਐਤਵਾਰ ਨੂੰ ਰਾਮਲੀਲਾ ਮੈਦਾਨ ਤੱਕ ਮਾਰਚ ਕੀਤਾ ਜਾਵੇਗਾ ਜਿਸ ਵਿੱਚ ਵਿਰੋਧੀ ਧਿਰਾਂ ਦੇ ਨਾਲ ਹੀ ਸਿਆਸੀ ਅਤੇ ਗ਼ੈਰ-ਸਿਆਸੀ ਜਥੇਬੰਦੀਆਂ, ਸਮਾਜਿਕ ਕਾਰਕੁਨ ਅਤੇ ਆਮ ਲੋਕਾਂ ਨੂੰ ਸੱਦਾ ਦਿੱਤਾ ਗਿਆ ਹੈ। ਦੋਵੇਂ ਪ੍ਰੋਗਰਾਮ 'ਭਾਰਤੀ ਲੋਕਤੰਤਰ ਨੂੰ ਕਮਜ਼ੋਰ ਕੀਤੇ ਜਾਣ' ਖ਼ਿਲਾਫ਼ ਹਨ। ਉਨ੍ਹਾਂ ਇਸ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਚੋਣ ਕਮਿਸ਼ਨ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਦਾਅਵਾ ਕੀਤਾ ਕਿ ਗ੍ਰਹਿ ਮੰਤਰੀ ਲੋਕਾਂ ਨੂੰ ਦਿੱਲੀ ਆਉਣ ਤੋਂ ਰੋਕਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਰਾਹੁਲ ਨੇ ਕਿਹਾ, "ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ, ਮੱਧ ਪ੍ਰਦੇਸ਼ ਅਤੇ ਤਿਲੰਗਾਨਾ ਤੋਂ ਸਾਡੇ ਪਾਰਟੀ ਕਾਰਕੁਨਾਂ ਤੇ ਹਜ਼ਾਰਾਂ ਆਮ ਲੋਕਾਂ ਨੂੰ ਦਿੱਲੀ ਆਉਣ ਤੋਂ ਰੋਕਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਰਾਮਲੀਲਾ ਮੈਦਾਨ 'ਚ ਹੋਣ ਵਾਲੇ ਮਾਰਚ ਤੋਂ ਪਤਾ ਲੱਗੇਗਾ ਕਿ ਕਿੰਨੇ ਲੋਕ ਉਸ 'ਚ ਸ਼ਾਮਲ ਹੁੰਦੇ ਹਨ ਅਤੇ ਕਿੰਨਿਆਂ ਨੂੰ ਰੋਕਿਆ ਜਾਂਦਾ ਹੈ।" ਕਾਰੋਬਾਰੀ ਗੌਤਮ ਅਡਾਨੀ ਤੇ ਮੁਕੇਸ਼ ਅੰਬਾਨੀ ਦੇ ਨਾਲ ਹੀ ਮੋਦੀ, ਸ਼ਾਹ ਅਤੇ ਸੰਘ ਮੁਖੀ ਮੋਹਨ ਭਾਗਵਤ ਦਾ ਨਾਮ ਲੈ ਕੇ ਰਾਹੁਲ ਨੇ ਦੋਸ਼ ਲਾਇਆ ਕਿ ਵੋਟ ਚੋਰੀ ਨਾਲ ਉਨ੍ਹਾਂ ਨੂੰ ਲਾਭ ਪਹੁੰਚਾਇਆ ਜਾ ਰਿਹਾ ਹੈ।

'ਆਪ' ਉਮੀਦਵਾਰਾਂ ਦੀ ਪਹਿਲੀ ਸੂਚੀ ਦਾ ਐਲਾਨ ਅੱਜ

ਚੰਡੀਗੜ੍ਹ 30 ਅਕਤੂਬਰ
-ਛਤਰਪਾਲ ਸਿੰਘ-

ਮੁੱਖ ਮੰਤਰੀ ਭਗਵੰਤ ਮਾਨ ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਲਈ ਸ਼ਨਿੱਚਰਵਾਰ ਨੂੰ 'ਆਪ' ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰਨਗੇ। ਪਾਰਟੀ ਦੀ ਸੀ ਨੀਅਰ ਲੀਡਰਸ਼ਿਪ ਦੀ ਸ਼ੁੱਕਰਵਾਰ ਨੂੰ ਦਿੱਲੀ ਵਿੱਚ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ 'ਚ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਸ਼ਾਮਲ ਸਨ। ਮੀਟਿੰਗ ਵਿੱਚ 117 ਵਿਧਾਨ ਸਭਾ ਹਲਕਿਆਂ ਲਈ ਉਮੀਦਵਾਰਾਂ ਦੀ ਸੂਚੀ 'ਤੇ ਚਰਚਾ ਕੀਤੀ ਗਈ ਅਤੇ 'ਆਪ' ਪ੍ਰਧਾਨ ਅਮਨ ਅਰੋੜਾ

ਤੇ ਵਿੱਤ ਮੰਤਰੀ ਹਰਪਾਲ ਚੀਮਾ ਵੀਡੀਓ ਕਾਨਫਰੰਸ ਜ਼ਰੀਏ ਸ਼ਾਮਲ ਹੋਏ। ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਨੂੰ ਦਿੱਲੀ ਵਿੱਚ ਮੀਟਿੰਗ ਉਪਰੰਤ ਦੱਸਿਆ ਕਿ 'ਆਪ' ਉਮੀਦਵਾਰਾਂ ਦੀ ਪਹਿਲੀ ਸੂਚੀ ਭਲਕੇ ਜਾਰੀ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਮੀਟਿੰਗ ਦੌਰਾਨ ਪੰਜਾਬ ਦੇ ਮੁੱਖ ਮੁੱਦਿਆਂ ਅਤੇ ਉਮੀਦਵਾਰਾਂ ਬਾਰੇ ਚਰਚਾ ਹੋਈ ਹੈ। ਪਾਰਟੀ ਦੀ ਸਿਆਸੀ ਮਾਮਲਿਆਂ ਬਾਰੇ ਕਮੇਟੀ ਦੀ ਭਲਕੇ ਮੀਟਿੰਗ ਹੋਵੇਗੀ ਜਿਸ ਵਿੱਚ ਸੂਚੀ ਨੂੰ ਅੰਤਿਮ ਰੂਪ ਦੇਣ ਮਗਰੋਂ ਉਮੀਦਵਾਰਾਂ ਦਾ ਐਲਾਨ ਕੀਤਾ ਜਾਵੇਗਾ। 'ਆਪ' ਤਰਫ਼ੋਂ ਟਿਕਟਾਂ ਦੇ ਚਾਹਵਾਨਾਂ ਦੀਆਂ ਨਜ਼ਰਾਂ ਹੁਣ ਭਲਕੇ ਜਾਰੀ ਹੋਣ ਵਾਲੀ ਸੂਚੀ 'ਤੇ ਲੱਗੀਆਂ ਹਨ। ਆਮ ਆਦਮੀ ਪਾਰਟੀ ਬਾਕੀ ਸਿਆਸੀ ਪਾਰਟੀਆਂ ਨਾਲੋਂ ਪਹਿਲਾਂ ਉਮੀਦਵਾਰਾਂ ਦਾ ਐਲਾਨ ਕਰਨ ਦੇ ਰੌਂਅ ਵਿੱਚ ਹੈ। ਆਮ ਆਦਮੀ ਪਾਰਟੀ ਕਈ ਗੇੜਾਂ 'ਚ ਟਿਕਟਾਂ ਦਾ ਐਲਾਨ ਕਰੇਗੀ। ਸੂਤਰਾਂ ਮੁਤਾਬਕ ਪਾਰਟੀ ਨੇ ਮੀਟਿੰਗ 'ਚ ਕਰੀਬ 15 ਉਮੀਦਵਾਰਾਂ ਦੀ ਸੂਚੀ ਨੂੰ ਅੰਤਿਮ ਛੋਹ ਦਿੱਤੀ ਹੈ। ਮੁੱਢਲੀ ਚਰਚਾ ਵਿੱਚ ਦੋ ਵਾਰ ਚੋਣਾਂ ਜਿੱਤਣ ਵਾਲਿਆਂ 'ਤੇ ਫੋਕਸ ਕੀਤਾ ਗਿਆ ਜਿਨ੍ਹਾਂ ਨੂੰ ਤੀਜੀ ਵਾਰ ਉਮੀਦਵਾਰ ਬਣਾਇਆ ਜਾਣਾ ਹੈ।

ਭਾਰਤੀ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀ ਦੀ ਆਖ਼ਰੀ ਪ੍ਰਕਾਸ਼ਨਾ 4 ਜਨਵਰੀ ਨੂੰ ਕੀਤੀ ਜਾਣੀ ਹੈ। ਮੁੱਖ ਮੰਤਰੀ ਮਾਨ ਕਈ ਵਿਧਾਨ ਸਭਾ ਹਲਕਿਆਂ 'ਚ ਲੋਕ ਮਿਲਣੀ ਪ੍ਰੋਗਰਾਮ ਕਰ ਕੇ ਸੰਭਾਵੀ ਉਮੀਦਵਾਰਾਂ ਬਾਰੇ ਪਹਿਲਾਂ ਹੀ ਇਸ਼ਾਰਾ ਕਰ ਚੁੱਕੇ ਹਨ। ਪਾਰਟੀ ਨੇ ਕਈ ਨਵੇਂ ਹਲਕਾ ਇੰਚਾਰਜ ਲਗਾਏ ਹਨ ਜਿਨ੍ਹਾਂ 'ਚੋਂ ਇੱਕ ਦੋ ਨੂੰ ਛੱਡ ਕੇ ਬਾਕੀਆਂ ਦੀ ਟਿਕਟ ਲਗਪਗ ਫਾਈਨਲ ਮੰਨੀ ਜਾ ਰਹੀ ਹੈ। 'ਆਪ' ਵੱਲੋਂ ਉਮੀਦਵਾਰਾਂ ਦੀ ਚੋਣ ਲਈ ਪਾਰਟੀ ਦੇ ਅਗਾਊਂ ਸਰਵੇਖਣਾਂ ਨੂੰ ਆਧਾਰ ਬਣਾਇਆ ਜਾ ਰਿਹਾ ਹੈ।

ਪੰਜਾਬ 'ਚ ਕਈ ਹਲਕੇ ਅਜਿਹੇ ਹਨ ਜਿੱਥੇ ਪਹਿਲਾਂ ਮੌਜੂਦਾ ਵਿਧਾਇਕ ਪਾਰਟੀ ਸਰਵੇਖਣ 'ਚ ਪਛੜ ਗਏ ਸਨ ਅਤੇ ਪਾਰਟੀ ਨੇ ਟਿਕਟ ਕੱਟਣ ਦਾ ਮਨ ਵੀ ਬਣਾ ਲਿਆ ਸੀ; ਹਾਲਾਂਕਿ ਇਨ੍ਹਾਂ 'ਚੋਂ ਕਈ ਵਿਧਾਇਕਾਂ ਨੇ ਆਪੋ-ਆਪਣੇ ਹਲਕੇ 'ਚ ਸਮਾਂ ਦੇ ਕੇ ਆਪਣੀ ਪੁਜ਼ੀਸ਼ਨ 'ਚ ਸੁਧਾਰ ਕੀਤਾ ਹੈ। ਮਗਰੋਂ ਹੋਏ ਸਰਵੇਖਣਾਂ 'ਚ ਇਹ ਵਿਧਾਇਕ ਆਪਣੀ ਟਿਕਟ ਬਚਾਉਣ 'ਚ ਸਫਲ ਹੋ ਗਏ ਅਤੇ ਇਨ੍ਹਾਂ 'ਚ ਦੋ ਵਿਧਾਇਕ ਬੀਬੀਆਂ ਵੀ ਸ਼ਾਮਲ ਹਨ। 'ਆਪ' ਦੇ 117 ਮੈਂਬਰੀ ਪੰਜਾਬ ਵਿਧਾਨ ਸਭਾ ਵਿੱਚ 94 ਵਿਧਾਇਕ ਹਨ।

ਪਰਾਲੀ ਨੂੰ ਅੱਗ ਲੱਗਣ ਤੋ ਰੋਕਣ ਲਈ ਫੀਲਡ ਵਿੱਚ ਤਾਇਨਾਤ ਟੀਮਾਂ ਪੂਰੀ ਚੌਕਸੀ ਅਤੇ ਜਿੰਮੇਵਾਰੀ ਨਾਲ ਡਿਊਟੀ ਕਰਨ: ਡਿਪਟੀ ਕਮਿਸ਼ਨਰ

ਫ਼ਤਹਿਗੜ੍ਹ ਸਾਹਿਬ, 30 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

: ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ਼ ਦੇ ਕਾਨਫਰੰਸ ਰੂਮ ਵਿਖੇ ਸਿਵਲ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਮੂਹ ਕਲੱਸਟਰ ਅਫ਼ਸਰਾਂ ਅਤੇ ਨੋਡਲ ਅਫਸਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪੁਲਿਸ ਟੀਮਾਂ ਨਾਲ ਮਿਲਕੇ ਜ਼ਮੀਨੀ ਪੱਧਰ ਤੇ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਫੀਲਡ ਅਫ਼ਸਰ ਪਰਾਲੀ ਪ੍ਰਬੰਧਨ ਦੀ ਡਿਊਟੀ ਨੂੰ ਜਿੰਮੇਵਾਰੀ ਨਾਲ ਕਰਨਾ ਯਕੀਨੀ ਬਣਾਉਣ। ਉਨ੍ਹਾਂ ਸਮੂਹ ਐਸ.ਡੀ.ਐਮਜ਼, ਖੇਤੀਬਾੜੀ ਵਿਭਾਗ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਫੀਲਡ ਵਿੱਚ ਤਾਇਨਾਤ ਟੀਮਾਂ ਨੂੰ ਪਰਾਲੀ ਦੇ ਯੋਗ ਨਿਪਟਾਰੇ ਲਈ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨਾਲ ਸਿੱਧੇ ਤੌਰ ਤੇ ਰਾਬਤਾ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆ ਨੂੰ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਠਲ੍ਹ ਪਾਉਣ ਲਈ ਕਿਸਾਨਾਂ ਨੂੰ ਇਨ-ਸੀਟੂ ਅਤੇ ਐਕਸ-ਸੀਟੂ ਤਕਨੀਕਾਂ ਰਾਹੀਂ ਇਸ ਦਾ ਸੁਚੱਜਾ ਪ੍ਰਬੰਧਨ ਅਤੇ ਹੋਰ ਖੇਤੀ ਮਸ਼ੀਨਰੀ ਦੀ ਮਦਦ ਬਾਰੇ ਵੱਧ ਤੋਂ ਵੱਧ ਜਾਗਰੂਕ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਸਮੂਹ ਬਲਾਕ ਵਿਕਾਸ ਪੰਚਾਇਤ ਅਫ਼ਸਰਾਂ ਨੂੰ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਸਰਪੰਚਾਂ ਨਾਲ ਰਾਬਤਾ ਕਰਕੇ ਕਿਸਾਨਾਂ ਨੂੰ ਪਰਾਲੀ ਦੀ ਰਹਿੰਦ-ਖੂੰਹਦ ਨੂੰ ਖੇਤਾਂ ਵਿੱਚ ਵਾਹੁਣ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਪ੍ਰਸ਼ਾਸਨ ਨੂੰ ਕਿਸੇ ਕਿਸਮ ਦੀ ਸਖਤੀ ਨਾ ਵਰਤਣੀ ਪਵੇ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਸਾਨਾਂ ਅਤੇ ਸਮੂਹ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਵਿੱਢੀ ਜਾਗਰੂਕਤਾ ਮੁਹਿੰਮ ਵਿੱਚ ਵੱਧ ਚੜ੍ਹ ਕੇ ਸਹਿਯੋਗ ਕੀਤਾ ਜਾਵੇ, ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰਦੂਸ਼ਣ ਰਹਿਤ ਮਾਹੌਲ ਮਿਲ ਸਕੇ ਜੋ ਸਾਡੀ ਸਾਰਿਆਂ ਦੀ ਨੈਮਿਕ ਜਿੰਮੇਵਾਰੀ ਵੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਐਸ.ਪੀ ਹਰਵੰਤ ਕੌਰ, ਐਸ.ਡੀ.ਐਮ ਫਤਹਿਗੜ੍ਹ ਸਾਹਿਬ ਕਰੁਣ ਗੁਪਤਾ, ਐਸ.ਡੀ.ਐਮ ਬੱਸੀ ਪਠਾਣਾ ਦੀਪਜੋਤ ਕੌਰ, ਐਸ.ਡੀ.ਐਮ ਖਮਾਣੋ ਅਰਵਿੰਦ ਗੁਪਤਾ, ਐਸ.ਡੀ.ਐਮ ਅਮਲੋਹ ਹਰਵੀਰ ਕੌਰ, ਸਹਾਇਕ ਕਮਿਸ਼ਨਰ (ਜ) ਸੂਬਾ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਜਸਪ੍ਰੀਤ ਕੌਰ, ਜ਼ਿਲ੍ਹਾ ਖੇਤੀਬਾੜੀ ਅਫ਼ਸਰ ਜਗਦੇਵ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਜਾਮੀਆ ਵਿਦਿਆਰਥੀਆਂ ਨੇ ਜੇਤੂ ਮਾਰਚ ਕੱਢਿਆ; ਵਿਦਿਆਰਥੀ ਯੂਨੀਅਨ ਬਹਾਲੀ ਲਈ ਤਰੀਕਾਂ ਦਾ ਐਲਾਨ

ਨਵੀਂ ਦਿੱਲੀ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਾਮੀਆ ਮਿਲੀਆ ਇਸਲਾਮੀਆ ਯੂਨੀਵਰਸਿਟੀ ਵੱਲੋਂ ਵਿਦਿਆਰਥੀ ਯੂਨੀਅਨ ਦੀ ਬਹਾਲੀ ਸਬੰਧੀ ਤਰੀਕਾਂ ਦੇ ਐਲਾਨ ਮਗਰੋਂ ਵਿਦਿਆਰਥੀਆਂ ਨੇ ਸ਼ੁੱਕਰਵਾਰ ਨੂੰ ਜਸ਼ਨ ਮਨਾਉਂਦਿਆਂ ਕੈਂਪਸ ਵਿੱਚ ਜੇਤੂ ਮਾਰਚ ਕੱਢਿਆ।

ਇਹ ਘਟਨਾਕ੍ਰਮ ਯੂਨੀਵਰਸਿਟੀ ਦੇ 29 ਅਕਤੂਬਰ ਦੇ ਉਸ ਹੁਕਮ ਤੋਂ ਬਾਅਦ ਸਾਹਮਣੇ ਆਇਆ ਹੈ, ਜਿਸ ਵਿੱਚ ਜੇ ਐੱਮ ਆਈ ਐੱਸ ਯੂ ਦੇ ਸੰਵਿਧਾਨ ਨੂੰ ਲਾਗੂ ਕਰਨ ਨੂੰ ਮਨਜ਼ੂਰੀ ਦਿੱਤੀ ਗਈ ਸੀ। ਇਸ ਅਮਲ ਨੂੰ ਪੂਰਾ ਕਰਨ ਲਈ 15 ਮਈ 2027 ਦੀ ਮਿਤੀ ਨਿਰਧਾਰਿਤ ਕੀਤੀ ਗਈ ਹੈ। ਯੂਨੀਵਰਸਿਟੀ ਨੇ ਕਿਹਾ ਹੈ ਕਿ ਵਿਦਿਆਰਥੀ ਚੋਣਾਂ ਬਾਰੇ ਲਿੰਗਦੋਹ ਕਮੇਟੀ ਦੀਆਂ ਸਿਫ਼ਾਰਸ਼ਾਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸੰਵਿਧਾਨ ਨੂੰ ਮਨਜ਼ੂਰੀ ਮਿਲਣ ਤੋਂ ਬਾਅਦ ਚੋਣਾਂ ਦਾ ਪ੍ਰੋਗਰਾਮ ਐਲਾਨਿਆ ਜਾਵੇਗਾ। ਇਹ ਚੋਣਾਂ ਅਕਾਦਮਿਕ ਸੈਸ਼ਨ ਸ਼ੁਰੂ ਹੋਣ ਦੇ ਛੇ ਹਫ਼ਤਿਆਂ ਅੰਦਰ ਕਰਵਾਈਆਂ ਜਾਣਗੀਆਂ। ਇਹ 16 ਜੁਲਾਈ 2027 ਤੋਂ ਕਰੀਬ ਛੇ ਹਫ਼ਤਿਆਂ ਦਾ ਸਮਾਂ ਬਣਦਾ ਹੈ। ਹੁਕਮ ਵਿੱਚ ਨਿਰਦੇਸ਼ ਦਿੱਤਾ ਗਿਆ ਹੈ ਕਿ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਦੇ ਸਬੰਧ ਵਿੱਚ ਜਾਰੀ ਕੀਤੇ ਗਏ ਸਾਰੇ 'ਕਾਰਨ ਦੱਸੋ' ਨੋਟਿਸ, ਅਨੁਸ਼ਾਸਨੀ ਜਾਂਚ, ਵਿਦਿਅਕ ਸੰਸਥਾ ਤੋਂ ਕੱਢਣ ਅਤੇ ਮੁਅੱਤਲੀ ਦੇ ਆਦੇਸ਼ਾਂ ਦੇ ਨਾਲ-ਨਾਲ ਕੈਂਪਸ ਵਿੱਚ ਦਾਖ਼ਲੇ 'ਤੇ ਲਗਾਈਆਂ ਗਈਆਂ ਪਾਬੰਦੀਆਂ ਨੂੰ ਰੱਦ ਕੀਤਾ ਜਾਵੇ।

ਪੰਜਾਬ ਦੇ ਮੁਲਾਜ਼ਮਾਂ ਨੂੰ 63% 41 ਦੇਣ ਦਾ ਕੇਵਲ ਸਿੰਘ ਢਿੱਲੋਂ ਦਾ ਐਲਾਨ ਸ਼ਲਾਘਾਯੋਗ : ਗੁਰਜੀਤ ਸਿੰਘ ਕੋਹਲੀ

ਪਟਿਆਲਾ, 30 ਅਕਤੂਬਰ
-ਛਤਰਪਾਲ ਸਿੰਘ-

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਜੀ ਵੱਲੋਂ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ ਉਪਰੰਤ ਸੂਬੇ ਦੇ ਸਰਕਾਰੀ ਮੁਲਾਜ਼ਮਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਬਰਾਬਰ 63 ਫੀਸਦੀ ਮਹਿੰਗਾਈ ਭੱਤਾ (41) ਦੇਣ ਅਤੇ ਬਕਾਇਆ 41 ਦੀ ਅਦਾਇਗੀ ਕਰਨ ਸਬੰਧੀ ਕੀਤੇ ਐਲਾਨ ਦਾ ਭਾਜਪਾ ਆਗੂ ਗੁਰਜੀਤ ਸਿੰਘ ਕੋਹਲੀ ਨੇ ਜ਼ੋਰਦਾਰ ਸਵਾਗਤ ਕੀਤਾ ਹੈ।

ਕੋਹਲੀ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਮੁਲਾਜ਼ਮ ਸੂਬੇ ਦੀ ਪ੍ਰਸ਼ਾਸਨਿਕ ਵਿਵਸਥਾ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਅਤੇ ਕੇਂਦਰ ਦੇ ਮੁਲਾਜ਼ਮਾਂ ਦੇ ਬਰਾਬਰ 41 ਮਿਲਣਾ ਚਾਹੀਦਾ ਹੈ।

ਮਹਿੰਗਾਈ ਦੇ ਇਸ ਦੌਰ ਵਿੱਚ

ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਹਰ ਜ਼ਿੰਮੇਵਾਰ ਸਰਕਾਰ ਦੀ ਪਹਿਲ ਹੋਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਸ. ਕੇਵਲ ਸਿੰਘ ਢਿੱਲੋਂ ਜੀ ਵੱਲੋਂ ਮੁਲਾਜ਼ਮਾਂ ਦੇ ਬਕਾਇਆ 41 ਨੂੰ ਕਲੀਅਰ ਕਰਨ ਅਤੇ ਭਵਿੱਖ ਵਿੱਚ ਸਮੇਂ ਸਿਰ ਅਦਾਇਗੀ ਯਕੀਨੀ ਬਣਾਉਣ ਦੀ ਗੱਲ ਪੰਜਾਬ ਦੇ ਲੱਖਾਂ ਮੁਲਾਜ਼ਮ ਪਰਿਵਾਰਾਂ ਲਈ ਇੱਕ ਮਹੱਤਵਪੂਰਨ ਅਤੇ ਸਵਾਗਤਯੋਗ ਵਚਨਬੱਧਤਾ ਹੈ।

ਗੁਰਜੀਤ ਸਿੰਘ ਕੋਹਲੀ ਨੇ ਕਿਹਾ ਕਿ ਪਟਿਆਲਾ ਅਤੇ 110 ਪਟਿਆਲਾ ਦਿਹਾਤੀ ਵਿਧਾਨ ਸਭਾ ਹਲਕੇ ਵਿੱਚ ਵੀ ਵੱਡੀ ਗਿਣਤੀ ਵਿੱਚ ਸਰਕਾਰੀ ਮੁਲਾਜ਼ਮ, ਅਧਿਆਪਕ, ਪੈਨਸ਼ਨਰ ਅਤੇ ਉਨ੍ਹਾਂ ਦੇ ਪਰਿਵਾਰ ਰਹਿੰਦੇ ਹਨ। ਉਨ੍ਹਾਂ ਦੇ ਹੱਕਾਂ ਅਤੇ ਆਰਥਿਕ ਸੁਰੱਖਿਆ ਨਾਲ ਜੁੜੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ, ਮੈਂ ਸ. ਕੇਵਲ ਸਿੰਘ ਢਿੱਲੋਂ ਜੀ ਦੇ ਇਸ ਐਲਾਨ ਦਾ ਪੂਰਾ ਸਮਰਥਨ ਕਰਦਾ ਹਾਂ। ਪੰਜਾਬ ਦੇ ਮੁਲਾਜ਼ਮਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਮਿਲਣਾ ਚਾਹੀਦਾ ਹੈ ਅਤੇ 41 ਦੇ ਮਾਮਲੇ ਵਿੱਚ ਉਨ੍ਹਾਂ ਨਾਲ ਕਿਸੇ ਤਰ੍ਹਾਂ ਦਾ ਵਿਤਕਰਾ ਨਹੀਂ ਹੋਣਾ ਚਾਹੀਦਾ।

ਸੱਤਾ ਵਿੱਚ ਆਉਣ 'ਤੇ ਪੰਜਾਬ ਦੇ ਮੁਲਾਜ਼ਮਾਂ ਨੂੰ 63 ਫ਼ੀਸਦੀ ਡੀਏ ਦੇਵਾਂਗੇ: ਕੇਵਲ ਸਿੰਘ ਢਿੱਲੋਂ

ਭਾਜਪਾ ਦੇ ਸੂਬਾ ਪ੍ਰਧਾਨ ਨੇ 'ਆਪ' ਸਰਕਾਰ 'ਤੇ ਮੁਲਾਜ਼ਮਾਂ ਦੇ ਬਣਦੇ ਹੱਕ ਨਾ ਦੇਣ ਦੇ ਲਾਏ ਦੋਸ਼, ਬਕਾਇਆ ਡੀਏ ਜਾਰੀ ਕਰਨ ਦਾ ਕੀਤਾ ਵਾਅਦਾ

ਚੰਡੀਗੜ੍ਹ 30 ਅਕਤੂਬਰ
-ਛਤਰਪਾਲ ਸਿੰਘ-

ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਵੀਰਵਾਰ ਨੂੰ ਐਲਾਨ ਕੀਤਾ ਕਿ ਜੇਕਰ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਦੀ ਹੈ ਤਾਂ ਸੂਬੇ ਦੇ ਸਰਕਾਰੀ ਮੁਲਾਜ਼ਮਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਬਰਾਬਰ 63 ਫ਼ੀਸਦੀ ਮਹਿੰਗਾਈ ਭੱਤਾ (ਡੀਏ) ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਦੀ ਸਰਕਾਰ ਬਣਨ 'ਤੇ ਮੁਲਾਜ਼ਮਾਂ ਦੇ ਸਾਰੇ ਬਕਾਇਆ ਡੀਏ ਦੀ ਅਦਾਇਗੀ ਵੀ ਯਕੀਨੀ ਬਣਾਈ ਜਾਵੇਗੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੇਂਦਰੀ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਵਿੱਚ 3 ਫ਼ੀਸਦੀ ਵਾਧਾ ਕਰਨ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਸੂਬੇ ਦੇ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਬਣਦੇ ਹੱਕਾਂ ਤੋਂ ਵਾਂਝਾ ਰੱਖਣ ਦੇ ਦੋਸ਼ ਲਗਾਏ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਨੂੰ ਅਜੇ ਵੀ ਕੇਂਦਰੀ ਮੁਲਾਜ਼ਮਾਂ ਦੇ ਮੁਕਾਬਲੇ ਘੱਟ ਮਹਿੰਗਾਈ ਭੱਤਾ ਮਿਲ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕੇਂਦਰੀ ਮੁਲਾਜ਼ਮਾਂ ਦੇ ਬਰਾਬਰ ਡੀਏ ਦੇਣ ਸਬੰਧੀ ਨਿਰਦੇਸ਼ਾਂ ਨੂੰ ਲਾਗੂ ਕਰਨ ਵਿੱਚ ਅਸਫਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸ ਮਾਮਲੇ ਵਿੱਚ ਹਾਈ ਕੋਰਟ ਨੇ ਹਾਲ ਹੀ ਵਿੱਚ ਪੰਜਾਬ ਸਰਕਾਰ 'ਤੇ ਇੱਕ ਲੱਖ ਰੁਪਏ ਦਾ ਜੁਰਮਾਨਾ ਲਗਾਇਆ ਸੀ ਅਤੇ ਸਰਕਾਰ ਨੂੰ ਅਦਾਲਤ ਵਿੱਚ ਮੁਆਫ਼ੀ ਵੀ ਮੰਗਣੀ ਪਈ ਸੀ। ਭਾਜਪਾ ਆਗੂ ਨੇ ਇਹ ਵੀ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ ਇਸ ਮਾਮਲੇ ਵਿੱਚ ਸੁਪਰੀਮ ਕੋਰਟ ਵਿੱਚ ਵਿਸ਼ੇਸ਼ ਅਪੀਲ (ਐਸਐਲਪੀ) ਦਾਇਰ ਕੀਤੀ ਹੋਈ ਹੈ, ਜਿਸ 'ਤੇ ਅਜੇ ਸੁਣਵਾਈ ਨਹੀਂ ਹੋਈ। ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਦੇ ਕਰੀਬ 8 ਲੱਖ ਸਰਕਾਰੀ ਮੁਲਾਜ਼ਮ ਆਪਣੇ ਬਕਾਇਆ ਹੱਕਾਂ ਲਈ ਸੰਘਰਸ਼

ਕਰ ਰਹੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਭਾਜਪਾ ਦੀ ਸਰਕਾਰ ਬਣਨ 'ਤੇ ਸਾਰੇ ਬਕਾਇਆ ਡੀਏ ਦੀ ਅਦਾਇਗੀ ਕੀਤੀ ਜਾਵੇਗੀ ਅਤੇ ਭਵਿੱਖ ਵਿੱਚ ਸਮੇਂ ਸਿਰ ਡੀਏ ਦਿੱਤਾ ਜਾਵੇਗਾ।

ਖੇਡ ਸਮਾਨ ਉਦਯੋਗ ਨੂੰ ਮੁੜ ਮਿਲੇਗੀ ਹੁਲਾਰਾ ਦੇਣ ਦੀ ਉਮੀਦ

ਉਦਯੋਗਿਕ ਵਿਕਾਸ ਬਾਰੇ ਗੱਲ ਕਰਦਿਆਂ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਪ੍ਰਸਤਾਵਿਤ ਖੇਡ ਸਮਾਨ ਨਿਰਮਾਣ ਯੋਜਨਾ ਨਾਲ ਪੰਜਾਬ ਨੂੰ ਕਾਫ਼ੀ ਲਾਭ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਦੇਸ਼ ਦੇ ਪ੍ਰਮੁੱਖ ਖੇਡ ਸਮਾਨ ਨਿਰਮਾਣ ਕੇਂਦਰਾਂ ਵਿੱਚੋਂ ਇੱਕ ਹੈ ਅਤੇ ਇਸ ਯੋਜਨਾ ਨਾਲ ਸ਼ਹਿਰ ਦੇ ਖੇਡ ਉਦਯੋਗ ਨੂੰ ਮੁੜ ਮਜ਼ਬੂਤੀ ਮਿਲ ਸਕਦੀ ਹੈ। ਉਨ੍ਹਾਂ ਅਨੁਸਾਰ ਇਸ ਪਹਿਲਕਦਮੀ ਨਾਲ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੀਆਂ ਉਦਯੋਗਿਕ ਇਕਾਈਆਂ ਨੂੰ ਮੁੜ ਸੁਰਜੀਤ ਕਰਨ, ਉਤਪਾਦਨ ਵਧਾਉਣ ਅਤੇ ਹਜ਼ਾਰਾਂ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਮਿਲੇਗੀ।

ਕੰਟੇਨਰ ਨਿਰਮਾਣ ਯੋਜਨਾ ਨਾਲ ਬਰਾਮਦਕਾਰਾਂ ਨੂੰ ਹੋਵੇਗਾ ਲਾਭ

ਕੇਂਦਰ ਸਰਕਾਰ ਦੀ ਕੰਟੇਨਰ ਨਿਰਮਾਣ ਪ੍ਰੋਤਸਾਹਨ ਯੋਜਨਾ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਦੇ ਬਰਾਮਦ-ਅਧਾਰਿਤ ਉਦਯੋਗਾਂ ਨੂੰ ਵੱਡਾ ਹੁਲਾਰਾ ਮਿਲੇਗਾ। ਲੁਧਿਆਣਾ ਦੇ ਹੌਜ਼ਰੀ ਅਤੇ ਸਾਈਕਲ ਉਦਯੋਗ ਦੇ ਉਤਪਾਦਾਂ ਅਤੇ ਜਲੰਧਰ ਦੇ ਖੇਡ ਸਮਾਨ ਨੂੰ ਦੇਸ਼ ਵਿੱਚ ਹੀ ਤਿਆਰ ਕੀਤੇ ਗਏ ਕੰਟੇਨਰਾਂ ਰਾਹੀਂ ਵਿਦੇਸ਼ਾਂ ਵਿੱਚ ਭੇਜਿਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਮਾਲ ਦੀ ਢੋਆ-ਢੁਆਈ ਦਾ ਖਰਚਾ ਘਟੇਗਾ ਅਤੇ ਪੰਜਾਬ ਦੇ ਬਰਾਮਦਕਾਰਾਂ ਨੂੰ ਕੌਮਾਂਤਰੀ ਬਾਜ਼ਾਰ ਵਿੱਚ ਮੁਕਾਬਲਾ ਕਰਨ ਲਈ ਹੋਰ ਮੌਕੇ ਮਿਲਣਗੇ।

13 ਹਜ਼ਾਰ ਤੋਂ ਵੱਧ ਪੰਚਾਇਤਾਂ ਨੂੰ ਮਜ਼ਬੂਤ ਕਰੇਗੀ ਵਿਕਸਿਤ ਗ੍ਰਾਮ ਸਵਰਾਜ ਯੋਜਨਾ

ਕੇਵਲ ਸਿੰਘ ਢਿੱਲੋਂ ਨੇ ਪ੍ਰਧਾਨ ਮੰਤਰੀ ਦੀ ਵਿਕਸਿਤ ਗ੍ਰਾਮ ਸਵਰਾਜ ਯੋਜਨਾ ਦਾ ਵੀ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਦੀਆਂ 13 ਹਜ਼ਾਰ ਤੋਂ ਵੱਧ ਪੰਚਾਇਤਾਂ ਵਿੱਚ ਪ੍ਰਸ਼ਾਸਨਿਕ ਪ੍ਰਬੰਧਾਂ ਅਤੇ ਪੇਂਡੂ ਵਿਕਾਸ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਕਿਹਾ ਕਿ ਸਰਪੰਚਾਂ ਅਤੇ ਪੰਚਾਂ ਨੂੰ ਬਿਹਤਰ ਸਿਖਲਾਈ ਦੇਣ ਅਤੇ ਵਧੇਰੇ ਜ਼ਿੰਮੇਵਾਰੀਆਂ ਸੌਂਪਣ ਨਾਲ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਵੇਗੀ ਅਤੇ ਸਥਾਨਕ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ ਵਿੱਚ ਸੁਧਾਰ ਹੋਵੇਗਾ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਅਧਿਆਪਕ ਸਾਹਿਬਾਨ।

ਸੰਪਾਦਕੀ

2027 ਦੀਆਂ ਚੋਣਾਂ ਲਈ ਦੌੜਦੇ ਗਿੱਦੜਾਂ ਵਾਂਗ ਸਿਆਸਤਦਾਨ, ਇੱਕ-ਦੂਜੇ 'ਤੇ ਸੁੱਟ ਰਹੇ ਚਿੱਕੜ! ਕਰ ਰਹੇ ਅਪਮਾਨ

ਪੰਜਾਬ ਦੀ ਸਿਆਸਤ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਸੇਕ ਹੁਣ ਤੋਂ ਹੀ ਮਹਿਸੂਸ ਹੋਣ ਲੱਗ ਪਿਆ ਹੈ। ਚੋਣਾਂ ਵਿੱਚ ਅਜੇ ਸਮਾਂ ਬਾਕੀ ਹੈ, ਪਰ ਸਿਆਸੀ ਪਾਰਟੀਆਂ ਅਤੇ ਆਗੂਆਂ ਦੀਆਂ ਸਰਗਰਮੀਆਂ ਦੇਖ ਕੇ ਇੰਝ ਲੱਗਦਾ ਹੈ ਜਿਵੇਂ ਸੱਤਾ ਦੀ ਕੁਰਸੀ ਤੱਕ ਪਹੁੰਚਣ ਲਈ ਹੁਣ ਤੋਂ ਹੀ ਆਖ਼ਰੀ ਦੌੜ ਸ਼ੁਰੂ ਹੋ ਗਈ ਹੋਵੇ। ਕੋਈ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਦੇ ਸੋਹਲੇ ਗਾ ਰਿਹਾ ਹੈ, ਕੋਈ ਦੂਜਿਆਂ ਦੀਆਂ ਨਾਕਾਮੀਆਂ ਗਿਣਾ ਰਿਹਾ ਹੈ ਅਤੇ ਕੋਈ ਪੁਰਾਣੇ ਮੁੱਦਿਆਂ ਨੂੰ ਮੁੜ ਉਛਾਲ ਕੇ ਸਿਆਸੀ ਰੋਟੀਆਂ ਸੇਕਣ ਵਿੱਚ ਲੱਗਾ ਹੋਇਆ ਹੈ। ਸਿਆਸਤ ਦਾ ਮੈਦਾਨ ਲੋਕ ਸੇਵਾ ਦੀ ਥਾਂ ਇੱਕ-ਦੂਜੇ ਉੱਤੇ ਚਿੱਕੜ ਸੁੱਟਣ ਦਾ ਅਖਾੜਾ ਬਣਦਾ ਜਾ ਰਿਹਾ ਹੈ।

ਅੱਜ ਦੇ ਸਿਆਸਤਦਾਨਾਂ ਦੀ ਕਾਰਗੁਜ਼ਾਰੀ ਦੇਖ ਕੇ ਇੱਕ ਗੱਲ ਜ਼ਰੂਰ ਸਮਝ ਆਉਂਦੀ ਹੈ ਕਿ ਸੱਤਾ ਹਾਸਲ ਕਰਨ ਦੀ ਲਾਲਸਾ ਵਿੱਚ ਸਿਧਾਂਤ, ਮਰਿਆਦਾ ਅਤੇ ਜਨਤਕ ਜ਼ਿੰਮੇਵਾਰੀ ਕਈ ਵਾਰ ਪਿੱਛੇ ਰਹਿ ਜਾਂਦੇ ਹਨ। ਵਿਰੋਧੀ ਧਿਰ ਦਾ ਕੰਮ ਸਰਕਾਰ ਨੂੰ ਸਵਾਲ ਕਰਨਾ ਹੈ ਅਤੇ ਸਰਕਾਰ ਦੀ ਜ਼ਿੰਮੇਵਾਰੀ ਉਨ੍ਹਾਂ ਸਵਾਲਾਂ ਦਾ ਜਵਾਬ ਦੇਣਾ ਹੈ, ਪਰ ਸਾਡੇ ਸਿਆਸੀ ਮਾਹੌਲ ਵਿੱਚ ਸਵਾਲਾਂ ਦੀ ਥਾਂ ਨਿੱਜੀ ਟਿੱਪਣੀਆਂ, ਇਲਜ਼ਾਮਾਂ ਅਤੇ ਜਵਾਬੀ ਹਮਲਿਆਂ ਨੇ ਲੈ ਲਈ ਹੈ। ਹਰ ਪਾਰਟੀ ਦੂਜੀ ਨੂੰ ਲੋਕ ਵਿਰੋਧੀ ਸਾਬਤ ਕਰਨ ਵਿੱਚ ਲੱਗੀ ਹੋਈ ਹੈ, ਪਰ ਆਮ ਲੋਕ ਇਹ ਪੁੱਛ ਰਹੇ ਹਨ ਕਿ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕੌਣ ਕਰੇਗਾ?

ਪੰਜਾਬ ਅੱਜ ਕਈ ਗੰਭੀਰ ਚੁਣੌਤੀਆਂ ਨਾਲ ਜੂਝ ਰਿਹਾ ਹੈ। ਨਸ਼ਿਆਂ ਦੀ ਸਮੱਸਿਆ ਨੇ ਨੌਜਵਾਨ ਪੀੜ੍ਹੀ ਨੂੰ ਆਪਣੀ ਲਪੇਟ ਵਿੱਚ ਲਿਆ ਹੋਇਆ ਹੈ। ਬੇਰੁਜ਼ਗਾਰੀ ਕਾਰਨ ਨੌਜਵਾਨ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਮਹਿਸੂਸ ਕਰ ਰਹੇ ਹਨ। ਕਿਸਾਨ ਕਰਜ਼ੇ, ਫ਼ਸਲਾਂ ਦੇ ਭਾਅ ਅਤੇ ਖੇਤੀ ਦੀਆਂ ਵਧਦੀਆਂ ਲਾਗਤਾਂ ਨਾਲ ਜੂਝ ਰਹੇ ਹਨ। ਉਦਯੋਗਿਕ ਖੇਤਰ ਨੂੰ ਨਿਵੇਸ਼ ਅਤੇ ਬੁਨਿਆਦੀ ਸਹੂਲਤਾਂ ਦੀ ਲੋੜ ਹੈ। ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਵੀ ਅਨੇਕਾਂ ਸਵਾਲ ਖੜ੍ਹੇ ਹਨ। ਪਰ ਅਫ਼ਸੋਸ ਕਿ ਇਨ੍ਹਾਂ ਮੁੱਦਿਆਂ ਉੱਤੇ ਗੰਭੀਰ ਅਤੇ ਤੱਥਾਂ ਅਧਾਰਿਤ ਚਰਚਾ ਕਰਨ ਦੀ ਥਾਂ ਸਿਆਸੀ ਆਗੂ ਇੱਕ-ਦੂਜੇ ਦੀਆਂ ਕਮੀਆਂ ਲੱਭਣ ਵਿੱਚ ਵਧੇਰੇ ਦਿਲਚਸਪੀ ਦਿਖਾ ਰਹੇ ਹਨ।

ਸੱਤਾਧਾਰੀ ਪਾਰਟੀ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਲੋਕਾਂ ਨੇ ਉਸ ਨੂੰ ਸਿਰਫ਼ ਵਾਅਦੇ ਕਰਨ ਜਾਂ ਵਿਰੋਧੀਆਂ ਨੂੰ ਜਵਾਬ ਦੇਣ ਲਈ ਸੱਤਾ ਨਹੀਂ ਸੌਂਪੀ। ਸਰਕਾਰ ਦੀ ਅਸਲ ਪਰਖ ਉਸ ਦੇ ਕੰਮਾਂ ਨਾਲ ਹੁੰਦੀ ਹੈ। ਕਿੰਨੇ ਨੌਜਵਾਨਾਂ ਨੂੰ ਰੁਜ਼ਗਾਰ ਮਿਲਿਆ? ਨਸ਼ਿਆਂ ਦੇ ਕਾਰੋਬਾਰ ਨੂੰ ਕਿੰਨਾ ਠੱਲ੍ਹ ਪਈ? ਕਿਸਾਨਾਂ ਦੀ ਆਮਦਨ ਅਤੇ ਖੇਤੀ ਦੀ ਹਾਲਤ ਵਿੱਚ ਕਿੰਨਾ ਸੁਧਾਰ ਹੋਇਆ? ਸਰਕਾਰੀ ਹਸਪਤਾਲਾਂ ਅਤੇ ਸਕੂਲਾਂ ਦੀ ਸਥਿਤੀ ਕਿੰਨੀ ਬਦਲੀ? ਕਾਨੂੰਨ ਵਿਵਸਥਾ ਕਿੰਨੀ ਮਜ਼ਬੂਤ ਹੋਈ? ਇਹ ਉਹ ਸਵਾਲ ਹਨ ਜਿਨ੍ਹਾਂ ਦੇ ਜਵਾਬ ਜਨਤਾ ਸਰਕਾਰ ਤੋਂ ਚਾਹੁੰਦੀ ਹੈ।

ਇਸੇ ਤਰ੍ਹਾਂ ਵਿਰੋਧੀ ਧਿਰ ਨੂੰ ਵੀ ਸਿਰਫ਼ ਆਲੋਚਨਾ ਦੀ ਰਾਜਨੀਤੀ ਤੋਂ ਅੱਗੇ ਵਧਣਾ ਪਵੇਗਾ। ਸਰਕਾਰ ਦੀਆਂ ਗ਼ਲਤੀਆਂ ਉਜਾਗਰ ਕਰਨਾ ਲੋਕਤੰਤਰ ਦਾ ਮਹੱਤਵਪੂਰਨ ਹਿੱਸਾ ਹੈ, ਪਰ ਇਸ ਦੇ ਨਾਲ ਇਹ ਵੀ ਜ਼ਰੂਰੀ ਹੈ ਕਿ ਵਿਰੋਧੀ ਪਾਰਟੀਆਂ ਲੋਕਾਂ ਸਾਹਮਣੇ ਆਪਣਾ ਬਦਲਵਾਂ ਨੀਤੀਗਤ ਏਜੰਡਾ ਰੱਖਣ। ਸਿਰਫ਼ ਇਹ ਕਹਿਣਾ ਕਿ ਦੂਜੀ ਪਾਰਟੀ ਨਾਕਾਮ ਹੈ, ਕਾਫ਼ੀ ਨਹੀਂ। ਜਨਤਾ ਇਹ ਵੀ ਜਾਣਨਾ ਚਾਹੁੰਦੀ ਹੈ ਕਿ ਜੇਕਰ ਉਨ੍ਹਾਂ ਨੂੰ ਮੌਕਾ ਮਿਲਿਆ ਤਾਂ ਉਹ ਕਿਹੜੀਆਂ ਨੀਤੀਆਂ ਰਾਹੀਂ ਸੂਬੇ ਦੀ ਦਿਸ਼ਾ ਬਦਲਣਗੇ।

2027 ਦੀਆਂ ਚੋਣਾਂ ਵੱਲ ਵਧ ਰਹੇ ਸਿਆਸੀ ਆਗੂਆਂ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਪੰਜਾਬ ਕੋਈ ਸਿਆਸੀ ਪ੍ਰਯੋਗਸ਼ਾਲਾ ਨਹੀਂ, ਸਗੋਂ ਕਰੋੜਾਂ ਲੋਕਾਂ ਦਾ ਘਰ ਹੈ। ਇਸ ਧਰਤੀ ਨੇ ਕਿਸਾਨੀ ਸੰਘਰਸ਼, ਕੁਰਬਾਨੀਆਂ, ਮਿਹਨਤ ਅਤੇ ਭਾਈਚਾਰੇ ਦੀਆਂ ਅਨੇਕਾਂ ਮਿਸਾਲਾਂ ਕਾਇਮ ਕੀਤੀਆਂ ਹਨ। ਇੱਥੋਂ ਦੇ ਲੋਕਾਂ ਨੇ ਵੱਖ-ਵੱਖ ਸਮਿਆਂ ਉੱਤੇ ਵੱਖ-ਵੱਖ ਪਾਰਟੀਆਂ ਨੂੰ ਮੌਕਾ ਦਿੱਤਾ ਹੈ। ਪਰ ਲੋਕਾਂ ਦੀਆਂ ਉਮੀਦਾਂ ਨਾਲ ਖੇਡਣ ਵਾਲਿਆਂ ਨੂੰ ਜਨਤਾ ਚੋਣਾਂ ਦੌਰਾਨ ਜਵਾਬ ਦੇਣਾ ਵੀ ਜਾਣਦੀ ਹੈ।

ਆਖ਼ਰ ਵਿੱਚ ਸਵਾਲ ਸਿਰਫ਼ ਇੰਨਾ ਹੈ ਕਿ 2027 ਵਿੱਚ ਸਿਆਸੀ ਪਾਰਟੀਆਂ ਇੱਕ-ਦੂਜੇ ਨੂੰ ਹਰਾਉਣ ਲਈ ਮੈਦਾਨ ਵਿੱਚ ਉਤਰਨਗੀਆਂ ਜਾਂ ਪੰਜਾਬ ਦੀਆਂ ਸਮੱਸਿਆਵਾਂ ਨੂੰ ਹਰਾਉਣ ਲਈ? ਕਿਉਂਕਿ ਜੇਕਰ ਸਿਆਸਤਦਾਨਾਂ ਦੀ ਦੌੜ ਵਿੱਚ ਪੰਜਾਬ ਹੀ ਪਿੱਛੇ ਰਹਿ ਗਿਆ ਤਾਂ ਜਿੱਤਣ ਵਾਲੀ ਪਾਰਟੀ ਭਾਵੇਂ ਕੋਈ ਵੀ ਹੋਵੇ, ਹਾਰ ਪੰਜਾਬ ਦੇ ਆਮ ਲੋਕਾਂ ਦੀ ਹੀ ਹੋਵੇਗੀ।

Shaheedeazamnews.com

ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਭਾਰਤ ਦੀ ਵਿਕਾਸ ਦਰ: ਲੋਕ ਭਲਾਈ ਤੇ ਹਕੀਕਤ

ਕੇਸਰ ਸਿੰਘ ਭੰਗੂ

ਦੇਸ਼ ਵਿੱਚ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਵਿਕਾਸ ਦਰ ਅਤੇ ਇਸ ਵਿਕਾਸ ਦਰ ਨਾਲ ਹੁੰਦੀ ਲੋਕ ਭਲਾਈ ਵਿਸ਼ੇ 'ਤੇ ਭਖਵੀਂ ਬਹਿਸ ਚੱਲ ਰਹੀ ਹੈ। ਭਾਰਤ ਦੀ ਅਰਥਵਿਵਸਥਾ ਪਿਛਲੇ ਕੁਝ ਸਾਲਾਂ ਵਿੱਚ ਤੇਜ਼ੀ ਨਾਲ ਵਧੀ ਹੈ। 2025-26 ਵਿੱਚ ਭਾਰਤ ਦੇ ਕੁੱਲ ਘਰੇਲੂ ਉਤਪਾਦ ਦੀ ਵਿਕਾਸ ਦਰ 7.6 ਫ਼ੀਸਦੀ ਰਹੀ, ਜੋ ਪਿਛਲੇ ਵਿੱਤੀ ਸਾਲ ਦੀ 7.1 ਫ਼ੀਸਦੀ ਦੇ ਮੁਕਾਬਲੇ ਵੱਧ ਸੀ। ਚਾਲੂ ਵਿੱਤੀ ਸਾਲ ਦੀ ਪਹਿਲੀ ਤਿਮਾਹੀ ਦੌਰਾਨ ਇਹ ਦਰ 7.8 ਫ਼ੀਸਦੀ ਹੈ। ਵਿਸ਼ਵ ਬੈਂਕ ਅਨੁਸਾਰ ਇਸ ਵਾਧੇ 'ਚ ਨਿੱਜੀ ਖ਼ਪਤ ਅਤੇ ਨਿਵੇਸ਼ ਦਾ ਅਹਿਮ ਯੋਗਦਾਨ ਹੈ। ਇਸ ਵਾਧੇ ਬਾਰੇ ਸੱਤਾਧਾਰੀ ਧਿਰ ਵੱਲੋਂ ਕੀਤੇ ਗਏ ਪ੍ਰਚਾਰ ਨੇ ਦੇਸ਼ ਵਿੱਚ ਇਹ ਬਹਿਸ ਛੇੜੀ ਹੈ ਕਿ ਇਸ ਵਿਕਾਸ ਦਰ ਨਾਲ ਜਨ-ਕਲਿਆਣ ਵਿੱਚ ਕਿੰਨਾ ਵਾਧਾ ਹੋਇਆ ਹੈ, ਪਰ ਇੱਥੇ ਇਹ ਸਵਾਲ ਖੜ੍ਹਾ ਹੁੰਦਾ ਹੈ: ਕੀ ਕੁੱਲ ਘਰੇਲੂ ਉਤਪਾਦ ਦਾ ਵਧਣਾ ਆਪਣੇ ਆਪ ਵਿੱਚ ਦੇਸ਼ ਦੇ ਲੋਕਾਂ ਦੀ ਭਲਾਈ ਹੋਣ ਅਤੇ ਵਿਕਾਸ ਦਰ ਵਧਣ ਦਾ ਸਬੂਤ ਹੈ? ਇਹ ਸਵਾਲ ਸਿਰਫ਼ ਅੱਜ ਦੇ ਭਾਰਤ ਲਈ ਅਹਿਮ ਨਹੀਂ ਸਗੋਂ ਅਮਰੀਕੀ ਅਰਥਸ਼ਾਸਤਰੀ ਸਾਈਮਨ ਕੁਜ਼ਨੇਤਸ ਨੇ ਤਕਰੀਬਨ ਸੱਤ ਦਹਾਕੇ ਪਹਿਲਾਂ ਆਰਥਿਕ ਵਿਕਾਸ ਅਤੇ ਆਮਦਨ ਦੀ ਵੰਡ ਦੇ ਸਬੰਧ ਦਾ ਅਧਿਐਨ ਕੀਤਾ ਸੀ। 1955 ਵਿੱਚ ਪ੍ਰਕਾਸ਼ਿਤ ਉਸ ਦੇ ਲੇਖ 'ਚ ਇਹ ਸਵਾਲ ਉਠਾਇਆ ਗਿਆ ਸੀ ਕਿ ਜਦੋਂ ਕਿਸੇ ਦੇਸ਼ ਦੀ ਅਰਥਵਿਵਸਥਾ ਵਿੱਚ ਕੁੱਲ ਘਰੇਲੂ ਉਤਪਾਦ ਵਧਦਾ ਹੈ ਤਾਂ ਆਮਦਨ ਦੀ ਨਾਬਰਾਬਰੀ ਵਿੱਚ ਕਿਵੇਂ ਬਦਲਾਅ ਹੁੰਦਾ ਹੈ? ਇਸ ਲਈ ਕੁੱਲ ਘਰੇਲੂ ਉਤਪਾਦ ਅਤੇ ਲੋਕ ਭਲਾਈ ਦੀ ਚਰਚਾ ਵਿੱਚ ਸਾਨੂੰ ਦੋ ਵੱਖੋ-ਵੱਖਰੇ ਪਰ ਆਪਸ ਵਿੱਚ ਡੂੰਘੇ ਜੁੜੇ ਪੱਖਾਂ ਨੂੰ ਸਮਝਣਾ ਪਵੇਗਾ। ਪਹਿਲਾ, ਅਰਥਵਿਵਸਥਾ ਵਿੱਚ ਕੁੱਲ ਘਰੇਲੂ ਉਤਪਾਦ ਵਿੱਚ ਕਿੰਨਾ ਵਾਧਾ ਹੋ ਰਿਹਾ ਹੈ ਅਤੇ ਦੂਜਾ, ਉਸ ਵਾਧੇ ਦਾ ਲਾਭ ਦੇਸ਼ ਦੇ ਲੋਕਾਂ ਤੇ ਵੱਖ-ਵੱਖ ਖੇਤਰਾਂ ਵਿੱਚ ਕਿਵੇਂ ਵੰਡਿਆ ਜਾ ਰਿਹਾ ਹੈ?

ਕੁੱਲ ਘਰੇਲੂ ਉਤਪਾਦ ਨਿਰਧਾਰਤ ਸਮੇਂ ਦੌਰਾਨ ਦੇਸ਼ ਵਿੱਚ ਪੈਦਾ ਹੋਈਆਂ ਵਸਤਾਂ ਅਤੇ ਸੇਵਾਵਾਂ ਦੀ ਕੁੱਲ ਆਰਥਿਕ ਕੀਮਤ ਨੂੰ ਦਰਸਾਉਂਦਾ ਹੈ। ਇਸ ਲਈ ਕੁੱਲ ਘਰੇਲੂ ਉਤਪਾਦ ਦੀ ਵਿਕਾਸ ਦਰ ਅਰਥਵਿਵਸਥਾ ਦੀ ਉਤਪਾਦਨ ਸਮਰੱਥਾ ਵਿੱਚ ਵਾਧੇ ਦਾ ਮਹੱਤਵਪੂਰਨ ਸੰਕੇਤ ਹੈ ਪਰ ਕੁੱਲ ਘਰੇਲੂ ਉਤਪਾਦ ਦਾ ਵਧਣਾ ਆਪਣੇ ਆਪ ਵਿੱਚ ਸਿੱਧੇ ਤੌਰ 'ਤੇ ਜਨ-ਕਲਿਆਣ ਦਾ ਸੂਚਕ ਨਹੀਂ ਹੈ। ਉਦਾਹਰਣ ਵਜੋਂ, ਜੇ ਦੇਸ਼ ਦਾ ਕੁੱਲ ਘਰੇਲੂ ਉਤਪਾਦ ਵਧਦਾ ਹੈ ਪਰ ਆਮਦਨ ਦਾ ਵੱਡਾ ਹਿੱਸਾ ਉੱਚ ਆਮਦਨ ਵਰਗ ਵਾਲੇ ਲੋਕਾਂ ਕੋਲ ਚਲਾ ਜਾਂਦਾ ਹੈ, ਜਿਸ ਕਾਰਨ ਔਸਤ ਆਮਦਨ ਵਧਣ ਦੇ ਬਾਵਜੂਦ ਆਮ ਪਰਿਵਾਰਾਂ ਦੀ ਆਰਥਿਕ ਸਥਿਤੀ ਵਿੱਚ ਉਸੇ ਅਨੁਪਾਤ ਅਨੁਸਾਰ ਸੁਧਾਰ ਨਹੀਂ ਹੋ ਸਕਦਾ। ਇਸੇ ਤਰ੍ਹਾਂ ਕੁੱਲ ਘਰੇਲੂ ਉਤਪਾਦ ਕੋਈ ਅਜਿਹਾ ਪੈਮਾਨਾ ਨਹੀਂ, ਜੋ ਘਰੇਲੂ ਕੰਮਾਂ, ਪਰਿਵਾਰਕ ਦੇਖਭਾਲ, ਵਾਤਾਵਰਨ ਦੀ ਗੁਣਵੱਤਾ, ਸਿਹਤ ਅਤੇ ਸਿੱਖਿਆ ਦੇ ਮਿਆਰ ਨੂੰ ਸਿੱਧੇ ਤੌਰ 'ਤੇ ਮਾਪ ਸਕੇ। ਇਸ ਲਈ ਕੁੱਲ ਘਰੇਲੂ ਉਤਪਾਦ ਦੇ ਵਾਧੇ ਨੂੰ ਆਰਥਿਕ ਗਤੀਵਿਧੀ ਦਾ ਮਾਪ ਸਮਝਣਾ ਚਾਹੀਦਾ ਹੈ, ਨਾ ਕਿ ਮਨੁੱਖੀ ਭਲਾਈ ਦਾ ਪੈਮਾਨਾ।

ਤਾਜ਼ਾ ਅੰਕੜਿਆਂ ਮੁਤਾਬਿਕ ਭਾਰਤ 'ਚ ਉੱਚ ਜੀ ਡੀ ਪੀ ਦਰ ਨਾਲ ਕੁਝ ਅਹਿਮ ਸਮਾਜਿਕ-ਆਰਥਿਕ ਸੁਧਾਰ ਵੀ ਹੋਏ ਹਨ। ਵਿਸ਼ਵ ਬੈਂਕ ਦੇ ਅਪਰੈਲ 2026 ਦੇ ਭਾਰਤ ਦੇ ਵਿਕਾਸ ਸਬੰਧੀ ਅੰਕੜਿਆਂ ਅਨੁਸਾਰ 2025-26 ਵਿੱਚ ਭਾਰਤ ਦਾ ਅਸਲ ਕੁੱਲ ਘਰੇਲੂ ਉਤਪਾਦ 7.6 ਫ਼ੀਸਦੀ, ਨਿੱਜੀ ਖ਼ਪਤ 7.7 ਫ਼ੀਸਦੀ ਅਤੇ ਨਿਵੇਸ਼ 7.1 ਫ਼ੀਸਦੀ ਰਹੇ। ਇਹ ਅੰਕੜੇ ਆਰਥਿਕ ਮੰਗ ਅਤੇ ਨਿਵੇਸ਼ ਵਿੱਚ ਮਜ਼ਬੂਤੀ ਵੱਲ ਇਸ਼ਾਰਾ ਕਰਦੇ ਹਨ ਪਰ ਇਹ ਜਾਣਨਾ ਵੀ ਜ਼ਰੂਰੀ ਹੈ ਕਿ ਕੀ ਇਸ ਵਿਕਾਸ ਨਾਲ ਰੁਜ਼ਗਾਰ ਅਤੇ ਪਰਿਵਾਰਕ ਆਮਦਨ ਵਿੱਚ ਵੀ ਵਾਧਾ ਹੋ ਰਿਹਾ ਹੈ ਜਾਂ ਨਹੀਂ? ਜੁਲਾਈ 2026 ਦੇ ਪੀਰੀਔਡਿਕ ਕਿਰਤ ਸ਼ਕਤੀ ਸਰਵੇਖਣ ਅਨੁਸਾਰ 15 ਸਾਲ ਅਤੇ ਇਸ ਤੋਂ ਵੱਧ ਉਮਰ ਵਰਗ ਲਈ ਕਿਰਤ ਸ਼ਕਤੀ 'ਚ ਸ਼ਮੂਲੀਅਤ ਦੀ ਦਰ 55.4 ਫ਼ੀਸਦੀ, ਕਿਰਤ ਸ਼ਕਤੀ ਆਬਾਦੀ ਅਨੁਪਾਤ ਦਰ 52.5 ਫ਼ੀਸਦੀ ਤੇ ਬੇਰੁਜ਼ਗਾਰੀ ਦਰ 5.1 ਫ਼ੀਸਦੀ ਸੀ ਜਿਸ ਵਿੱਚ ਸ਼ਹਿਰੀ ਬੇਰੁਜ਼ਗਾਰੀ ਦਰ 6.7 ਫ਼ੀਸਦੀ ਤੇ ਪੇਂਡੂ 4.5 ਫ਼ੀਸਦੀ ਸੀ। ਇਹ ਅੰਕੜੇ ਦੱਸਦੇ ਹਨ ਕਿ ਕੁੱਲ ਘਰੇਲੂ ਉਤਪਾਦ ਨਾਲ ਰੁਜ਼ਗਾਰ ਦੇ ਅੰਕੜਿਆਂ ਨੂੰ ਵੀ ਦੇਖਣਾ ਜ਼ਰੂਰੀ ਹੈ। ਸਿਰਫ਼ ਕੁੱਲ ਘਰੇਲੂ ਉਤਪਾਦ ਵਧਣ ਨਾਲ ਇਹ ਪਤਾ ਨਹੀਂ ਲੱਗਦਾ ਕਿ ਰੁਜ਼ਗਾਰ ਦੇ ਕਿੰਨੇ ਨਵੇਂ ਮੌਕੇ ਪੈਦਾ ਹੋਏ, ਉਨ੍ਹਾਂ ਦੀ ਗੁਣਵੱਤਾ ਕੀ ਹੈ ਅਤੇ ਮਜ਼ਦੂਰਾਂ ਦੀ ਅਸਲ ਖ਼ਰੀਦ-ਸ਼ਕਤੀ ਕਿੰਨੀ ਵਧੀ ਹੈ।

ਭਾਰਤ ਵਿੱਚ ਲੋਕਾਂ ਦੀ ਆਰਥਿਕ ਸਥਿਤੀ ਨੂੰ ਸਮਝਣ ਲਈ ਘਰੇਲੂ ਖ਼ਪਤ ਖ਼ਰਚ ਸਰਵੇਖਣ ਬਹੁਤ ਮਹੱਤਵਪੂਰਨ ਹੈ। ਇਸ ਵਿੱਚ ਪਰਿਵਾਰਾਂ ਵੱਲੋਂ ਕੀਤੇ ਜਾਂਦੇ ਖ਼ਰਚੇ ਅਤੇ ਪ੍ਰਤੀ ਵਿਅਕਤੀ ਮਹੀਨਾਵਾਰ ਖ਼ਪਤ ਖ਼ਰਚੇ ਦਾ ਅਧਿਐਨ ਕੀਤਾ ਜਾਂਦਾ ਹੈ। ਘਰੇਲੂ ਖ਼ਪਤ ਖ਼ਰਚ ਸਰਵੇਖਣ ਦੇ ਅੰਕੜੇ ਗ਼ਰੀਬੀ, ਆਮਦਨ ਨਾਬਰਾਬਰੀਆਂ ਅਤੇ ਸਮਾਜਿਕ ਬੇਦਖ਼ਲ ਨੂੰ ਸਮਝਣ ਲਈ ਬਹੁਤ ਕਾਰਗਰ ਹੁੰਦੇ ਹਨ। 2023-24 ਦੇ ਘਰੇਲੂ ਖ਼ਪਤ ਖ਼ਰਚ ਸਰਵੇਖਣ ਵਿੱਚ ਖ਼ਪਤ ਦੀ ਅਸਮਾਨਤਾ ਵਿੱਚ ਕਮੀ ਦਰਜ ਕੀਤੀ ਗਈ। ਪੇਂਡੂ ਭਾਰਤ ਵਿੱਚ ਗਿੰਨੀ ਸੂਚਕ 0.237 ਜਦੋਂਕਿ ਸ਼ਹਿਰੀ ਭਾਰਤ ਵਿੱਚ 0.284 ਰਹੀ। 2022-23 ਵਿੱਚ ਇਹ ਕ੍ਰਮਵਾਰ 0.266 ਅਤੇ 0.314 ਸੀ। ਇਸ ਤੋਂ ਇੱਕ ਮਹੱਤਵਪੂਰਨ ਗੱਲ ਸਾਹਮਣੇ ਆਉਂਦੀ ਹੈ ਕਿ ਕੁੱਲ ਘਰੇਲੂ ਪੈਦਾਵਾਰ ਵਾਧੇ ਦੇ ਨਾਲ ਖ਼ਪਤ ਅਤੇ ਵੰਡ ਦੇ ਅੰਕੜਿਆਂ ਵਿੱਚ ਸੁਧਾਰ ਹੋ ਸਕਦਾ ਹੈ। ਇਸ ਲਈ ਇਹ ਕਹਿਣਾ ਵੀ ਠੀਕ ਨਹੀਂ ਹੋਵੇਗਾ ਕਿ ਕੁੱਲ ਘਰੇਲੂ ਪੈਦਾਵਾਰ ਵਧਣ ਦਾ ਲੋਕ ਭਲਾਈ ਨਾਲ ਕੋਈ ਸਬੰਧ ਨਹੀਂ ਹੈ। ਸਬੰਧ ਤਾਂ ਹੈ, ਪਰ ਸਿੱਧਾ ਅਤੇ ਇੱਕੋ-ਇੱਕ ਨਹੀਂ ਹੈ। ਭਾਰਤ ਨੇ ਪਿਛਲੇ ਦਹਾਕੇ ਵਿੱਚ ਕੁੱਲ ਘਰੇਲੂ ਪੈਦਾਵਾਰ ਵਿੱਚ ਵਾਧਾ ਕਰ ਕੇ ਗ਼ਰੀਬੀ ਘਟਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਹਨ, ਪਰ ਗ਼ਰੀਬੀ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਦੀ ਚੁਣੌਤੀ ਅਜੇ ਵੀ ਵੱਡੀ ਹੈ। ਵਿਸ਼ਵ ਬੈਂਕ ਦੀ ਅਪਰੈਲ 2026 ਦੀ ਰਿਪੋਰਟ ਅਨੁਸਾਰ 2023-24 ਵਿੱਚ 3 ਡਾਲਰ ਪ੍ਰਤੀ ਵਿਅਕਤੀ ਪ੍ਰਤੀ ਦਿਨ (2021 ਵਾਲੀ ਖ਼ਰੀਦ ਸ਼ਕਤੀ ਬਰਾਬਰ) ਵਾਲੀ ਅਤਿ ਗ਼ਰੀਬੀ ਦਰ ਘਟ ਕੇ 2.6 ਫ਼ੀਸਦੀ ਰਹਿ ਗਈ ਜਦੋਂਕਿ 4.20 ਡਾਲਰ ਵਾਲੀ ਹੇਠਲੇ-ਦਰਮਿਆਨੇ-ਆਮਦਨ ਗ਼ਰੀਬੀ ਰੇਖਾ ਅਧੀਨ ਆਉਂਦੀ ਗ਼ਰੀਬੀ ਦਰ 16.1 ਫ਼ੀਸਦੀ ਸੀ।

ਇਸ ਦਾ ਮਤਲਬ ਹੈ ਕਿ ਅਜੇ ਵੀ ਲਗਪਗ 23.2 ਕਰੋੜ ਲੋਕ ਗ਼ਰੀਬੀ ਰੇਖਾ ਤੋਂ ਹੇਠਾਂ ਹਨ। ਦੇਸ਼ 'ਚ ਪੇਂਡੂ ਅਤੇ ਸ਼ਹਿਰੀ ਗ਼ਰੀਬੀ ਵਿੱਚ ਵੀ ਵੱਡੇ ਪੱਧਰ 'ਤੇ ਫ਼ਰਕ ਹੈ। 2023-24 ਵਿੱਚ 4.20 ਡਾਲਰ ਮਾਪਦੰਡ ਅਨੁਸਾਰ ਪੇਂਡੂ ਗ਼ਰੀਬੀ ਦਰ 19.3 ਫ਼ੀਸਦੀ ਅਤੇ ਸ਼ਹਿਰੀ ਗ਼ਰੀਬੀ ਦਰ 8.6 ਫ਼ੀਸਦੀ ਸੀ। ਇਸ ਤੋਂ ਪਤਾ ਲੱਗਦਾ ਹੈ ਕਿ ਆਰਥਿਕ ਵਿਕਾਸ ਦੇ ਲਾਭ ਸਾਰੇ ਵਰਗਾਂ ਅਤੇ ਖੇਤਰਾਂ ਤੱਕ ਇਕਸਾਰ ਤੇ ਬਰਾਬਰ ਨਹੀਂ ਪਹੁੰਚੇ। ਦੇਸ਼ ਵਿੱਚ ਬਹੁ-ਪਰਤੀ ਗ਼ਰੀਬੀ ਦੇ ਪੱਧਰ 'ਚ ਵੀ ਕੁਝ ਸੁਧਾਰ ਹੋਇਆ ਹੈ। ਨੀਤੀ ਆਯੋਗ ਅਨੁਸਾਰ ਇਹ ਦਰ 2015-16 ਦੀ 24.8 ਫ਼ੀਸਦੀ ਤੋਂ ਘਟ ਕੇ 2019-21 ਵਿੱਚ 14.96 ਫ਼ੀਸਦੀ ਹੋ ਗਈ ਅਤੇ 2022-23 ਵਿੱਚ 11-12 ਫ਼ੀਸਦੀ ਸੀ। ਇਹ ਸਪੱਸ਼ਟ ਹੈ ਕਿ ਸਿਰਫ਼ ਕੁੱਲ ਘਰੇਲੂ ਪੈਦਾਵਾਰ ਵਿੱਚ ਵਾਧਾ, ਆਮਦਨ ਜਾਂ ਖ਼ਪਤ ਵਿੱਚ ਵਾਧੇ ਨੂੰ ਗ਼ਰੀਬੀ ਦਾ ਪੱਧਰ ਮਾਪਣ ਦਾ ਪੈਮਾਨਾ ਨਹੀਂ ਮੰਨਣਾ ਚਾਹੀਦਾ ਕਿਉਂਕਿ ਰੁਜ਼ਗਾਰ ਦੀ ਗੁਣਵੱਤਾ, ਮਹਿੰਗਾਈ ਦਰ, ਸਿਹਤ ਸਹੂਲਤਾਂ, ਸਿੱਖਿਆ ਦਾ ਮਿਆਰ, ਪੋਸ਼ਣ ਖ਼ਾਸ ਕਰਕੇ ਬੱਚਿਆਂ ਦਾ ਅਤੇ ਆਮਦਨ ਤੇ ਆਮਦਨ ਵਿੱਚ ਨਾਬਰਾਬਰੀ ਵੀ ਗ਼ਰੀਬੀ ਦੀ ਅਸਲ ਤਸਵੀਰ ਨਿਰਧਾਰਿਤ ਕਰਦੀਆਂ ਹਨ।

ਇਸ ਲਈ ਭਾਰਤ ਦੀ ਗ਼ਰੀਬੀ ਵਿੱਚ ਕਮੀ ਆਉਣਾ ਅਹਿਮ ਪ੍ਰਾਪਤੀ ਹੈ ਪਰ ਸਰਬਪੱਖੀ ਅਤੇ ਟਿਕਾਊ ਵਿਕਾਸ ਲਈ ਲਾਭਕਾਰੀ ਗੁਣਵੱਤਾ ਵਾਲੇ ਰੁਜ਼ਗਾਰ 'ਤੇ ਕੇਂਦਰਿਤ ਨੀਤੀਆਂ ਅਤੇ ਬੁਨਿਆਦੀ ਸੇਵਾਵਾਂ ਵਿੱਚ ਲਗਾਤਾਰ ਸੁਧਾਰ ਹੋਣਾ ਜ਼ਰੂਰੀ ਹੈ। ਭਾਰਤ ਵਰਗੇ ਵੱਡੇ ਅਤੇ ਵਿਭਿੰਨਤਾਵਾਂ ਭਰੇ ਦੇਸ਼ ਵਿੱਚ ਇਹ ਸਵਾਲ ਹੋਰ ਵੀ ਗੁੰਝਲਦਾਰ ਬਣ ਜਾਂਦਾ ਹੈ। ਭਾਰਤ ਵਿੱਚ ਖਿੱਤਿਆਂ, ਸੂਬਿਆਂ, ਪੇਂਡੂ ਅਤੇ ਸ਼ਹਿਰੀ ਇਲਾਕਿਆਂ, ਸਿੱਖਿਆ ਦੇ ਪੱਧਰ ਅਤੇ ਰੁਜ਼ਗਾਰ ਦੀਆਂ ਕਿਸਮਾਂ ਵਿੱਚ ਵੱਡਾ ਫ਼ਰਕ ਹੈ। ਜੇ ਕੁੱਲ ਘਰੇਲੂ ਉਤਪਾਦ ਵਿੱਚ ਵਾਧਾ ਮੁੱਖ ਤੌਰ 'ਤੇ ਉੱਚ ਉਤਪਾਦਕਤਾ ਵਾਲੇ ਖੇਤਰਾਂ ਵਿੱਚ ਹੁੰਦਾ ਹੈ ਅਤੇ ਘੱਟ ਹੁਨਰ ਵਾਲੇ ਮਜ਼ਦੂਰਾਂ ਦੀ ਆਮਦਨ ਹੌਲੀ ਤੇ ਘੱਟ ਵਧਦੀ ਹੈ ਤਾਂ ਕੁੱਲ ਘਰੇਲੂ ਪੈਦਾਵਾਰ ਦੀ ਤੇਜ਼ੀ ਅਤੇ ਲੋਕਾਂ ਵੱਲੋਂ ਮਹਿਸੂਸ ਕੀਤੀ ਗਈ ਆਰਥਿਕ ਭਲਾਈ ਵਿਚਕਾਰ ਫ਼ਰਕ ਰਹਿ ਸਕਦਾ ਹੈ। ਜੇ ਵਿਕਾਸ ਦੇ ਨਾਲ ਰੁਜ਼ਗਾਰ, ਉਜਰਤਾਂ, ਸਿੱਖਿਆ, ਸਿਹਤ, ਬੁਨਿਆਦੀ ਢਾਂਚਾ, ਸਮਾਜਿਕ ਸੁਰੱਖਿਆ ਅਤੇ ਗ਼ਰੀਬੀ ਵਿੱਚ ਸੁਧਾਰ ਹੁੰਦਾ ਹੈ ਤਾਂ ਕੁੱਲ ਘਰੇਲੂ ਪੈਦਾਵਾਰ ਵਾਧੇ ਨੂੰ ਵਿਆਪਕ ਲੋਕ ਭਲਾਈ ਵਿੱਚ ਬਦਲਿਆ ਜਾ ਸਕਦਾ ਹੈ। ਭਾਰਤ ਦੇ 2024-25 ਦੇ ਆਰਥਿਕ ਸਰਵੇਖਣ ਨੇ ਵੀ ਸਰਕਾਰੀ ਸਮਾਜਿਕ ਸੇਵਾਵਾਂ 'ਤੇ ਖ਼ਰਚ ਵਿੱਚ ਵਾਧੇ ਵੱਲ ਧਿਆਨ ਦਿਵਾਇਆ। ਸਰਵੇਖਣ ਮੁਤਾਬਿਕ ਕੇਂਦਰ ਅਤੇ ਰਾਜ ਸਰਕਾਰਾਂ ਦਾ ਸਰਕਾਰੀ ਸਮਾਜਿਕ ਸੇਵਾਵਾਂ ਉੱਪਰ ਖ਼ਰਚ ਵਿੱਤੀ ਸਾਲ 2021 ਵਿੱਚ 14.8 ਲੱਖ ਕਰੋੜ ਰੁਪਏ ਤੋਂ ਵਧ ਕੇ ਵਿੱਤੀ ਸਾਲ 2025 ਦੇ ਬਜਟ ਅਨੁਮਾਨਾਂ ਵਿੱਚ 25.7 ਲੱਖ ਕਰੋੜ ਰੁਪਏ ਹੋ ਗਿਆ।

ਭਾਰਤ ਦੀ ਆਰਥਿਕ ਤਰੱਕੀ ਦਾ ਮੁਲਾਂਕਣ ਕਰਨ ਲਈ ਕੁੱਲ ਘਰੇਲੂ ਉਤਪਾਦ ਅਹਿਮ ਪਰ ਅਧੂਰਾ ਸੂਚਕ ਹੈ। ਇੱਕ ਵਿਆਪਕ ਤਸਵੀਰ ਲਈ ਘੱਟੋ-ਘੱਟ ਹੇਠਲੇ ਪਹਿਲੂਆਂ ਨੂੰ ਇਕੱਠੇ ਦੇਖਣਾ ਚਾਹੀਦਾ ਹੈ। ਪਹਿਲਾ, ਕੁੱਲ ਘਰੇਲੂ ਉਤਪਾਦ ਦੀ ਅਸਲ ਉਤਪਾਦਨ ਵਾਧਾ ਦਰ; ਦੂਜਾ, ਪ੍ਰਤੀ ਵਿਅਕਤੀ ਆਮਦਨ ਵਿੱਚ ਵਾਧਾ; ਤੀਜਾ, ਵਿਕਾਸ ਨਾਲ ਰੁਜ਼ਗਾਰ ਅਤੇ ਕਿਰਤੀ ਦੀ ਆਮਦਨ ਵਿੱਚ ਅਸਲ ਵਾਧਾ; ਚੌਥਾ, ਪਰਿਵਾਰਾਂ ਦੀ ਅਸਲ ਖ਼ਪਤ ਅਤੇ ਜੀਵਨ ਪੱਧਰ ਵਿੱਚ ਵਾਧਾ; ਪੰਜਵਾਂ, ਹਰ ਤਰ੍ਹਾਂ ਦੀ ਗ਼ਰੀਬੀ ਵਿੱਚ ਕਿੰਨੀ ਕਮੀ ਆਈ, ਇਉਂ ਹੀ ਵਿਕਾਸ ਦਰ ਦੇ ਲਾਭਾਂ ਦੀ ਵੱਖ-ਵੱਖ ਖੇਤਰਾਂ ਤੇ ਲੋਕਾਂ ਵਿਚਕਾਰ ਵੰਡ ਕਿਵੇਂ ਹੋਈ ਅਤੇ ਮਨੁੱਖੀ ਪੂੰਜੀ ਵਿੱਚ ਕਿੰਨਾ ਸੁਧਾਰ ਦਰਜ ਕੀਤਾ ਗਿਆ; ਛੇਵਾਂ, ਕੀ ਵਿਕਾਸ ਦੇ ਲਾਭ ਸਾਰੇ ਸੂਬਿਆਂ ਅਤੇ ਪੇਂਡੂ-ਸ਼ਹਿਰੀ ਇਲਾਕਿਆਂ ਤੱਕ ਬਰਾਬਰ ਪਹੁੰਚ ਰਹੇ ਹਨ ਜਾਂ ਨਹੀਂ? ਭਾਰਤ ਦੀ 7.8 ਫ਼ੀਸਦੀ ਕੁੱਲ ਘਰੇਲੂ ਉਤਪਾਦ ਵਿਕਾਸ ਦਰ ਆਰਥਿਕ ਗਤੀਸ਼ੀਲਤਾ ਦਾ ਮਹੱਤਵਪੂਰਨ ਸੰਕੇਤ ਹੈ, ਪਰ ਇਸ ਅੰਕੜੇ ਤੋਂ ਭਾਰਤੀ ਲੋਕਾਂ ਦੀ ਸਮੁੱਚੀ ਭਲਾਈ ਬਾਰੇ ਪੂਰਾ ਨਤੀਜਾ ਕੱਢਣਾ ਠੀਕ ਨਹੀਂ ਹੋਵੇਗਾ। ਕੁਜ਼ਨੇਤਸ ਦੀ 1955 ਦੀ ਚਰਚਾ ਸਾਨੂੰ ਯਾਦ ਦਿਵਾਉਂਦੀ ਹੈ ਕਿ ਆਰਥਿਕ ਵਿਕਾਸ ਅਤੇ ਆਮਦਨ ਦੀ ਵੰਡ ਨੂੰ ਵੱਖਰਾ ਕਰਕੇ ਨਹੀਂ ਦੇਖਿਆ ਜਾ ਸਕਦਾ। ਕੁੱਲ ਘਰੇਲੂ ਉਤਪਾਦ ਦਾ ਵਾਧਾ ਆਰਥਿਕ ਸਰੋਤਾਂ ਦਾ ਆਕਾਰ ਵਧਾ ਸਕਦਾ ਹੈ, ਪਰ ਇਹ ਨਹੀਂ ਦੱਸਦਾ ਕਿ ਉਹ ਸਰੋਤ ਕਿਸ ਕੋਲ ਜਾਂਦੇ ਹਨ, ਕਿੰਨੇ ਨਵੇਂ ਮੌਕੇ ਪੈਦਾ ਹੁੰਦੇ ਹਨ ਅਤੇ ਆਮ ਨਾਗਰਿਕ ਦੀ ਜ਼ਿੰਦਗੀ 'ਚ ਕਿੰਨਾ ਸੁਧਾਰ ਹੁੰਦਾ ਹੈ?

ਅਜਿਹੇ 'ਚ ਭਾਰਤ ਲਈ ਅਸਲ ਚੁਣੌਤੀ ਸਿਰਫ਼ ਤੇਜ਼ ਆਰਥਿਕ ਵਿਕਾਸ ਨਹੀਂ ਸਗੋਂ ਅਜਿਹਾ ਵਿਕਾਸ ਹੈ, ਜਿਸ ਵਿੱਚ ਉਤਪਾਦਕਤਾ ਅਤੇ ਨਿਵੇਸ਼ ਦੇ ਨਾਲ ਰੁਜ਼ਗਾਰ, ਆਮਦਨ, ਖ਼ਪਤ, ਸਿਹਤ, ਸਿੱਖਿਆ, ਸਮਾਜਿਕ ਸੁਰੱਖਿਆ ਅਤੇ ਮੌਕਿਆਂ ਦੀ ਪਹੁੰਚ ਵੀ ਵਧੇ। ਦੂਜੇ ਸ਼ਬਦਾਂ ਵਿੱਚ ਕੁੱਲ ਘਰੇਲੂ ਪੈਦਾਵਾਰ ਨੂੰ ਮੰਜ਼ਿਲ ਦੀ ਬਜਾਏ ਵਿਕਾਸ ਦੀ ਸਮਰੱਥਾ ਦਾ ਅਹਿਮ ਸਾਧਨ ਸਮਝਣਾ ਵਧੇਰੇ ਉੱਚਿਤ ਹੈ। ਲੋਕ ਭਲਾਈ ਦਾ ਅੰਤਿਮ ਤੇ ਸਹੀ ਮੁਲਾਂਕਣ ਲੋੜੀਂਦੇ ਕਈ ਆਰਥਿਕ ਅਤੇ ਸਮਾਜਿਕ ਸੂਚਕਾਂ ਨੂੰ ਇਕੱਠਿਆਂ ਦੇਖ ਕੇ ਹੀ ਕੀਤਾ ਜਾ ਸਕਦਾ ਹੈ।

***ਸਾਬਕਾ ਪ੍ਰੋਫੈਸਰ ਅਤੇ ਡੀਨ, ਪੰਜਾਬੀ ਯੂਨੀਵਰਸਿਟੀ, ਪਟਿਆਲਾ।**

ਤਰੋਬੜੀ ਮਾਈਨਰ ਦੀ ਮੁਰੰਮਤ ਅਤੇ ਨਵੀਨੀਕਰਨ ਲਈ 25.89 ਕਰੋੜ, ਰੋੜਾਂਵਾਲੀ ਮਾਈਨਰ ਲਈ 1.25 ਕਰੋੜ ਰੁਪਏ ਜਾਰੀ

ਚੰਡੀਗੜ੍ਹ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਦੇ ਜਲਾਲਾਬਾਦ ਤੋਂ ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਨੇ ਪੰਜਾਬ ਵਿਧਾਨ ਸਭਾ ਵਿੱਚ ਜਲਾਲਾਬਾਦ ਅਤੇ ਫਾਜ਼ਿਲਕਾ ਇਲਾਕਿਆਂ ਵਿੱਚ ਨਹਿਰੀ ਪ੍ਰਬੰਧ, ਮਾਈਨਰਾਂ ਦੀ ਮੁਰੰਮਤ ਅਤੇ ਖਾਲਿਆਂ ਦੇ ਨਿਰਮਾਣ ਸਬੰਧੀ ਵਿਧਾਨ ਸਭਾ ਵਿੱਚ ਸਵਾਲ ਉਠਾਉਂਦਿਆਂ ਇਨ੍ਹਾਂ ਵਿਕਾਸ ਕਾਰਜਾਂ ਲਈ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕੀਤਾ।

ਵਿਧਾਇਕ ਗੋਲਡੀ ਕੰਬੋਜ ਨੇ ਕਿਹਾ ਕਿ ਇਲਾਕੇ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਨਹਿਰਾਂ, ਮਾਈਨਰਾਂ ਅਤੇ ਖਾਲਿਆਂ ਦੇ ਨਿਰਮਾਣ ਤੇ ਮੁਰੰਮਤ ਦੇ ਕੰਮ ਕੀਤੇ ਜਾ ਰਹੇ ਹਨ। ਇਨ੍ਹਾਂ ਯਤਨਾਂ ਸਦਕਾ ਕਈ ਅਜਿਹੇ ਇਲਾਕਿਆਂ ਵਿੱਚ ਵੀ ਨਹਿਰੀ ਪਾਣੀ ਪਹੁੰਚਿਆ ਹੈ, ਜਿੱਥੇ ਕਿਸਾਨ ਦਹਾਕਿਆਂ ਤੋਂ ਇਸ ਦੀ ਉਡੀਕ ਕਰ ਰਹੇ ਸਨ।

ਉਨ੍ਹਾਂ ਨੇ ਤਰੋਬੜੀ ਮਾਈਨਰ ਦੀ ਮੁਰੰਮਤ ਅਤੇ ਨਵੀਨੀਕਰਨ ਲਈ 25.89 ਕਰੋੜ ਰੁਪਏ ਅਤੇ ਰੋੜਾਂਵਾਲੀ ਮਾਈਨਰ ਲਈ 1.25 ਕਰੋੜ ਰੁਪਏ ਜਾਰੀ ਕਰਨ ਵਾਸਤੇ ਮੰਤਰੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਵਿਧਾਨ ਸਭਾ ਵਿੱਚ ਜਵਾਬ ਦਿੰਦਿਆਂ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਬਰਕਤਵਾਲਾ ਮਾਈਨਰ ਦਾ ਕੰਮ 8.39 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਜਾ ਚੁੱਕਾ ਹੈ, ਜਦਕਿ ਰੋੜਾਂਵਾਲੀ ਮਾਈਨਰ ਦਾ ਕੰਮ 8 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਤਰੋਵੜੀ ਮਾਈਨਰ ਦਾ 25.89 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਵੀ ਜਾਰੀ ਹੈ।

ਮੰਤਰੀ ਨੇ ਦੱਸਿਆ ਕਿ ਜਲਾਲਾਬਾਦ ਦੇ ਕਈ ਅਜਿਹੇ ਇਲਾਕਿਆਂ ਵਿੱਚ ਵੀ ਨਹਿਰੀ ਪਾਣੀ ਪਹੁੰਚਿਆ ਹੈ, ਜਿੱਥੇ ਲੋਕਾਂ ਨੂੰ ਕਦੇ ਉਮੀਦ ਨਹੀਂ ਸੀ ਕਿ ਉਨ੍ਹਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚ ਸਕੇਗਾ। ਚੌਧਰੀਵਾਲਾ ਅਤੇ ਸੇਲੇਵਾਲਾ ਮਾਈਨਰਾਂ ਦੇ ਇਲਾਕਿਆਂ ਵਿੱਚ ਲਗਭਗ 65 ਸਾਲਾਂ ਬਾਅਦ ਨਹਿਰੀ ਪਾਣੀ ਪਹੁੰਚਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਲੰਮੇ ਸਮੇਂ ਤੋਂ ਲਟਕਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਪੰਜਾਬ ਸਰਕਾਰ ਵੱਲੋਂ ਠੋਸ ਕਦਮ ਚੁੱਕੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਛੇ ਨਹਿਰਾਂ ਦੀ ਕੰਕਰੀਟ ਲਾਈਨਿੰਗ ਦਾ ਕੰਮ 54.23 ਕਰੋੜ ਰੁਪਏ ਦੀ ਲਾਗਤ ਨਾਲ ਕੀਤਾ ਗਿਆ ਹੈ। ਇਸ ਤੋਂ ਇਲਾਵਾ 15.98 ਕਰੋੜ ਰੁਪਏ ਦੀ ਲਾਗਤ ਨਾਲ 32 ਖਾਲਿਆਂ ਦਾ ਨਿਰਮਾਣ ਕੀਤਾ ਗਿਆ ਹੈ, ਜਦਕਿ 20 ਕਰੋੜ ਰੁਪਏ ਦੀ ਲਾਗਤ ਨਾਲ 31 ਹੋਰ ਖਾਲਿਆਂ ਦਾ ਕੰਮ ਜਾਰੀ ਹੈ।

ਮੰਤਰੀ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਨਹਿਰਾਂ, ਮਾਈਨਰਾਂ ਅਤੇ ਖਾਲਿਆਂ ਨਾਲ ਸਬੰਧਤ ਮੁਕੰਮਲ ਹੋ ਚੁੱਕੇ ਅਤੇ ਜਾਰੀ ਵਿਕਾਸ ਕਾਰਜਾਂ 'ਤੇ ਕੁੱਲ 90 ਕਰੋੜ 21 ਲੱਖ ਰੁਪਏ ਖਰਚੇ ਜਾ ਰਹੇ ਹਨ। ਇਨ੍ਹਾਂ ਪ੍ਰਾਜੈਕਟਾਂ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਸਿੰਜਾਈ ਲਈ ਪਾਣੀ ਦੀ ਬਿਹਤਰ ਸਹੂਲਤ ਮੁਹੱਈਆ ਕਰਵਾਉਣਾ ਅਤੇ ਨਹਿਰੀ ਪ੍ਰਬੰਧ ਨੂੰ ਮਜ਼ਬੂਤ ਕਰਨਾ ਹੈ।

ਵਿਧਾਇਕ ਗੋਲਡੀ ਕੰਬੋਜ ਨੇ ਪਿੰਡ ਜੈਮਲਵਾਲਾ ਨੇੜੇ 9.88 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਗਏ ਮੰਜ਼ਮ ਪੁਲ ਦਾ ਵੀ ਸਵਾਗਤ ਕੀਤਾ। ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ ਨਾਲ ਸਬੰਧਤ ਇਸ ਪਿੰਡ ਦੇ ਲੋਕਾਂ ਨੂੰ ਪਹਿਲਾਂ ਆਪਣੀ ਮੰਜ਼ਿਲ ਤੱਕ ਪਹੁੰਚਣ ਲਈ ਲਗਭਗ 12 ਕਿਲੋਮੀਟਰ ਵਾਧੂ ਸਫ਼ਰ ਕਰਨਾ ਪੈਂਦਾ ਸੀ। ਪੁਲ ਦੀ ਉਸਾਰੀ ਨਾਲ ਲੋਕਾਂ ਨੂੰ ਇਸ ਸਮੱਸਿਆ ਤੋਂ ਰਾਹਤ ਮਿਲੀ ਹੈ।

ਵਿਧਾਇਕ ਗੋਲਡੀ ਕੰਬੋਜ ਨੇ ਕਿਹਾ ਕਿ ਜਲਾਲਾਬਾਦ ਅਤੇ ਫਾਜ਼ਿਲਕਾ ਇਲਾਕਿਆਂ ਵਿੱਚ ਨਹਿਰੀ ਪ੍ਰਬੰਧ ਨੂੰ ਮਜ਼ਬੂਤ ਕਰਨ, ਕਿਸਾਨਾਂ ਦੇ ਖੇਤਾਂ ਤੱਕ ਪਾਣੀ ਪਹੁੰਚਾਉਣ ਅਤੇ ਪੇਂਡੂ ਸੰਪਰਕ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਇਹ ਕੰਮ ਸ਼ਲਾਘਾਯੋਗ ਹਨ।

ਉਨ੍ਹਾਂ ਨੇ ਇਨ੍ਹਾਂ ਲੰਮੇ ਸਮੇਂ ਤੋਂ ਲਟਕਦੀਆਂ ਸਮੱਸਿਆਵਾਂ ਦੇ ਹੱਲ ਲਈ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਪ੍ਰਾਜੈਕਟਾਂ ਨਾਲ ਕਿਸਾਨਾਂ ਅਤੇ ਪੇਂਡੂ ਲੋਕਾਂ ਨੂੰ ਵੱਡਾ ਲਾਭ ਮਿਲੇਗਾ।

ਇਨ੍ਹਾਂ ਪ੍ਰਾਜੈਕਟਾਂ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਸਿੰਜਾਈ ਲਈ ਪਾਣੀ ਦੀ ਬਿਹਤਰ ਸਹੂਲਤ ਮੁਹੱਈਆ ਕਰਵਾਉਣਾ ਅਤੇ ਨਹਿਰੀ ਪ੍ਰਬੰਧ ਨੂੰ ਮਜ਼ਬੂਤ ਕਰਨਾ ਹੈ।

ਚੋਣਾਂ ਤੋਂ ਪਹਿਲਾਂ ਕਤਲਾਂ, ਨਸ਼ਾ ਤਸਕਰੀ ਅਤੇ ਗੈਂਗਸਟਰਾਂ ਨਾਲ ਜੂਝ ਰਿਹੈ ਸੂਬਾ

ਚੰਡੀਗੜ੍ਹ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੰਭਾਵੀ 2027 ਪੰਜਾਬ ਵਿਧਾਨ ਸਭਾ ਚੋਣਾਂ ਤੋਂ ਮਹਿਜ਼ ਕੁੱਝ ਮਹੀਨੇ ਪਹਿਲਾਂ, ਅਕਤੂਬਰ ਦਾ ਮਹੀਨਾ ਆਪ (11♦) ਸਰਕਾਰ ਅਤੇ ਪੰਜਾਬ ਪੁਲੀਸ ਲਈ ਅਮਨ-ਕਾਨੂੰਨ ਦੀ ਵਿਵਸਥਾ ਬਣਾਏ ਰੱਖਣ ਵਾਸਤੇ ਸਭ ਤੋਂ ਚੁਣੌਤੀਪੂਰਨ ਮਹੀਨਿਆਂ ਵਿੱਚੋਂ ਇੱਕ ਸਾਬਤ ਹੋਇਆ ਹੈ। ਸਨਸਨੀਖੇਜ਼ ਕਤਲਾਂ, ਨਸ਼ਿਆਂ ਨਾਲ ਜੁੜੀਆਂ ਸ਼ੱਕੀ ਮੌਤਾਂ, ਗੈਂਗ ਨਾਲ ਸਬੰਧਤ ਘਟਨਾਵਾਂ ਅਤੇ ਰਾਜ ਪੱਧਰੀ ਰੋਸ ਪ੍ਰਦਰਸ਼ਨਾਂ ਨੇ ਰਾਜ ਨੂੰ ਹਿਲਾ ਕੇ ਰੱਖ ਦਿੱਤਾ।

ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਲੈ ਕੇ ਪਟਿਆਲਾ-ਸੰਗਰੂਰ ਹਾਈਵੇਅ @ਤੇ ਨਵਾਬ ਖ਼ਾਨ ਦੇ ਅਗਵਾ ਅਤੇ ਕਤਲ ਤੱਕ, ਅੰਮ੍ਰਿਤਸਰ ਵਿੱਚ ਸਕੂਟਰ ਪਾਰਕਿੰਗ ਦੇ ਵਿਵਾਦ ਨੂੰ ਲੈ ਕੇ ਅਮਿਤ ਸਭਰਵਾਲ ਦੀ ਗੋਲੀ ਮਾਰ ਕੇ ਹੱਤਿਆ ਤੋਂ ਲੈ ਕੇ ਲੁਧਿਆਣਾ ਅਤੇ ਬਠਿੰਡਾ ਵਿੱਚ ਸਾਬਕਾ ਸਰਪੰਚਾਂ ਦੇ ਕਤਲ ਤੱਕ, ਅਕਤੂਬਰ ਵਿੱਚ ਪੂਰੇ ਪੰਜਾਬ ਵਿੱਚ ਸਨਸਨੀਖੇਜ਼ ਅਪਰਾਧਾਂ ਦੀ ਲੜੀ ਦੇਖਣ ਨੂੰ ਮਿਲੀ।

ਪੰਜਾਬ ਪੁਲੀਸ ਨੇ ਪ੍ਰਮੁੱਖ ਕਤਲ ਕੇਸਾਂ ਵਿੱਚ ਤੁਰੰਤ ਕਈ ਗ੍ਰਿਫ਼ਤਾਰੀਆਂ ਅਤੇ ਸੰਗਠਿਤ ਅਪਰਾਧ ਵਿਰੁੱਧ ਲਗਾਤਾਰ ਕਾਰਵਾਈ ਦਾ ਹਵਾਲਾ ਦਿੰਦਿਆਂ ਆਪਣਾ ਬਚਾਅ ਕੀਤਾ ਹੈ। ਇੱਕ ਸੀਨੀਅਰ ਅਧਿਕਾਰੀ ਨੇ ਵਿਰੋਧੀ ਧਿਰਾਂ @ਤੇ ਚੋਣਾਂ ਤੋਂ ਪਹਿਲਾਂ ਪ੍ਰਦਰਸ਼ਨਾਂ ਨੂੰ ਤੂਲ ਦੇਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਜ਼ਿਆਦਾਤਰ ਕਤਲ ਨਿੱਜੀ ਰੰਜਿਸ਼ ਕਾਰਨ ਹੋਏ ਹਨ, ਨਾ ਕਿ ਸੰਗਠਿਤ ਅਪਰਾਧ ਕਾਰਨ।

ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਝੋਟਾ ਕਤਲ ਕੇਸ ਵਿੱਚ ਮੁੱਖ ਮੁਲਜ਼ਮ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੁਲੀਸ ਨੇ ਕਥਿਤ ਹਥਿਆਰ ਤਸਕਰਾਂ, ਭੱਤਾ ਵਸੂਲੀ ਦੇ ਸ਼ੱਕੀਆਂ ਅਤੇ ਸਰਹੱਦ ਪਾਰ ਸਮਗਲਿੰਗ ਨੈੱਟਵਰਕਾਂ ਵਿਰੁੱਧ ਕਾਰਵਾਈ ਨੂੰ ਵੀ ਉਜਾਗਰ ਕੀਤਾ ਹੈ। ਤਫ਼ਤੀਸ਼ਕਾਰਾਂ ਦਾ ਦਾਅਵਾ ਹੈ ਕਿ ਮਹੀਨੇ ਦੌਰਾਨ ਰਿਪੋਰਟ ਕੀਤੇ ਗਏ ਵੱਡੇ ਮਾਮਲੇ ਤਾਂ ਸੁਲਝਾ ਲਏ ਗਏ ਹਨ ਜਾਂ ਉਨ੍ਹਾਂ ਵਿੱਚ ਅਹਿਮ ਪ੍ਰਗਤੀ ਹੋਈ ਹੈ।

ਮਹੀਨੇ ਦੀ ਸ਼ੁਰੂਆਤ 3 ਅਕਤੂਬਰ ਨੂੰ ਹਿੰਸਕ ਮੋੜ ਨਾਲ ਹੋਈ। ਸਾਬਕਾ ਸਰਪੰਚ ਨਵਤੇਜ ਸਿੰਘ ਨੀਟੂ ਦੀ ਲੁਧਿਆਣਾ ਨੇੜੇ ਖੇਤਾਂ ਤੋਂ ਪਰਤਦਿਆਂ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਤਫ਼ਤੀਸ਼ਕਾਰਾਂ ਨੇ ਇਸ ਕਤਲ ਨੂੰ ਜ਼ਮੀਨ ਦੇ ਚੱਲ ਰਹੇ ਪੁਰਾਣੇ ਵਿਵਾਦ ਨਾਲ ਜੋੜਿਆ। ਉਸੇ ਦਿਨ ਬਠਿੰਡਾ ਜ਼ਿਲ੍ਹੇ ਵਿੱਚ ਸਾਬਕਾ ਸਰਪੰਚ ਜਗਤਾਰ ਸਿੰਘ ਉਰਫ਼ ਤਾਰਾ ਦਾ ਕੁਹਾੜੀ ਮਾਰ ਕੇ ਕਤਲ ਕਰ ਦਿੱਤਾ ਗਿਆ। 3 ਅਕਤੂਬਰ ਨੂੰ ਹੀ ਅਹਿਮਦਗੜ੍ਹ ਦੀ ਰਹਿਣ ਵਾਲੀ ਕਬਾੜ ਇਕੱਠਾ ਕਰਨ ਵਾਲੀ ਔਰਤ ਸੁਨੀਤਾ ਦਾ ਅਣਪਛਾਤੇ ਹਮਲਾਵਰਾਂ ਵੱਲੋਂ ਕਤਲ ਕਰ ਦਿੱਤਾ ਗਿਆ, ਜਿਸ ਵਿੱਚ ਤਫ਼ਤੀਸ਼ਕਾਰਾਂ ਨੇ ਹਮਲੇ ਪਿੱਛੇ ਪੁਰਾਣੀ ਰੰਜਿਸ਼ ਦਾ ਖ਼ਦਸ਼ਾ ਜਤਾਇਆ।

ਸਭ ਤੋਂ ਵੱਡੀ ਚੁਣੌਤੀ 13 ਅਕਤੂਬਰ ਨੂੰ ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦਾ ਕਤਲ ਬਣੀ ਹੋਈ ਹੈ। ਨਸ਼ੀਲੀਆਂ ਦਵਾਈਆਂ ਦੀ ਵਿਕਰੀ ਅਤੇ ਵਰਤੋਂ ਵਿਰੁੱਧ ਮੁਹਿੰਮ ਚਲਾਉਣ ਲਈ ਜਾਣੇ ਜਾਂਦੇ ਝੋਟਾ ਦਾ ਦਿਨ-ਦਿਹਾੜੇ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ, ਜਿਸ ਨਾਲ ਰੋਸ ਪ੍ਰਦਰਸ਼ਨ, ਜਾਮ ਅਤੇ @ਪੰਜਾਬ ਬੰਦ@ ਦੀ ਸਥਿਤੀ ਬਣ ਗਈ।

ਨਸ਼ਿਆਂ ਨਾਲ ਜੁੜੀਆਂ ਮੌਤਾਂ ਦੇ ਦੋਸ਼ਾਂ ਨੇ ਜਨਤਕ ਰੋਹ ਨੂੰ ਹੋਰ ਭੜਕਾਇਆ। ਝੋਟਾ ਦੇ ਕਤਲ ਵਿਰੁੱਧ ਪ੍ਰਦਰਸ਼ਨਾਂ ਦੌਰਾਨ ਲੁਧਿਆਣਾ ਵਿੱਚ ਪ੍ਰਦਰਸ਼ਨਕਾਰੀਆਂ ਨੇ ਇੱਕ ਮੈਡੀਕਲ ਸਟੋਰ ਦੀ ਭੰਨਤੋੜ ਕੀਤੀ ਅਤੇ ਦੋਸ਼ ਲਾਇਆ ਕਿ ਉੱਥੇ ਵੇਚੀਆਂ ਜਾਂਦੀਆਂ ਨਸ਼ੀਲੀਆਂ ਦਵਾਈਆਂ ਨੇ ਨੌਜਵਾਨ ਸਾਹਿਲ ਦੀ ਮੌਤ ਵਿੱਚ ਯੋਗਦਾਨ ਪਾਇਆ। ਅੰਮ੍ਰਿਤਸਰ ਵਿੱਚ ਮਹੀਨੇ ਦੌਰਾਨ ਕਈ ਸਨਸਨੀਖੇਜ਼ ਅਪਰਾਧ ਦੇਖਣ ਨੂੰ ਮਿਲੇ। 18 ਅਕਤੂਬਰ ਨੂੰ ਰਾਮ ਨਗਰ ਕਾਲੋਨੀ ਸਥਿਤ ਰਿਹਾਇਸ਼ ਤੋਂ ਗੀਤੂ ਅਤੇ ਉਸ ਦੇ ਪੁੱਤਰ ਗੌਰਵ ਕੁਮਾਰ ਦੀਆਂ ਲਾਸ਼ਾਂ ਬਰਾਮਦ ਹੋਈਆਂ। ਪੁਲੀਸ ਨੇ ਬਾਅਦ ਵਿੱਚ ਦੋਹਰੇ ਕਤਲ ਕਾਂਡ ਵਿੱਚ ਗੌਰਵ ਦੀ ਪਤਨੀ ਮਨੀਸ਼ਾ ਨੂੰ ਗ੍ਰਿਫ਼ਤਾਰ ਕਰ ਲਿਆ। ਕੁਝ ਦਿਨਾਂ ਬਾਅਦ ਨੌਜਵਾਨ ਅਮਿਤ ਸਭਰਵਾਲ ਦੀ ਸਕੂਟਰ ਪਾਰਕਿੰਗ ਦੇ ਵਿਵਾਦ ਨੂੰ ਲੈ ਕੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। 26 ਅਕਤੂਬਰ ਨੂੰ ਅੰਮ੍ਰਿਤਸਰ ਦਿਹਾਤੀ ਵਿੱਚ ਆਪ ਆਗੂ ਦੇ ਭਰਾ ਤੀਰਥ ਸਿੰਘ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ, ਜਦੋਂ ਕਿ ਉਸੇ ਹਮਲੇ ਵਿੱਚ ਰਣਜੀਤ ਸਿੰਘ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਿਆ। ਪਟਿਆਲਾ-ਸੰਗਰੂਰ ਖੇਤਰ ਵਿੱਚ ਵੀ ਇੱਕ ਖ਼ੌਫ਼ਨਾਕ ਅਪਰਾਧ ਦੇਖਣ ਨੂੰ ਮਿਲਿਆ ਜਦੋਂ ਨਵਾਬ ਖ਼ਾਨ ਦੇ ਮੋਟਰਸਾਈਕਲ ਨੂੰ ਇੱਕ ਐੱਸਯੂਵੀ ਨੇ ਟੱਕਰ ਮਾਰ ਦਿੱਤੀ ਅਤੇ ਉਸ ਨੂੰ ਅਗਵਾ ਕਰ ਲਿਆ ਗਿਆ, ਬਾਅਦ ਵਿੱਚ ਸੰਗਰੂਰ ਜ਼ਿਲ੍ਹੇ ਵਿੱਚ ਉਸ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ।

ਨੌਜਵਾਨ ਲੋਕਤੰਤਰ ਦੀ ਮਜ਼ਬੂਤੀ ਦਾ ਆਧਾਰ, ਹਰ ਯੋਗ ਨਾਗਰਿਕ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਏ: ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪਟਿਆਲਾ

ਪਟਿਆਲਾ, 30 ਅਕਤੂਬਰ
-ਛਤਰਪਾਲ ਸਿੰਘ-

ਜ਼ਿਲ੍ਹਾ ਸਵੀਪ ਨੋਡਲ ਅਫ਼ਸਰ, ਪਟਿਆਲਾ-ਕਮ-ਪ੍ਰਿੰਸੀਪਲ, ਸਰਕਾਰੀ ਗਰਲਜ਼ ਕਾਲਜ ਡਾ. ਸਵਿੰਦਰ ਸਿੰਘ ਰੇਖੀ, ਸਵੀਪ ਨੋਡਲ ਅਫ਼ਸਰ 115-ਪਟਿਆਲਾ ਰੁਪਿੰਦਰ ਸਿੰਘ ਅਤੇ ਪ੍ਰੋ. ਜਗਤਾਰ ਸਿੰਘ ਨੇ ਖ਼ਾਲਸਾ ਕਾਲਜ ਪਟਿਆਲਾ ਵਿਖੇ ਚੱਲ ਰਹੇ ਖੇਤਰੀ ਯੁਵਕ ਮੇਲੇ ਦੌਰਾਨ ਨੌਜਵਾਨਾਂ ਨੂੰ ਲੋਕਤੰਤਰ ਦੀ ਮਜ਼ਬੂਤੀ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਹਰ ਯੋਗ ਨਾਗਰਿਕ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹੋਣ ਦੇ ਨਾਲ-ਨਾਲ ਵਰਤਮਾਨ ਦੀ ਮਹੱਤਵਪੂਰਨ ਤਾਕਤ ਵੀ ਹਨ। ਨੌਜਵਾਨਾਂ ਦੀ ਜਾਗਰੂਕਤਾ, ਸੋਚ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਭਾਗੀਦਾਰੀ ਦੇਸ਼ ਦੇ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਂਦੀ ਹੈ। ਵੋਟ ਦਾ ਅਧਿਕਾਰ ਹਰ ਯੋਗ ਨਾਗਰਿਕ ਨੂੰ ਆਪਣੀ ਆਵਾਜ਼ ਬੁਲੰਦ ਕਰਨ ਦਾ ਮੌਕਾ ਦਿੰਦਾ ਹੈ ਅਤੇ ਵੋਟ ਪਾਉਣਾ ਇੱਕ ਮਹੱਤਵਪੂਰਨ ਨਾਗਰਿਕ ਜ਼ਿੰਮੇਵਾਰੀ ਵੀ ਹੈ।

ਉਨ੍ਹਾਂ ਵਿਸ਼ੇਸ਼ ਤੌਰ 'ਤੇ ਅਪੀਲ ਕੀਤੀ ਕਿ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸਾਰੇ ਯੋਗ ਨੌਜਵਾਨ ਆਪਣੀ ਵੋਟਰ ਰਜਿਸਟ੍ਰੇਸ਼ਨ ਜ਼ਰੂਰ ਕਰਵਾਉਣ ਅਤੇ 100 ਫ਼ੀਸਦੀ ਵੋਟਰ ਰਜਿਸਟ੍ਰੇਸ਼ਨ ਦੇ ਟੀਚੇ ਦੀ ਪ੍ਰਾਪਤੀ ਵਿੱਚ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਜਿਹੜੇ ਨੌਜਵਾਨ ਅਜੇ 18 ਸਾਲ ਦੀ ਉਮਰ ਪੂਰੀ ਨਹੀਂ ਕਰ ਸਕੇ, ਉਹ ਵੀ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੋਟਰ ਜਾਗਰੂਕਤਾ ਦਾ ਸੰਦੇਸ਼ ਦੇ ਸਕਦੇ ਹਨ।

ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਨੇ ਚੋਣ ਕਮਿਸ਼ਨ ਦੀਆਂ ਡਿਜੀਟਲ ਸਹੂਲਤਾਂ ਬਾਰੇ ਜਾਣਕਾਰੀ ਦਿੰਦਿਆਂ ਨੌਜਵਾਨਾਂ ਨੂੰ ਈਸੀਆਈ ਵੋਟਰ ਹੈਲਪਲਾਈਨ ਐਪ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਇਸ ਐਪ ਰਾਹੀਂ ਵੋਟਰ ਰਜਿਸਟ੍ਰੇਸ਼ਨ, ਵੋਟਰ ਸੂਚੀ ਵਿੱਚ ਆਪਣਾ ਨਾਮ ਚੈੱਕ ਕਰਨ ਅਤੇ ਚੋਣਾਂ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਦੀ ਜਾਣਕਾਰੀ ਪ੍ਰਾਪਤ ਕਰਨ ਵਿੱਚ ਸਹਾਇਤਾ ਮਿਲਦੀ ਹੈ।

ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮੋਬਾਈਲ ਫ਼ੋਨਾਂ ਵਿੱਚ ਚੋਣ ਕਮਿਸ਼ਨ ਦੀ ਅਧਿਕਾਰਤ ਐਪ ਇੰਸਟਾਲ ਕਰਨ ਅਤੇ ਇਸ ਬਾਰੇ ਆਪਣੇ ਸਾਥੀਆਂ ਨੂੰ ਵੀ ਜਾਗਰੂਕ ਕਰਨ, ਤਾਂ ਜੋ ਕੋਈ ਵੀ ਯੋਗ ਨਾਗਰਿਕ ਜਾਣਕਾਰੀ ਦੀ ਘਾਟ ਕਾਰਨ ਰਜਿਸਟ੍ਰੇਸ਼ਨ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਵਿਦਿਆਰਥੀਆਂ ਨੂੰ ਕਾਲਜਾਂ ਵਿੱਚ ਸਥਾਪਿਤ ਈਐਲਸੀ (ਚੋਣ ਸਾਖਰਤਾ ਕਲੱਬ) ਦੇ ਮੈਂਬਰ ਅਤੇ ਵਲੰਟੀਅਰ ਬਣਨ ਦਾ ਸੱਦਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਈਐਲਸੀ ਰਾਹੀਂ ਵਿਦਿਆਰਥੀ ਵੋਟਰ ਜਾਗਰੂਕਤਾ ਗਤੀਵਿਧੀਆਂ, ਪੋਸਟਰ ਮੇਕਿੰਗ, ਨਾਅਰੇ ਲਿਖਣ, ਰੈਲੀਆਂ, ਨੁੱਕੜ ਨਾਟਕਾਂ ਅਤੇ ਸੋਸ਼ਲ ਮੀਡੀਆ ਮੁਹਿੰਮਾਂ ਵਿੱਚ ਹਿੱਸਾ ਲੈ ਕੇ ਲੋਕਾਂ ਨੂੰ ਵੋਟ ਦੇ ਅਧਿਕਾਰ ਅਤੇ ਵੋਟਰ ਰਜਿਸਟ੍ਰੇਸ਼ਨ ਦੀ ਮਹੱਤਤਾ ਬਾਰੇ ਜਾਗਰੂਕ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਹਰੇਕ ਵਿਦਿਆਰਥੀ ਦਾ ਛੋਟਾ ਜਿਹਾ ਉਪਰਾਲਾ ਵੀ ਕਿਸੇ ਯੋਗ ਨੌਜਵਾਨ ਨੂੰ ਵੋਟਰ ਵਜੋਂ ਰਜਿਸਟਰ ਹੋਣ ਲਈ ਪ੍ਰੇਰਿਤ ਕਰ ਸਕਦਾ ਹੈ। ਇਸ ਲਈ ਨੌਜਵਾਨਾਂ ਨੂੰ ਚਾਹੀਦਾ ਹੈ ਕਿ ਉਹ ਸਿਰਫ਼ ਆਪਣੇ ਆਪ ਤੱਕ ਹੀ ਸੀਮਤ ਨਾ ਰਹਿਣ, ਸਗੋਂ ਆਪਣੇ ਪਰਿਵਾਰਾਂ, ਦੋਸਤਾਂ ਅਤੇ ਸਮਾਜ ਵਿੱਚ ਵੀ ਵੋਟਰ ਜਾਗਰੂਕਤਾ ਦਾ ਸੰਦੇਸ਼ ਫੈਲਾਉਣ।

ਅੰਤ ਵਿੱਚ ਪ੍ਰੋ. ਰੇਖੀ ਨੇ ਕਿਹਾ ਕਿ ਜਾਗਰੂਕ ਵੋਟਰ, ਮਜ਼ਬੂਤ ਲੋਕਤੰਤਰ ਦੀ ਨੀਂਹ ਹਨ। ਹਰ ਯੋਗ ਨਾਗਰਿਕ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਅਤੇ ਚੋਣ ਪ੍ਰਕਿਰਿਆ ਵਿੱਚ ਜ਼ਿੰਮੇਵਾਰ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਨੌਜਵਾਨਾਂ ਦੀ ਸਰਗਰਮ ਭੂਮਿਕਾ ਬੇਹੱਦ ਮਹੱਤਵਪੂਰਨ ਹੈ।

ਪੋਲੀਟਿਕਸ

ਪ੍ਰਭਾਰੀ ਸਕੱਤਰ ਗੀਤੂ ਅਗਰਵਾਲ ਵੱਲੋਂ ਬੱਸੀ ਪਠਾਣਾ ਅਤੇ ਨੰਦਪੁਰ ਕਲੌੜ ਦੀ ਮੰਡੀਆਂ 'ਚ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਫ਼ਤਹਿਗੜ੍ਹ ਸਾਹਿਬ, 30 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

: ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਲਈ ਨਿਯੁਕਤ ਪ੍ਰਭਾਰੀ ਸਕੱਤਰ ਸ੍ਰੀਮਤੀ ਗੀਤੂ ਅਗਰਵਾਲ, ਆਈ.ਏ.ਐਸ. ਵੱਲੋਂ ਅਨਾਜ ਮੰਡੀ ਬੱਸੀ ਪਠਾਣਾ ਅਤੇ ਨੰਦਪੁਰ ਕਲੌੜ ਦਾ ਅਚਨਚੇਤ ਦੌਰਾ ਕਰਕੇ ਝੋਨੇ ਦੀ ਖਰੀਦ, ਲਿਫਟਿੰਗ ਅਤੇ ਕਿਸਾਨਾਂ ਦੀ ਖਰੀਦ ਕੀਤੀ ਫ਼ਸਲ ਦੀ ਅਦਾਇਗੀ ਸਮੇਤ ਹੋਰ ਪ੍ਰਬੰਧਾਂ ਦਾ ਜਾਇਜ਼ਾ ਲਿਆ। ਸ੍ਰੀਮਤੀ ਗੀਤੂ ਅਗਰਵਾਲ ਵੱਲੋਂ ਮੰਡੀਆਂ ਵਿੱਚ ਪਹੁੰਚੇ ਝੋਨੇ ਦੀ ਨਮੀ ਦੀ ਜਾਂਚ ਕੀਤੀ ਅਤੇ ਖਰੀਦ ਪ੍ਰਕਿਰਿਆ ਨਾਲ ਜੁੜੇ ਅਧਿਕਾਰੀਆਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੰਡੀਆਂ ਵਿੱਚ ਆਉਣ ਵਾਲੇ ਝੋਨੇ ਨੂੰ ਸਮਾਂਬੱਧ ਢੰਗ ਨਾਲ ਖਰੀਦ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਸਮੂਹ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣੀ ਚਾਹੀਦੀ ਅਤੇ ਖਰੀਦੀ ਗਈ ਫ਼ਸਲ ਦੀ ਲਿਫਟਿੰਗ ਤੇ ਕਿਸਾਨਾਂ ਨੂੰ ਅਦਾਇਗੀ ਨਿਰਧਾਰਤ ਸਮੇਂ ਅੰਦਰ ਯਕੀਨੀ ਬਣਾਈ ਜਾਵੇ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫ਼ਸਲ ਪੂਰੀ ਤਰ੍ਹਾਂ ਸੁੱਕਾ ਕੇ ਅਤੇ ਨਿਰਧਾਰਤ ਨਮੀ ਦੇ ਮਾਪਦੰਡਾਂ ਅਨੁਸਾਰ ਹੀ ਮੰਡੀਆਂ ਵਿੱਚ ਲੈ ਕੇ ਆਉਣ, ਤਾਂ ਜੋ ਉਨ੍ਹਾਂ ਦੀ ਫਸਲ ਦੀ ਨਾਲੋ ਨਾਲ ਖਰੀਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰਾਜ ਦੀਆਂ ਮੰਡੀਆਂ ਅੰਦਰ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦਾ ਇੱਕ ਇੱਕ ਦਾਣਾ ਖਰੀਦ ਕਰਨ ਲਈ ਵਚਨਬੱਧ ਹੈ। ਉਨ੍ਹਾਂ ਜਿੱਥੇ ਸਮੁੱਚੇ ਖਰੀਦ ਪ੍ਰਬੰਧਾਂ ਤੇ ਤਸੱਲੀ ਪ੍ਰਗਟਾਈ ਉੱਥੇ ਹੀ ਸਬੰਧਤ ਖਰੀਦ ਏਜੰਸੀਆਂ ਅਤੇ ਹੋਰਨਾਂ ਸਬੰਧਤ ਅਧਿਕਾਰੀਆਂ ਨੂੰ ਲਿਫਟਿੰਗ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਆਦੇਸ਼ ਵੀ ਜਾਰੀ ਕੀਤੇ। ਇਸ ਤੋਂ ਪਹਿਲਾਂ ਪ੍ਰਭਾਰੀ ਸਕੱਤਰ ਗੀਤੂ ਅਗਰਵਾਲ ਵੱਲੋਂ ਬੱਸੀ ਪਠਾਣਾ ਦੇ ਪਿੰਡ ਸ਼ਹੀਦਗੜ੍ਹ ਅਤੇ ਜੋਧਪੁਰ ਵਿਖੇ ਆਂਗਣਵਾੜੀ ਸੈਂਟਰ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਜੋਧਪੁਰ ਵਿਖੇ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਮਿਡ-ਡੇ-ਮੀਲ ਦੇ ਖਾਣੇ ਦੀ ਗੁਣਵੱਤਾ ਦੀ ਜਾਂਚ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਅਤੇ ਸਕੂਲ ਸਟਾਫ਼ ਨੂੰ ਹਦਾਇਤ ਕੀਤੀ ਕਿ ਬੱਚਿਆਂ ਦੀ ਸਿਹਤ ਅਤੇ ਪੋਸ਼ਣ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ ਸਾਫ਼-ਸੁਥਰਾ, ਪੌਸ਼ਟਿਕ ਅਤੇ ਮਿਆਰੀ ਭੋਜਨ ਮੁਹੱਈਆ ਕਰਵਾਇਆ ਜਾਵੇ ਅਤੇ ਸਰਕਾਰੀ ਅਦਾਰਿਆਂ ਵਿੱਚ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਦੀ ਗੁਣਵੱਤਾ ਨੂੰ ਬਰਕਰਾਰ ਰੱਖਿਆ ਜਾਵੇ।

ਇਸ ਤੋਂ ਬਾਅਦ ਪ੍ਰਭਾਰੀ ਸਕੱਤਰ ਸ੍ਰੀਮਤੀ ਗੀਤੂ ਅਗਰਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੀ ਕਾਰਗੁਜਾਰੀ ਅਤੇ ਪ੍ਰਗਤੀ ਦਾ ਜ਼ਾਇਜਾ ਲਿਆ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਬੀਰ ਕੌਰ ਭੁੱਲਰ,ਐਸ.ਡੀ.ਐਮ.ਫ਼ਤਹਿਗੜ੍ਹ ਸਾਹਿਬ ਕਰੁਣ ਗੁਪਤਾ, ਐਸ.ਡੀ.ਐਮ.ਬਸੀ ਪਠਾਣਾਂ ਦੀਪਜੋਤ ਕੌਰ, ਫੂਡ ਸਪਲਾਈ ਅਫਸਰ ਕੇਵਲ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫਸਰ ਅਨੁਰਤਨ ਕੌਰ, ਜ਼ਿਲ੍ਹਾ ਮੰਡੀ ਅਫਸਰ,ਜ਼ਿਲ੍ਹਾ ਮਾਲ ਅਫਸਰ ਕਰਮਜੋਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਹਾਜਰ ਸਨ।

ਭਾਸ਼ਾ ਵਿਭਾਗ ਪੰਜਾਬ ਨੇ ਕਰਵਾਇਆ ਸਾਹਿਰ ਲੁਧਿਆਣਵੀ ਦੀ ਯਾਦ 'ਚ ਕਰਵਾਇਆ ਉਰਦੂ ਮੁਸ਼ਾਇਰਾ

➤ 'ਬਜ਼ਮ-ਏ-ਸ਼ਾਇਰੀ' ਦੌਰਾਨ ਉਰਦੂ ਸ਼ਾਇਰੀ ਦਾ ਹਰ ਰੰਗ ਦੇਖਣ ਨੂੰ ਮਿਲਿਆ ➤ 'ਹਮ ਹੈ ਜ਼ੰਜੀਰੋਂ ਕੀ ਖਨ ਖਨ ਕੇ ਵਿਗਾੜੇ ਹੋਏ ਲੋਕ '

ਪਟਿਆਲਾ, 30 ਅਕਤੂਬਰ
-ਛਤਰਪਾਲ ਸਿੰਘ-

ਭਾਸ਼ਾ ਵਿਭਾਗ ਪੰਜਾਬ ਵੱਲੋਂ ਇੱਥੇ ਭਾਸ਼ਾ ਭਵਨ ਵਿਖੇ ਉੱਘੇ ਸ਼ਾਇਰ ਸਾਹਿਰ ਲੁਧਿਆਣਵੀ ਦੀ ਯਾਦ ਵਿੱਚ 'ਬਜ਼ਮ-ਏ-ਸ਼ਾਇਰੀ' ਦੇ ਬੈਨਰ ਹੇਠ ਉਰਦੂ ਮੁਸ਼ਾਇਰਾ ਕਰਵਾਇਆ ਗਿਆ। ਜਿਸ ਵਿੱਚ ਦੇਸ਼ ਦੇ ਨਾਮਵਰ ਸ਼ਾਇਰਾਂ ਨੇ ਰੰਗ ਬੰਨ੍ਹਿਆ। ਮੁਸ਼ਾਇਰੇ ਦੀ ਪ੍ਰਧਾਨਗੀ ਉੱਘੇ ਸ਼ਾਇਰ ਡਾ. ਅਜ਼ੀਜ਼ ਪਰਿਹਾਰ ਨੇ ਕੀਤੀ ਅਤੇ ਮੁਸ਼ਾਇਰੇ ਦੀ ਨਜ਼ਾਮਤ ਦਿੱਲੀ ਤੋਂ ਆਏ ਜਨਾਬ ਸਲਮਾਨ ਸਈਅਦ ਨੇ ਕੀਤੀ। ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਪੰਜਾਬ ਦੀ ਸਰਜ਼ਮੀਨ ਬਹੁਤ ਵਿਲੱਖਣ ਹੈ ਜਿੱਥੇ ਬਹੁਤ ਸਾਰੀਆਂ ਭਾਸ਼ਾਵਾਂ ਦੀ ਉਤਪਤੀ ਹੋਈ ਹੈ। ਉਂਵ ਤਾਂ ਸਮੁੱਚੇ ਦੱਖਣੀ ਏਸ਼ੀਆ 'ਚ ਭੂਗੋਲਿਕ, ਭਾਸ਼ਾਈ, ਸਮਾਜਿਕ ਤੇ ਸੱਭਿਆਚਾਰਕ ਪੱਖੋਂ ਅਨੇਕ ਸਮਾਨਤਾਵਾਂ ਹਨ। ਵੱਡੀ ਗੱਲ ਇਹ ਹੈ ਕਿ ਸਾਡੇ ਗੁਰੂਆਂ ਨੇ ਵੀ ਇਸ ਬਹੁਰੰਗੇ ਖਿੱਤੇ ਦੀਆਂ ਵੱਖ-ਵੱਖ ਥਾਵਾਂ ਤੋਂ ਬਾਣੀ ਇਕੱਤਰ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਿਰਜਣਾ ਕੀਤੀ। ਫਾਰਸੀ ਭਾਸ਼ਾ ਮਹਾਰਾਜਾ ਰਣਜੀਤ ਸਿੰਘ ਦੇ ਕਾਲ 'ਚ ਰਾਜ ਭਾਸ਼ਾ ਦਾ ਰੁਤਬਾ ਪ੍ਰਾਪਤ ਸੀ। ਇਸ ਤੋਂ ਬਾਅਦ ਹੀ ਫਾਰਸੀ ਅਤੇ ਹੋਰ ਭਾਸ਼ਾਵਾਂ ਦੇ ਸੁਮੇਲ ਨਾਲ

ਉਰਦੂ ਵਰਗੀ ਮੇਲ ਮਿਲਾਪ ਵਾਲੀ ਭਾਸ਼ਾ ਦੀ ਉਤਪਤੀ ਹੋਈ। ਸਾਨੂੰ ਚਾਹੀਦਾ ਹੈ ਕਿ ਸਾਡੀ ਇਸ ਵੰ ਸੁਵੰਨਤਾ ਨੂੰ ਮਾਣੀਏ ਅਤੇ ਉਸ ਦਾ ਮਾਣ ਕਰੀਏ। ਮੁਸ਼ਾਇਰੇ ਦੀ ਸ਼ੁਰੂਆਤ ਮਾਲੇਰਕੋਟਲਾ ਤੋਂ ਆਏ ਜ਼ਫ਼ਰ ਅਹਿਮਦ ਜ਼ਫ਼ਰ ਨੇ 'ਮੇਰੇ ਦਿਲ ਕੀ ਆਰਜ਼ੂ..' ਗ਼ਜ਼ਲ ਨਾਲ ਕੀਤੀ। ਫਿਰ ਪਰਮਿੰਦਰ ਸ਼ੋਖ਼ ਨੇ 'ਨਾ ਥਾ ਮਹਿਫ਼ੂਜ਼ ਪਹਿਲੇ ਵੀ ਕਹੀ ਸੱਚ ਬੋਲਨੇ ਵਾਲਾ..' ਗ਼ਜ਼ਲ ਨਾਲ ਅਜੋਕੀਆਂ ਸਮਾਜਿਕ ਪ੍ਰਸਥਿਤੀਆਂ 'ਤੇ ਚੋਟ ਕੀਤੀ। ਮੁਹੰਮਦ ਮੁਅੱਜ਼ਮ ਸੈਫ਼ੀ ਨੇ ਧੀਆਂ ਦੀ ਅਹਿਮੀਅਤ ਬਾਰੇ ਆਪਣਾ ਕਲਾਮ ਪੇਸ਼ ਕੀਤਾ। ਚੰਡੀਗੜ੍ਹ ਤੋਂ ਆਈ ਸ਼ਾਇਰਾ ਸ਼ਹਿਨਾਜ਼ ਭਾਰਤੀ ਨੇ ਤਰੰਨਮ 'ਚ ਤਿੰਨ ਗ਼ਜ਼ਲਾਂ ਪੇਸ਼ ਕਰਕੇ ਖ਼ੂਬ ਦਾਦ ਹਾਸਲ ਕੀਤੀ। ਪਟਿਆਲਵੀ ਸ਼ਾਇਰ ਅਮਰਦੀਪ ਅਮਰ ਨੇ ਆਪਣੇ ਸ਼ਿਅਰਾਂ ਨਾਲ ਸਭ ਦਾ ਮਨ ਮੋਹ ਲਿਆ। ਦਿੱਲੀ ਤੋਂ ਆਈ ਮੁਹਤਰਮਾ ਮੁਸਕਾਨ ਮਜੀਦ ਨੇ ਅਜੋਕੇ ਸਮਾਜ 'ਚ ਧੀਆਂ ਦੀ ਹਾਲਤ ਬਾਰੇ ਗ਼ਜ਼ਲ ਸੁਣਾਈ। ਅੰਮ੍ਰਿਤਪਾਲ ਸ਼ੈਦਾ ਨੇ ਜੋਸ਼ੀਲੇ ਅੰਦਾਜ਼ 'ਚ ਸ਼ੇਅਰ ਤੇ ਗ਼ਜ਼ਲਾਂ ਸੁਣਾ ਕੇ ਮੁਸ਼ਾਇਰੇ ਨੂੰ ਨਵਾਂ ਰੰਗ ਪ੍ਰਦਾਨ ਕੀਤਾ। ਸਲਮਾਨ ਸਈਅਦ ਨੇ 'ਹਮ ਹੈ ਜ਼ੰਜੀਰੋ ਕੀ ਖਨ ਖਨ ਕੇ ਵਿਗਾੜੇ ਹੋਏ ਲੋਕ, ਤੇਰੀ ਪਾਜ਼ੇਬ ਕੀ ਛਨ-ਛਨ ਮੇਂ ਨਹੀਂ ਆ ਸਕਤੇ', ਵਰਗੇ ਸ਼ਿਅਰਾਂ ਨਾਲ ਮੁਹੱਬਤ ਤੇ ਦਲੇਰੀ ਵਾਲੇ ਰੰਗ ਬਿਖੇਰੇ। ਬੀਕਾਨੇਰ ਤੋਂ ਆਈ ਸ਼ਾਇਰਾ ਪ੍ਰਿਯੰਵਦਾ ਇਲਹਾਨ ਨੇ ਨੌਜਵਾਨ ਦਿਲਾਂ ਦੇ ਵਲਵਲਿਆਂ ਦੀ ਤਰਜ਼ਮਾਨੀ ਕਰਦੀਆਂ ਗ਼ਜ਼ਲਾਂ ਸੁਣਾਕੇ ਖ਼ੂਬ ਦਾਦ ਹਾਸਲ ਕੀਤੀ। ਲੁਧਿਆਣਾ ਤੋਂ ਆਏ ਮੁਕੇਸ਼ ਆਲਮ ਨੇ 'ਹਰ ਬਾਤ ਸੁਨੇ ਇਤਨਾ ਮਜ਼ਬੂਰ ਨਹੀਂ ਹੈ, ਯੇ ਦਿਲ ਤੇਰਾ ਮਸ਼ਕੂਰ ਹੈ ਮਜ਼ਦੂਰ ਨਹੀਂ ਹੈ , ਵਰਗੇ ਸ਼ਿਅਰ ਸੁਣਾ ਕੇ ਹਰ ਸਰੋਤੇ ਨੂੰ ਵਾਰ-ਵਾਰ ਤਾੜੀਆਂ ਮਾਰਨ ਲਈ ਮਜ਼ਬੂਰ ਕਰ ਦਿੱਤਾ। ਬਿਲਾਲ ਸਹਾਰਨਪੁਰੀ ਨੇ 'ਅਦਬ ਕਹਿਤੇ ਹੈ ਜਿਸ ਕੋ ਵੋ ਅਦਾਕਾਰੀ ਨਾ ਹੋ ਜਾਏ, ਮੁਝੇ ਡਰ ਹੈ ਮੇਰਾ ਲਹਿਜਾ ਵੀ ਦਰਬਾਰੀ ਨਾ ਹੋ ਜਾਏ' ਵਰਗੇ ਸ਼ੇਅਰ ਸੁਣਾਕੇ ਦੇਸ਼ ਦੀ ਅਜੋਕੀ ਸਿਆਸਤ ਤੇ ਸਿਸਟਮ 'ਤੇ ਗੰਭੀਰ ਵਿਅੰਗ ਕੀਤੇ ਅਤੇ ਮੁਸ਼ਾਇਰੇ ਨੂੰ ਸਿਖ਼ਰ 'ਤੇ ਪਹੁੰਚਾ ਦਿੱਤਾ। ਮੁਸ਼ਾਇਰੇ ਦੀ ਪ੍ਰਧਾਨਗੀ ਕਰ ਰਹੇ ਡਾ. ਅਜ਼ੀਜ਼ ਪਰਿਹਾਰ ਨੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਉਰਦੂ ਭਾਸ਼ਾ ਨੂੰ ਦਿੱਤੇ ਜਾ ਰਹੇ ਸਤਿਕਾਰ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਮੁਸ਼ਾਇਰੇ 'ਚ ਉਰਦੂ ਗ਼ਜ਼ਲ ਦਾ ਹਰ ਰੰਗ ਦੇਖਣ ਨੂੰ ਮਿਲਿਆ। ਉਨ੍ਹਾਂ ਕਿਹਾ ਕਿ ਮੂਲ ਰੂਪ 'ਚ ਉਰਦੂ ਸ਼ਾਇਰੀ ਚੇਤਨਾ ਪ੍ਰਵਾਹ ਦਾ ਵੱਡਾ ਸ੍ਰੋਤ ਹੈ। ਇਹ ਜ਼ਿੰਦਗੀ ਨੂੰ ਨਵੇਂ ਜ਼ਾਵੀਏ ਤੋਂ ਦੇਖਣ ਦੇ ਅਹਿਸਾਸ ਪੈਦਾ ਕਰਦੀ ਹੈ। ਅਖ਼ੀਰ 'ਚ ਉਨ੍ਹਾਂ ਦੋ ਗ਼ਜ਼ਲਾਂ ਨਾਲ ਮੁਸ਼ਾਇਰੇ ਨੂੰ ਨੇਪਰੇ ਚਾੜ੍ਹਿਆ। ਉਰਦੂ ਭਾਗ ਦੇ ਇੰਚਾਰਜ ਸਤਪਾਲ ਸਿੰਘ ਚਹਿਲ ਦੀ ਦੇਖ-ਰੇਖ 'ਚ ਕਰਵਾਏ ਗਏ ਇਸ ਸਮਾਗਮ ਦਾ ਮੰਚ ਸੰਚਾਲਨ ਡਾ. ਮਨਜਿੰਦਰ ਸਿੰਘ ਖੋਜ ਅਫ਼ਸਰ ਨੇ ਬਾਖ਼ੂਬੀ ਕੀਤਾ। ਅਖ਼ੀਰ ਵਿੱਚ ਸਾਰੇ ਸ਼ਾਇਰਾ ਨੂੰ ਵਿਭਾਗੀ ਸ਼ਾਲਾਂ ਤੇ ਪੁਸਤਕਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸ.ਡੀ.ਐਮ. ਗੁਰਦੇਵ ਸਿੰਘ ਧੰਮ, ਪਦਮ ਸ੍ਰੀ ਪ੍ਰਾਣ ਸੱਭਰਵਾਲ, ਭਾਸ਼ਾ ਵਿਭਾਗ ਦੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਸੁਖਪ੍ਰੀਤ ਕੌਰ, ਸੁਰਿੰਦਰ ਕੌਰ, ਜਸਪ੍ਰੀਤ ਕੌਰ ਤੇ ਦੇਵਿੰਦਰ ਕੌਰ, ਖੋਜ ਅਫ਼ਸਰ ਡਾ. ਸੰਤੋਖ ਸੁੱਖੀ, ਸ਼੍ਰੋਮਣੀ ਕਵੀ ਬਲਵਿੰਦਰ ਸੰਧੂ, ਡਾ. ਅਮਰਜੀਤ ਸਿੰਘ, ਡਾ. ਆਸ਼ਾ ਕਿਰਨ, ਇੰਜੀ. ਰਮਿੰਦਰਜੀਤ ਸਿੰਘ, ਵਿਭਾਗ ਦੇ ਸਾਬਕਾ ਡਿਪਟੀ ਡਾਇਰੈਕਟਰ ਅਸ਼ਰਫ਼ ਮਹਿਮੂਦ ਨੰਦਨ, ਇੰਜੀ. ਅਮਰਜੀਤ ਸਿੰਘ, ਨਵਦੀਪ ਮੁੰਡੀ, ਡਾ. ਗੁਰਸੇਵਕ ਲੰਬੀ, ਸੁਖਵਿੰਦਰ ਸਿੰਘ ਫੁੱਲ, ਸ਼ਾਇਰ ਡਾ. ਸੰਦੀਪ ਸ਼ਰਮਾ, ਲਕਸ਼ਮੀ ਨਰਾਇਣ ਭੀਖੀ, ਅਦਾਕਾਰ ਬਲਵਿੰਦਰ ਬੁਲਟ ਤੇ ਹਰਸ਼ਜੋਤ ਕੌਰ ਸਮੇਤ ਵੱਡੀ ਗਿਣਤੀ 'ਚ ਸਰੋਤੇ ਹਾਜ਼ਰ ਸਨ।

ਔਰਤਾਂ ਅਤੇ ਲੜਕੀਆਂ ਆਪਣੇ ਉੱਪਰ ਹੁੰਦੇ ਅਤਿਆਚਾਰਾਂ ਸਬੰਧੀ ਪੁਲਿਸ ਦੇ ਹੈਲਪ ਲਾਈਨ ਨੰਬਰ 181 ਅਤੇ 1091 ਤੇ ਸੂਚਨਾ ਦੇਣ ਲਈ ਅੱਗੇ ਆਉਣ: ਬਰਾੜ, ਔਲਖ, ਭੁੱਲਰ

ਪਟਿਆਲਾ, 30 ਅਕਤੂਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐਨ.ਐਸ.ਐਸ. ਵਿਭਾਗ ਦੇ ਸਹਿਯੋਗ ਨਾਲ ਗੁਰੂ ਹਰਗੋਬਿੰਦ ਸਾਹਿਬ ਖਾਲਸਾ ਗਰਲਜ਼ ਕਾਲਜ ਕਰਹਾਲੀ ਸਾਹਿਬ ਵਿਖੇ ਚੱਲ ਰਹੇ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਦੌਰਾਨ ਇੱਕ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਹ ਕੈਂਪ ਪ੍ਰਿੰਸੀਪਲ ਡਾ. ਰਮਨਜੀਤ ਕੌਰ ਦੀ ਸਰਪ੍ਰਸਤੀ ਅਤੇ ਪ੍ਰੋਗਰਾਮ ਅਫਸਰ ਪ੍ਰੋਫੈਸਰ ਅਰਸ਼ਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਲੱਗਾ ਹੋਇਆ ਹੈ। ਇਸ ਸੈਮੀਨਾਰ ਵਿੱਚ ਸਮਾਜ ਸੇਵੀ ਸੰਸਥਾਵਾਂ ਦੋਸਤ, ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਨੇ ਸਹਿਯੋਗ ਦਿੱਤਾ।

ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਰਿਟਾਇਰ ਐਸ.ਪੀ. ਮਨਜੀਤ ਸਿੰਘ ਬਰਾੜ ਅਤੇ ਸਾਬਕਾ ਜਨਰਲ ਮੈਨੇਜਰ ਪੀ.ਆਰ.ਟੀ.ਸੀ. ਰਵਿੰਦਰ ਸਿੰਘ ਔਲਖ ਨੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਵਿਸ਼ੇਸ਼ ਮਹਿਮਾਨਾਂ ਵਜੋਂ ਸਾਬਕਾ ਕਰਨਲ ਜਰਨੈਲ ਸਿੰਘ ਥਿੰਦ, ਗੁਰਤੇਜ ਸਿੰਘ ਭੁੱਲਰ ਰਿਟਾਇਰ ਕਸਟਮ ਅਫਸਰ, ਬੈਂਕ ਮੈਨੇਜਰ ਰੋਹਿਤ ਕੁਮਾਰ, ਸਾਬਕਾ ਪ੍ਰਿੰਸੀਪਲ ਮਨਜੀਤ ਸਿੰਘ, ਸਟੇਟ ਐਵਾਰਡੀ ਪਰਮਿੰਦਰ ਪਹਿਲਵਾਨ ਮੈਂਬਰ ਜ਼ਿਲ੍ਹਾ ਵੂਮੈਨ ਕਾਊਂਸਲਿੰਗ ਸੈੱਲ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਸਾਂਝ ਕੇਂਦਰ ਪਟਿਆਲਾ ਪੁਲਿਸ, ਪ੍ਰੋਫੈਸਰ ਹੁਸਨਪ੍ਰੀਤ ਕੌਰ, ਡਾ. ਸੁਖਵਿੰਦਰ ਸਿੰਘ, ਪ੍ਰੋਫੈਸਰ ਲਵਪ੍ਰੀਤ ਕੌਰ, ਪ੍ਰੋਫੈਸਰ ਪਿੰਕੀ, ਹਰਜਿੰਦਰ ਕੌਰ ਅਤੇ ਹਰਦੀਪ ਕੌਰ ਨੇ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਮਨਜੀਤ ਕੌਰ ਅਤੇ ਪ੍ਰੋਫੈਸਰ ਅਰਸ਼ਪ੍ਰੀਤ ਕੌਰ ਨੇ ਸਾਰੇ ਮਹਿਮਾਨਾਂ ਦਾ ਫੁੱਲਾਂ ਦੇ ਗੁਲਦਸਤੇ ਅਤੇ ਸਨਮਾਨ ਚਿੰਨ੍ਹ ਦੇ ਕੇ ਸਵਾਗਤ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਲੜਕੀਆਂ ਨੂੰ ਸਿਰਫ਼ ਪੜ੍ਹਾਈ ਵਿੱਚ ਹੀ ਨਹੀਂ, ਸਗੋਂ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਦੀ ਵੀ ਬਹੁਤ ਲੋੜ ਹੈ।

ਮੁੱਖ ਮਹਿਮਾਨ ਰਿਟਾਇਰ ਐਸ.ਪੀ. ਮਨਜੀਤ ਸਿੰਘ ਬਰਾੜ ਨੇ ਕਿਹਾ ਕਿ ਔਰਤਾਂ ਖਿਲਾਫ਼ ਹੋ ਰਹੇ ਅਪਰਾਧਾਂ ਨੂੰ ਰੋਕਣ ਲਈ ਕਾਨੂੰਨ ਦੇ ਨਾਲ-ਨਾਲ ਸਮਾਜਿਕ ਸੋਚ ਵਿੱਚ ਬਦਲਾਅ ਲਿਆਉਣਾ ਜ਼ਰੂਰੀ ਹੈ। ਉਨ੍ਹਾਂ ਨੇ ਲੜਕੀਆਂ ਨੂੰ ਆਪਣੇ ਅਧਿਕਾਰਾਂ, ਕਾਨੂੰਨੀ ਸੁਰੱਖਿਆ, ਮਹਿਲਾ ਹੈਲਪਲਾਈਨ ਨੰਬਰ 1091, 112 ਅਤੇ ਸਾਂਝ ਕੇਂਦਰਾਂ ਦੀਆਂ ਸੇਵਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਛੇੜਛਾੜ, ਘਰੇਲੂ ਹਿੰਸਾ ਜਾਂ ਸਾਈਬਰ ਅਪਰਾਧ ਨੂੰ ਚੁੱਪਚਾਪ ਸਹਿਣ ਦੀ ਬਜਾਏ ਤੁਰੰਤ ਪੁਲਿਸ ਨੂੰ ਸੂਚਿਤ ਕਰਨਾ ਚਾਹੀਦਾ ਹੈ। ਡਰਨਾ ਨਹੀਂ, ਡਟ ਕੇ ਮੁਕਾਬਲਾ ਕਰਨਾ ਹੀ ਅਸਲ ਬਹਾਦਰੀ ਹੈ। ਰਵਿੰਦਰ ਸਿੰਘ ਔਲਖ ਨੇ ਕਿਹਾ ਕਿ ਬੇਟੀਆਂ ਸਾਡੇ ਸਮਾਜ ਦੀ ਸ਼ਾਨ ਹਨ। ਜੇਕਰ ਬੇਟੀ ਪੜ੍ਹੇਗੀ ਅਤੇ ਜਾਗਰੂਕ ਹੋਵੇਗੀ ਤਾਂ ਪੂਰਾ ਪਰਿਵਾਰ ਅਤੇ ਸਮਾਜ ਤਰੱਕੀ ਕਰੇਗਾ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਲੜਕੀਆਂ ਦੇ ਸਤਿਕਾਰ ਲਈ ਪ੍ਰੇਰਿਤ ਕੀਤਾ।

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਮੈਂਬਰਾਂ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਲੜਕੀਆਂ ਨੂੰ ਸਵੈ-ਰੱਖਿਆ ਦੇ ਗੁਰ ਸਿਖਾਏ ਅਤੇ ਦੱਸਿਆ ਕਿ ਮੁਸ਼ਕਲ ਸਮੇਂ ਵਿੱਚ ਕਿਵੇਂ ਹਿੰਮਤ ਨਾਲ ਕੰਮ ਲੈਣਾ ਹੈ। ਉਨ੍ਹਾਂ ਨੇ ਔਰਤਾਂ ਲਈ ਚਲਾਈਆਂ ਜਾ ਰਹੀਆਂ ਸਰਕਾਰੀ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ।

ਰੈਲ ਬਰਾਮਦ ਖੱਡ ਦੀ ਮਾਈਨਿੰਗ ਦਾ ਮੁੱਦਾ ਸੰਦੀਪ ਪਾਠਕ ਨੇ ਚੁੱਕਿਆ

ਰੂਪਨਗਰ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸੰਦੀਪ ਪਾਠਕ ਨੇ ਰੈਲ ਬਰਾਮਦ ਖੱਡ ਵਿੱਚ ਚੱਲ ਰਹੀ ਮਾਈਨਿੰਗ ਨਾਲ ਸਬੰਧਤ ਮਾਮਲਾ ਚੁੱਕਦਿਆਂ ਦੋਸ਼ ਲਗਾਇਆ ਕਿ ਮਾਈਨਿੰਗ ਲਈ ਵਰਤੀਆਂ ਜਾ ਰਹੀਆਂ ਗੱਡੀਆਂ ਪਾਬੰਦੀਸ਼ੁਦਾ ਆਈਆਈਟੀ ਰੋਡ ਤੋਂ ਲੰਘ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਡਿਪਟੀ ਕਮਿਸ਼ਨਰ ਰੂਪਨਗਰ ਵੱਲੋਂ ਜਾਰੀ ਕੀਤੇ ਗਏ ਆਦੇਸ਼ਾਂ ਦੀ ਉਲੰਘਣਾ ਹੋ ਰਹੀ ਹੈ।

ਸੰਦੀਪ ਪਾਠਕ ਨੇ ਇਸ ਮਾਮਲੇ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਵੱਲੋਂ ਕਿਸੇ ਰਸਤੇ 'ਤੇ ਪਾਬੰਦੀ ਲਗਾਈ ਗਈ ਹੈ ਤਾਂ ਉਸ ਦੀ ਸਖ਼ਤੀ ਨਾਲ ਪਾਲਣਾ ਕਰਵਾਈ ਜਾਣੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਜਾਂਚ ਕਰਕੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ।

ਇਸ ਤੋਂ ਇਲਾਵਾ ਸੰਦੀਪ ਪਾਠਕ ਨੇ ਕੀਰਤਪੁਰ ਸਾਹਿਬ ਵਿਖੇ ਇੱਕ ਕਰੈਸ਼ਰ ਮਾਲਕ ਤੋਂ ਮਾਈਨਿੰਗ ਮਾਫੀਆ ਵੱਲੋਂ ਪੈਸੇ ਵਸੂਲਣ ਦੇ ਵੀ ਦੋਸ਼ ਲਗਾਏ। ਉਨ੍ਹਾਂ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ ਅਤੇ ਕਥਿਤ ਵਸੂਲੀ ਵਿੱਚ ਸ਼ਾਮਲ ਲੋਕਾਂ ਖ਼ਿਲਾਫ਼ ਕਾਰਵਾਈ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਉਹ ਈਡੀ ਨੂੰ ਵੀ ਇਸ ਮਾਮਲੇ ਦੀ ਜਾਂਚ ਲਈ ਪੱਤਰ ਲਿਖਣਗੇ।

ਦਿੱਲੀ ਵਿਖੇ 1 ਨਵੰਬਰ ਨੂੰ ਹੋਣ ਵਾਲੀ ਕਾਂਗਰਸ ਦੀ ਮਹਾਂ ਰੈਲੀ ਵਿੱਚ ਪੰਜਾਬ ਦਾ ਯੂਥ ਵਰਗ ਨਿਭਾਵੇਗਾ ਅਹਿਮ ਭੂਮਿਕਾ : ਦੀਪ ਟਿਵਾਣਾ

ਪਟਿਆਲਾ, 30 ਅਕਤੂਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਅਤੇ ਸੀਨੀਅਰ ਯੂਥ ਆਗੂ ਪਟਿਆਲਾ ਦਿਹਾਤੀ ਹਲਕਾ ਹਰਦੀਪ ਸਿੰਘ ਦੀਪ ਟਿਵਾਣਾ ਨੇ ਪੱਤਰਕਾਰਾਂ ਨਾਲ ਗਲਬਾਤ ਕਰਦੇ ਹੋਏ ਕਿਹਾ ਕਿ ਦਿੱਲੀ ਵਿਖੇ ਕਾਂਗਰਸ ਦੀ ਹੋਣ ਵਾਲੀ ਰੈਲੀ ਤੋਂ ਕੇਂਦਰ ਸਰਕਾਰ ਅਤੇ ਭਾਜਪਾ ਬੁਰੀ ਤਰ੍ਹਾਂ ਬੁਖਲਾਈ ਪਈ ਹੈ ਕਿਉਂਕਿ ਭਾਜਪਾ ਨੂੰ ਪਤਾ ਹੈ ਕਿ ਇਸ ਰੈਲੀ ਵਿੱਚ ਦੇਸ਼ ਭਰ ਵਿੱਚੋਂ ਲੱਖਾਂ ਲੋਕ ਇਸ ਰੈਲੀ ਵਿੱਚ ਸ਼ਾਮਿਲ ਹੋਣ ਵਾਲੇ ਹਨ

ਅੰਤਰ ਜ਼ਿਲ੍ਹਾ ਸਕੂਲ ਖੇਡਾਂ ਕਰਾਟੇ 'ਚ ਪਟਿਆਲੇ ਦੇ ਸੂਰਜ ਤੇ ਅਭੀਜੀਤ ਕੁਮਾਰ ਨੇ ਜਿੱਤੇ ਗੋਲਡ ਮੈਡਲ

ਪਟਿਆਲਾ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-17 ਲੜਕਿਆਂ ਦੇ ਕਰਾਟੇ ਮੁਕਾਬਲੇ ਪਲੇ ਵੇਜ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਕਰਵਾਏ ਗਏ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਪ੍ਰਿੰਸੀਪਲ ਜਸਪਾਲ ਸਿੰਘ ਸਟੇਟ ਅਵਾਰਡੀ ਅਤੇ ਅਬਜਰਵਰ ਨਿਖਲ ਹੰਸ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ। ਅਬਜਰਵਰ ਨਿਖਿਲ ਹੰਸ ਨੇ ਦੱਸਿਆ ਕਿ ਇਹ ਟੂਰਨਾਮੈਂਟ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਇਆ ਜਾ ਰਿਹਾ ਹੈ ਅਤੇ ਪਲੇ ਵੇਜ ਸੀਨੀਅਰ ਸੈਕੰਡਰੀ ਸਕੂਲ ਦੇ ਚੇਅਰਮੈਨ ਡਾ ਰਾਜਦੀਪ ਸਿੰਘ, ਡਾਇਰੈਕਟਰ ਹਰਲੀਨ ਕੌਰ ਤੇ ਪ੍ਰਿੰਸੀਪਲ ਰਕਸ਼ਾ ਵਰਮਾ ਵੱਲੋਂ ਵੀ ਟੂਰਨਾਮੈਂਟ ਨੂੰ ਕਰਵਾਉਣ ਲਈ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ।ਕਰਾਟੇ ਅੰਡਰ 17 ਲੜਕਿਆਂ ਦੇ ਮੁਕਾਬਲਿਆਂ ਵਿੱਚ -35 ਕਿਲੋ ਭਾਰ ਵਿਚ ਧਨਪ੍ਰੀਤ ਸਿੰਘ ਨੇ ਗੋਲਡ, ਸ਼ਰਨਜੀਤ ਸਿੰਘ ਨੇ ਸਿਲਵਰ,ਗੌਰਵ ਨੇ ਬਰਾਉਨਜ਼, -40 ਕਿਲੋ ਭਾਰ ਵਿੱਚ ਸੂਰਜ ਨੇ ਗੋਲਡ, ਛਵੀਕਾਂਤ ਸ਼ਰਮਾ ਨੇ ਸਿਲਵਰ, ਹਿਤੇਸ਼ ਮਹਾਜਨ ਨੇ ਬਰਾਉਨਜ਼,-45 ਕਿਲੋ ਭਾਰ ਵਿੱਚ ਕੁੰਵਰਪ੍ਰਤਾਪ ਸਿੰਘ ਨੇ ਗੋਲਡ, ਸਹਿਜ ਸਿੰਘ ਨੇ ਸਿਲਵਰ,ਸੰਦੇਸ਼ ਕੁਮਾਰ ਨੇ ਬਰਾਉਨਜ਼,-50 ਕਿਲੋ ਭਾਰ ਵਿੱਚ ਅਭੀਜੀਤ ਕੁਮਾਰ ਨੇ ਗੋਲਡ,ਵਿਰਾਟ ਭੱਟ ਨੇ ਸਿਲਵਰ, ਆਸ ਮੁਹੰਮਦ ਨੇ ਬਰਾਉਨਜ਼, -66 ਕਿਲੋ ਭਾਰ ਵਿੱਚ ਰਿਧਿਤ ਗਰਗ ਨੇ ਗੋਲਡ, ਚੰਦੇਸ਼ਵਰ ਨੇ ਸਿਲਵਰ, ਅਭੀਜੀਤ ਸਿੰਘ ਨੇ ਬਰਾਉਨਜ਼ ਮੈਡਲ ਜਿੱਤਿਆ।ਇਸ ਮੌਕੇ ਤੇ ਅਬਜਰਵਰ ਰਾਜੇਸ਼ ਸ਼ਰਮਾ, ਕਨਵੀਨਰ ਰਾਜੇਸ਼ ਕੁਮਾਰ, ਸ਼ਸੀ ਮਾਨ, ਬਲਵਿੰਦਰ ਸਿੰਘ ਜੱਸਲ, ਡਾ ਆਸਾ ਸਿੰਘ,ਸਤਵਿੰਦਰ ਸਿੰਘ ਤਾਇਕਵਾਂਡੋ ਕੋਚ,ਚਮਕੌਰ ਸਿੰਘ, ਸ਼ੰਕਰ ਨੇਗੀ,ਪ੍ਰੈਸ ਇੰਚਾਰਜ ਜਸਵਿੰਦਰ ਸਿੰਘ, ਬਿੰਪਨ ਚੰਦ,ਰਾਕੇਸ਼ ਕੁਮਾਰ,ਸੁਰਿੰਦਰ ਪਾਲ ਸਿੰਘ ਐਸਪੀ, ਰਾਕੇਸ਼ ਕੁਮਾਰ,ਹਰਜੀਤ ਸਿੰਘ, ਹਰਦੀਪ ਸਿੰਘ, ਮੋਹਿਤ ਕੁਮਾਰ, ਬੁੱਧਰਾਮ ਤੇ ਅਮਨਦੀਪ ਸਿੰਘ ਹਾਜਰ ਸਨ।

ਪੀਐੱਸਪੀਸੀਐੱਲ ਵੱਲੋਂ ਅਕਤੂਬਰ 2026 ਦੇ ਇਨੋਵੇਸ਼ਨ ਮੁਕਾਬਲੇ ਤਹਿਤ ਚੁਣੇ ਗਏ ਨਵੀਨਤਮ ਵਿਚਾਰਾਂ ਨੂੰ ਲਾਗੂ ਕਰਨ ਲਈ ਟੀਮ ਲੀਡਰ ਨਿਯੁਕਤ

ਪਟਿਆਲਾ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਮਾਣਯੋਗ ਬਿਜਲੀ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਹੇਠ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐੱਸਪੀਸੀਐੱਲ) ਵੱਲੋਂ ਅਕਤੂਬਰ 2026 ਦੇ ਮਾਸਿਕ ਇਨੋਵੇਸ਼ਨ ਮੁਕਾਬਲੇ ਦੌਰਾਨ ਚੁਣੇ ਗਏ ਨਵੀਨਤਮ ਵਿਚਾਰਾਂ ਨੂੰ ਅਮਲੀ ਰੂਪ ਦੇਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇਸ ਤਹਿਤ ਇਨ੍ਹਾਂ ਵਿਚਾਰਾਂ ਨੂੰ ਲਾਗੂ ਕਰਨ ਦੀ ਨਿਗਰਾਨੀ ਅਤੇ ਕਾਰਜਕਾਰੀ ਜ਼ਿੰਮੇਵਾਰੀ ਨਿਭਾਉਣ ਲਈ ਸਮਰਪਿਤ ਟੀਮ ਲੀਡਰ ਨਿਯੁਕਤ ਕੀਤੇ ਗਏ ਹਨ।

ਮੁਕਾਬਲੇ ਦੌਰਾਨ ਪੀਐੱਸਪੀਸੀਐੱਲ ਵੱਲੋਂ ਕਰਮਚਾਰੀਆਂ ਦੇ ਨਵੀਨਤਮ ਵਿਚਾਰਾਂ ਨੂੰ ਮਾਨਤਾ ਦਿੰਦਿਆਂ ਉਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿਚਾਰਾਂ ਦਾ ਉਦੇਸ਼ ਸੰਗਠਨਾਤਮਕ ਕਾਰਜਕੁਸ਼ਲਤਾ ਵਿੱਚ ਸੁਧਾਰ ਕਰਨਾ, ਕਾਰਜ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਅਤੇ ਸੇਵਾਵਾਂ ਦੀ ਗੁਣਵੱਤਾ ਵਿੱਚ ਵਾਧਾ ਕਰਨਾ ਹੈ। ਪ੍ਰਸ਼ੰਸਾ ਪੱਤਰ ਪ੍ਰਾਪਤ ਕਰਨ ਵਾਲੇ ਕਰਮਚਾਰੀਆਂ ਤੋਂ ਇਲਾਵਾ, ਸੱਤ ਹੋਰ ਭਾਗੀਦਾਰਾਂ ਨੂੰ ਵੀ ਆਪਣੇ-ਆਪਣੇ ਵਿਚਾਰਾਂ ਨੂੰ ਲਾਗੂ ਕਰਨ ਲਈ ਟੀਮ ਲੀਡਰ ਵਜੋਂ ਨਿਯੁਕਤ ਕੀਤਾ ਗਿਆ ਹੈ। ਪੀਐੱਸਪੀਸੀਐੱਲ ਵੱਲੋਂ ਇਨ੍ਹਾਂ ਵਿਚਾਰਾਂ ਨੂੰ ਵਿਹਾਰਕ ਨਤੀਜਿਆਂ ਵਿੱਚ ਬਦਲਣ ਲਈ ਇੱਕ ਵਿਵਸਥਿਤ ਕਾਰਜਕਾਰੀ ਢਾਂਚਾ ਅਪਣਾਇਆ ਗਿਆ ਹੈ।

ਨਿਯੁਕਤ ਕੀਤੇ ਗਏ ਟੀਮ ਲੀਡਰਾਂ ਵਿੱਚ ਮੁੱਖ ਇੰਜੀਨੀਅਰ/ ਮੀਟਰਿੰਗ ਇੰਜ. ਵਿਕਾਸ ਸ਼ਰਮਾ; ਉਪ ਮੁੱਖ ਇੰਜੀਨੀਅਰ ਇੰਜ. ਗੁਲਸ਼ਨ ਚੁਟਾਨੀ; ਉਪ ਮੁੱਖ ਇੰਜੀਨੀਅਰ ਇੰਜ. ਜਸਵੀਰ ਧੀਮਾਨ; ਐੱਸ.ਈ.ਇੰਜ. ਪਰਉਪਕਾਰ ਸਿੰਘ; ਐੱਸ.ਈ. ਇੰਜ. ਅਮਨਦੀਪ ਸਿੰਘ; ਐੱਸ.ਈ. ਇੰਜ. ਚਰਨ ਕੰਵਲ ਸਿੰਘ; ਸੀ.ਏ.ਓ./ਮੁੱਖ ਦਫ਼ਤਰ ਸੀ.ਐੱਮ.ਏ. ਜਸਵਿੰਦਰ ਸਿੰਘ; ਸੀ.ਐੱਫ.ਓ. ਸੀ.ਏ. ਸੁਮਿਤ ਬਾਂਸਲ; ਏ.ਐੱਸ.ਈ. ਇੰਜ. ਗੁਰਵਿੰਦਰ ਸਿੰਘ; ਸੀਨੀਅਰ ਐਕਸੀਅਨ ਇੰਜ. ਹਰਮਨਦੀਪ ਸਿੰਘ; ਏ.ਈ.ਈ. ਇੰਜ. ਪ੍ਰਿੰਸ ਕੁਮਾਰ; ਏ.ਈ.ਈ. ਇੰਜ. ਪਿਯੂਸ਼ ਗਰਗ; ਏ.ਈ.ਈ. ਇੰਜ. ਗੌਰਵ ਗੁਪਤਾ ਅਤੇ ਏ.ਈ.ਈ. ਇੰਜ. ਓਂਕਾਰਪ੍ਰੀਤ ਸਿੰਘ ਸ਼ਾਮਲ ਹਨ।

ਇਹ ਟੀਮ ਲੀਡਰ ਆਪਣੇ-ਆਪਣੇ ਪ੍ਰੋਜੈਕਟਾਂ ਦੀ ਯੋਜਨਾਬੰਦੀ, ਤਾਲਮੇਲ ਅਤੇ ਲਾਗੂ ਕਰਨ ਲਈ ਜ਼ਿੰਮੇਵਾਰ ਹੋਣਗੇ। ਸਬੰਧਤ ਵਿਭਾਗਾਂ ਦੇ ਮੁਖੀ (ਐੱਚ.ਓ.ਡੀ.) ਇਨ੍ਹਾਂ ਵਿਚਾਰਾਂ ਨੂੰ ਲਾਗੂ ਕਰਨ ਲਈ ਲੋੜੀਂਦਾ ਸਹਿਯੋਗ ਅਤੇ ਸਹਾਇਤਾ ਪ੍ਰਦਾਨ ਕਰਨਗੇ, ਜਦਕਿ ਨਿਯੁਕਤ ਟੀਮ ਲੀਡਰ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਇਨ੍ਹਾਂ ਨੂੰ ਅਮਲੀ ਰੂਪ ਦੇਣ ਦੀ ਮੁੱਖ ਜ਼ਿੰਮੇਵਾਰੀ ਨਿਭਾਉਣਗੇ।

ਚੁਣੇ ਗਏ ਵਿਚਾਰਾਂ ਨੂੰ ਲਾਗੂ ਕਰਨ ਲਈ ਜੇਕਰ ਮੌਜੂਦਾ ਨਿਯਮਾਂ ਵਿੱਚ ਸੋਧ ਕਰਨ, ਨਵੇਂ ਨਿਯਮ ਬਣਾਉਣ ਜਾਂ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਦੀ ਜ਼ਰੂਰਤ ਪੈਂਦੀ ਹੈ, ਤਾਂ ਸਬੰਧਤ ਡਾਇਰੈਕਟਰ ਵੱਲੋਂ ਨਿਰਧਾਰਤ ਪ੍ਰਕਿਰਿਆ ਅਨੁਸਾਰ ਢੁਕਵੀਂ ਕਾਰਵਾਈ ਸ਼ੁਰੂ ਕੀਤੀ ਜਾਵੇਗੀ।

ਇਸ ਕਾਰਜਕਾਰੀ ਢਾਂਚੇ ਦੇ ਹਿੱਸੇ ਵਜੋਂ, ਸਾਰੇ ਨਿਯੁਕਤ ਟੀਮ ਲੀਡਰਾਂ ਨੂੰ 31 ਅਕਤੂਬਰ, 2026 ਤੱਕ ਪੀ.ਈ.ਆਰ.ਟੀ. (ਪ੍ਰੋਗਰਾਮ ਇਵੈਲੂਏਸ਼ਨ ਐਂਡ ਰਿਵਿਊ ਟੈਕਨੀਕ) ਚਾਰਟ ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਚਾਰਟ ਵਿੱਚ ਸਬੰਧਤ ਪ੍ਰੋਜੈਕਟਾਂ ਦੀਆਂ ਪ੍ਰਸਤਾਵਿਤ ਗਤੀਵਿਧੀਆਂ, ਸਮਾਂ-ਸੀਮਾਵਾਂ, ਅਹਿਮ ਪੜਾਵਾਂ ਅਤੇ ਕਾਰਜਕਾਰੀ ਸਮਾਂ-ਸਾਰਣੀ ਦਾ ਵੇਰਵਾ ਹੋਵੇਗਾ, ਜਿਸ ਨਾਲ ਪ੍ਰੋਜੈਕਟਾਂ ਦੀ ਯੋਜਨਾਬੱਧ ਨਿਗਰਾਨੀ ਅਤੇ ਸਮੇਂ ਸਿਰ ਲਾਗੂਕਰਨ ਯਕੀਨੀ ਬਣਾਇਆ ਜਾ ਸਕੇਗਾ।

ਇਸ ਪਹਿਲਕਦਮੀ ਰਾਹੀਂ ਪੀਐੱਸਪੀਸੀਐੱਲ ਦਾ ਉਦੇਸ਼ ਕਰਮਚਾਰੀਆਂ ਵੱਲੋਂ ਦਿੱਤੇ ਗਏ ਨਵੀਨਤਮ ਵਿਚਾਰਾਂ ਨੂੰ ਉਤਸ਼ਾਹਿਤ ਕਰਨਾ, ਸੰਗਠਨਾਤਮਕ ਕਾਰਜਕੁਸ਼ਲਤਾ ਨੂੰ ਮਜ਼ਬੂਤ ਕਰਨਾ ਅਤੇ ਵਿਹਾਰਕ ਵਿਚਾਰਾਂ ਨੂੰ ਠੋਸ ਸੁਧਾਰਾਂ ਵਿੱਚ ਬਦਲਣਾ ਹੈ

ਪੰਜਾਬੀ ਯੂਨੀਵਰਸਿਟੀ ਵਿਖੇ ਡਾ. ਵਿਸ਼ਾਲ ਗੋਇਲ ਨੇ ਸੰਭਾਲਿਆ ਡਾਇਰੈਕਟਰ, ਈ.ਐੱਮ.ਆਰ.ਸੀ. ਵਜੋਂ ਅਹੁਦਾ

ਪਟਿਆਲਾ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬੀ ਯੂਨੀਵਰਸਿਟੀ ਵਿਖੇ ਡਾ. ਵਿਸ਼ਾਲ ਗੋਇਲ ਨੇ ਡਾਇਰੈਕਟਰ, ਈ.ਐੱਮ.ਆਰ.ਸੀ. ਵਜੋਂ ਆਪਣਾ ਅਹੁਦਾ ਸੰਭਾਲ਼ ਲਿਆ ਹੈ। ਉਨ੍ਹਾਂ ਵੱਲੋਂ ਅਹੁਦਾ ਸੰਭਾਲ਼ੇ ਜਾਣ ਮੌਕੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਉਚੇਚੇ ਤੌਰ 'ਤੇ ਪੁੱਜੇ ਅਤੇ ਆਪਣੀਆਂ ਸ਼ੁਭਕਾਮਨਾਵਾਂ ਦਿਤੀਆਂ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਉਨ੍ਹਾਂ ਦੀ ਅਗਵਾਈ ਹੇਠ ਈ.ਐੱਮ.ਆਰ.ਸੀ. ਸਿੱਖਿਆ ਅਤੇ ਮਲਟੀਮੀਡੀਆ ਸਮੱਗਰੀ ਦੇ ਨਿਰਮਾਣ ਵਿੱਚ ਨਵੀਆਂ ਬੁਲੰਦੀਆਂ ਛੂਹੇਗਾ। ਉਨ੍ਹਾਂ ਉਮੀਦ ਪ੍ਰਗਟਾਈ ਕਿ ਪ੍ਰੋ. ਵਿਸ਼ਾਲ ਗੋਇਲ ਦਾ ਆਧੁਨਿਕ ਤਕਨਾਲੋਜੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਖੇਤਰ ਦਾ ਲੰਬਾ ਤਜਰਬਾ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਫੈਕਲਟੀ ਲਈ ਲਾਹੇਵੰਦ ਸਾਬਤ ਹੋਵੇਗਾ। ਉਨ੍ਹਾਂ ਇਸ ਸੈਂਟਰ ਨੂੰ ਹੋਰ ਬਿਹਤਰ ਬਣਾਉਣ ਅਤੇ ਇਸਦੇ ਘੇਰੇ ਨੂੰ ਵਿਸ਼ਾਲ ਕੀਤੇ ਜਾਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿਵਾਇਆ।

ਜ਼ਿਕਰਯੋਗ ਹੈ ਕਿ ਇਹ ਸੈਂਟਰ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਵੱਲੋਂ ਦੇਸ਼ ਭਰ ਵਿੱਚ ਗੁਣਵੱਤਾ ਭਰਪੂਰ ਵਿਦਿਅਕ ਵੀਡੀਓ ਅਤੇ ਮਲਟੀਮੀਡੀਆ ਸਮੱਗਰੀ ਤਿਆਰ ਕਰਨ ਲਈ ਸਥਾਪਤ ਕੀਤੇ ਗਏ 20 ਕੇਂਦਰਾਂ ਵਿੱਚੋਂ ਇੱਕ ਹੈ। ਨਵੀਂ ਦਿੱਲੀ ਸਥਿਤ 'ਕਨਸੋਰਟੀਅਮ ਫ਼ਾਰ ਐਜੂਕੇਸ਼ਨਲ ਕਮਿਊਨੀਕੇਸ਼ਨ' (353) ਇਨ੍ਹਾਂ ਕੇਂਦਰਾਂ ਦੀਆਂ ਗਤੀਵਿਧੀਆਂ ਦਾ ਤਾਲਮੇਲ ਕਰਦਾ ਹੈ। ਇਸ ਕੇਂਦਰ ਦੀ ਸਥਾਪਨਾ ਸਾਲ 1989 ਵਿੱਚ ਯੂ.ਜੀ.ਸੀ.-ਸੀ.ਈ.ਸੀ. ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ 'ਆਡੀਓ ਵਿਜ਼ੁਅਲ ਰਿਸਰਚ ਸੈਂਟਰ' ਵਜੋਂ ਕੀਤੀ ਗਈ ਸੀ,

SEA DESIGN COMPANY
Customized and Designer

- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

ਪਿੰਡ ਮਾਝੀ ਵਿਖੇ 53.56 ਲੱਖ ਰੁਪਏ ਦੀ ਲਾਗਤ ਨਾਲ ਜ਼ਮੀਨਦੋਜ਼ ਪਾਈਪਲਾਈਨ ਵਿਛਾਉਣ ਦੇ ਕੰਮ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਰਵਾਈ ਸ਼ੁਰੂਆਤ

ਭਵਾਨੀਗੜ੍ਹ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਖੇਤੀ ਲਈ ਪਾਣੀ ਦੀ ਸੁਚੱਜੀ ਵਰਤੋਂ ਯਕੀਨੀ ਬਣਾਉਣ ਅਤੇ ਕਿਸਾਨਾਂ ਨੂੰ ਬਿਹਤਰ ਸਿੰਜਾਈ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਮਾਝੀ ਵਿਖੇ 53 ਲੱਖ 56 ਹਜ਼ਾਰ ਰੁਪਏ ਦੀ ਲਾਗਤ ਵਾਲੇ ਜ਼ਮੀਨਦੋਜ਼ ਪਾਈਪਲਾਈਨ ਪ੍ਰਾਜੈਕਟ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਪ੍ਰਾਜੈਕਟ ਤਹਿਤ 4980 ਮੀਟਰ ਲੰਬੀ ਪਾਈਪਲਾਈਨ ਵਿਛਾਈ ਜਾਵੇਗੀ, ਜਿਸ ਨਾਲ 362 ਏਕੜ ਖੇਤੀਯੋਗ ਰਕਬੇ ਨੂੰ ਸਿੰਜਾਈ ਦੀ ਸਹੂਲਤ ਮਿਲੇਗੀ ਅਤੇ 56 ਕਿਸਾਨ ਪਰਿਵਾਰਾਂ ਨੂੰ ਲਾਭ ਹੋਵੇਗਾ।

ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਖੇਤੀਬਾੜੀ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਸਿੰਜਾਈ ਪ੍ਰਬੰਧਾਂ ਨੂੰ ਵਧੇਰੇ ਕਾਰਗਰ ਬਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜ਼ਮੀਨਦੋਜ਼ ਪਾਈਪਲਾਈਨਾਂ ਰਾਹੀਂ ਪਾਣੀ ਖੇਤਾਂ ਤੱਕ ਪਹੁੰਚਾਉਣ ਨਾਲ ਰਸਤੇ ਵਿੱਚ ਹੋਣ ਵਾਲੇ ਪਾਣੀ ਦੇ ਨੁਕਸਾਨ ਨੂੰ ਘਟਾਉਣ ਅਤੇ ਉਪਲਬਧ ਪਾਣੀ ਦੀ ਬਿਹਤਰ ਵਰਤੋਂ ਕਰਨ ਵਿੱਚ ਮਦਦ ਮਿਲਦੀ ਹੈ। ਇਸ ਨਾਲ ਕਿਸਾਨਾਂ ਲਈ ਫ਼ਸਲਾਂ ਦੀ ਲੋੜ ਅਨੁਸਾਰ ਸਿੰਜਾਈ ਕਰਨੀ ਵੀ ਸੁਖਾਲੀ ਹੋਵੇਗੀ। ਪਾਣੀ ਦੀ ਵੰਡ ਲਈ 39 ਨੱਕਿਆਂ ਦਾ ਪ੍ਰਬੰਧ ਕੀਤਾ ਜਾਵੇਗਾ।

ਵਿਧਾਇਕ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀਆਂ ਜ਼ਮੀਨੀ ਲੋੜਾਂ ਅਨੁਸਾਰ ਸਹੂਲਤਾਂ ਵਿਕਸਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸਿੰਜਾਈ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਕੇ ਖੇਤੀ ਨੂੰ ਸਹੂਲਤਮੰਦ ਬਣਾਉਣ ਦੇ ਨਾਲ-ਨਾਲ ਪਾਣੀ ਵਰਗੇ ਕੀਮਤੀ ਕੁਦਰਤੀ ਸਰੋਤ ਦੀ ਸੰਭਾਲ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਸਬੰਧਤ ਕਿਸਾਨਾਂ ਨੂੰ ਪਾਣੀ ਖੇਤਾਂ ਤੱਕ ਲਿਜਾਣ ਲਈ ਬਿਹਤਰ ਵਿਵਸਥਾ ਮਿਲੇਗੀ। ਪਾਈਪਲਾਈਨ ਪ੍ਰਣਾਲੀ ਦੀ ਸੁਚੱਜੀ ਵਰਤੋਂ ਨਾਲ ਸਿੰਜਾਈ ਪ੍ਰਬੰਧਨ ਵਿੱਚ ਸੁਧਾਰ ਆਵੇਗਾ ਅਤੇ ਕਿਸਾਨਾਂ ਨੂੰ ਰੋਜ਼ਮਰ੍ਹਾ ਦੀਆਂ ਖੇਤੀ ਲੋੜਾਂ ਪੂਰੀਆਂ ਕਰਨ ਵਿੱਚ ਸਹਾਇਤਾ ਮਿਲੇਗੀ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਪਾਈਪਲਾਈਨ ਵਿਛਾਉਣ ਦੇ ਕੰਮ ਵਿੱਚ ਗੁਣਵੱਤਾ ਅਤੇ ਤਕਨੀਕੀ ਮਾਪਦੰਡਾਂ ਦੀ ਪੂਰੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਕੰਮ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਇਸ ਦਾ ਲਾਭ ਜਲਦੀ ਮਿਲ ਸਕੇ।

ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਪਾਈਪਲਾਈਨ ਦੀ ਸੰਭਾਲ ਅਤੇ ਪਾਣੀ ਦੀ ਸੰਜਮ ਨਾਲ ਵਰਤੋਂ ਵਿੱਚ ਸਹਿਯੋਗ ਦੇਣ, ਤਾਂ ਜੋ ਇਹ ਸਹੂਲਤ ਲੰਬੇ ਸਮੇਂ ਤੱਕ ਲਾਭਦਾਇਕ ਸਾਬਤ ਹੋਵੇ।

ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ, ਪੰਚ ਸਰਪੰਚ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

ਮੁਫਤ ਵਿਚ ਕੰਪਲੀਟ ਐਜੂਕੇਸ਼ਨ ਦੇਣ ਦਾ ਸੰਦੇਸ਼ ਲੈ ਕੇ ਕਸ਼ਮੀਰ ਤੋ ਕੰਨਿਆ ਕੁਮਾਰੀ ਤੱਕ ਸਾਈਕਲ ਤੇ ਮਾਰਚ ਕਰਨਗੇ ਰਾਜੀਵ ਕੌਸ਼ਲ

ਪਟਿਆਲਾ, 30 ਅਕਤੂਬਰ
-ਛਤਰਪਾਲ ਸਿੰਘ-

ਪਿਛਲੇ ਕਈ ਦਹਾਕਿਆਂ ਤੋ ਪਟਿਆਲਾ ਵਿਚ ਸਮਾਜ ਸੇਵਾ ਵਿਚ ਵੱਡੇ ਪੱਧਰ ਤੇ ਹਿੱਸਾ ਪਾ ਰਹੀ ਸ਼ੀਲਾ ਅਲੀਪੁਰੀਆ ਚੈਰੀਟੇਬਲ ਸੁਸਾਇਟੀ ਦਾ ਸੰਦੇਸ਼ ਹਰ ਵਿਅਕਤੀ ਆਪਣੇ ਜੀਵਨ ਵਿਚ ਇਕ ਲੋੜਵੰਦ ਬੱਚੇ ਨੂੰ ਕੰਪਲੀਟ ਮੁਫਤ ਐਜੂਕੇਸ਼ਨ ਦੇਵੇ ਨੂੰ ਸਾਰੀ ਦੁਨੀਆ ਵਿਚਪਹੁੰਚਾਉਣ ਲਈ ਸਾਬਕਾ ਅਸਿਸਟੈਂਟ ਕਮਿਸ਼ਨਰ ਰਾਜੀਵ ਕੌਸਲ ਸਾਈਕਲ ਤੇ ਕਸਮੀਰ ਤੋ ਕੰਨਿਆ ਕੁਮਾਰੀ ਤੱਕ ਪੈਦਲ ਮਾਰਚ ਕਰਨਗੇ ਤੇ ਥਾਂ ਥਾਂ ਤੇ ਰੁਕ ਕੇ ਇਹ ਸੰਦੇਸ਼ ਸਾਰੀ ਦੁਨੀਆ ਨੂੰ ਦੇਣਗੇ। ਸ਼ੀਲਾ ਅਲੀਪੁਰੀਆ ਐਜੂਕੇਸ਼ਨ ਸੁਸਾਇਟੀ ਦੇ ਮੁਖ ਸੇਵਾਦਾਰ ਉਘੇ ਸਮਾਜ ਸੇਵੀ ਸੀਨੀਅਰ ਸੀਏ ਅਜੇ ਅਲੀਪੁਰੀਆ ਤੇ ਉਨਾਦੀ ਪੂਰੀ ਟੀਮ ਲੰਬੇ ਸਮੇ ਤੋ 50 ਦੇ ਲਗਭਗ ਬਚਿਆਂ ਨੂੰ ਸੀਏ ਦੀ ਹਾਇਰ ਐਜੂਕੇਸ਼ਨ ਪੂਰੀ ਤਰ੍ਹਾ ਮੁਫਤ ਦਿਵਾ ਰਹੀ ਹੈ। ਹਰ ਸਾਲ ਇਹ ਸੁਸਾਇਟੀ ਸਰਕਾਰੀ ਸਕੂਲਾਂ ਵਿਚੋ ਹੁਸਿਆਰ ਤੇ ਲੋੜਵੰਦ ਬਚਿਆਂ ਨੂੰ ਅਡਾਪਟ ਕਰਦੀ ਹੈ ਤੇ ਉਨਾ ਨੂੰ ਪੂਰੀ ਕੰਪਲੀਟ ਤੇ ਹਾਇਰ ਐਜੂਕੇਸ਼ਨ ਮੁਫਤ ਦਿਵਾਉਦੀ ਹੈ। ਸੁਸਾਇਟੀ ਦਾ ਮੁਖ ਉਦੇਸ ਸਮਾਜ ਸੇਵਾ ਦੇ ਨਾਲ ਨਾਲ ਇਹ ਹੈ ਕਿ ਦੁਨੀਆ ਵਿਚ ਹਰ ਵਿਅਕਤੀ ਆਪਣੀ ਜਿੰਦਗੀ ਵਿਚ ਘਟੋ ਘਟ ਇਕ ਲੋੜਵੰਦ ਬੱਚੇ ਨੂੰ ਮੁਫਤ ਵਿਚ ਅਡਾਪਟ ਕਰਕੇ ਹਾਇਰ ਐਜੂਕੇਸ਼ਨ ਦੇਵੇ। ਹੁਣ ਸੁਸਾਇਟੀ ਨੇ ਇਸ ਸੰਦੇਸ਼ ਨੂੰ ਪੂਰੀ ਦੁਨੀਆਵਿਚ ਪਹੁਚਾਉਣ ਲਈ ਉਘੇ ਸਮਾਜ ਸੇਵੀ ਰਾਜੀਵ ਕੌਸਲ ਨੂੰ ਕਸਮੀਰ ਤੋ ਕੰਨਿਆ ਕੁਮਾਰੀ ਤੱਕ ਸਾਈਕਲ ਤੇ ਮਾਰਚ ਕਰਵਾਕੇਇਹ ਸੰਦੇਸ਼ ਥਾਂ ਥਾਂ ਪਹੁੰਚਾਉਣ ਦਾ ਸ਼ਲਾਘਾਯੋਗ ਫੈਸਲਾ ਕੀਤਾ ਹੈ,ਜਿਸਨੂੰ ਬਕਾਇਦਾ ਇਕ ਸਮਾਗਮ ਦੌਰਾਨ ਨਗਰ ਨਿਗਮ ਪਟਿਆਲਾ ਦੇ ਕਮਿਸ਼ਨਰ ਮੈਡਮ ਪੂਜਾ ਸਿਆਲ ਗਰੇਵਾਲ ਨੇ ਰਵਾਨਾ ਕੀਤਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਅਜੇ ਅਲੀਪੁਰੀਆ ਨੇ ਆਖਿਆ ਕਿ ਸਾਡੀ ਸੁਸਾਇਟੀ ਨੇ ਬਹੁਤ ਸਾਰੇ ਬਚਿਆਂ ਨੂੰ ਮੁਫਤ ਹਾਇਰ ਐਜੂਕੇਸ਼ਨਦਿਤੀ ਹੈ ਤੇ ਦੇ ਰਹੀ ਹੈ ਦਾ ਸੰਦੇਸ਼ ਹਰ ਵਿਅਕਤੀ ਆਪਣੇ ਜੀਵਨ ਵਿਚ ਇਕ ਲੋੜਵੰਦ ਬੱਚੇ ਨੂੰ ਪੂਰੀ ਤਰ੍ਹਾਂ ਮੁਫਤ ਕੰਪਲੀਟ ਹਾਇਰ ਐਜੂਕੇਸ਼ਨ ਦੇਵੇ। ਉਨਾ ਆਖਿਆ ਕਿ ਅਸੀ ਇਹ ਸਮਾਜ ਸੇਵਾ ਲਗਾਤਾਰ ਜਾਰੀ ਰਖਾਂਗੇ। ਇਸ ਮੌਕੇ ਵਿਸੇਸ ਤੌਰ ਤੇ ਕੇਕੇ ਪੈਥੇ ਸੁਪਰਡੈਂਟ ਆਫ ਪੁਲਸ ਸਾਬਕਾ, ਉੱਘੇ ਉਦਯੋਗਪਤੀ ਨਰੇਸ਼ ਗੁਪਤਾ, ਡਾ. ਭਗਵੰਤ ਸਿੰਘ, ਸੰਜੇ ਸਿੰਗਲਾ ਉੱਘੇ ਸਮਾਜ ਸੇਵੀ, ਅਮਰੀਸ਼ ਬਾਂਸਲ ਪਟਿਆਲਾ ਸਟੀਲ, ਸਤਪਾਲ ਗੋਇਲ, ਜਤਿੰਦਰ ਗੋਇਲ ਸੇਵਾਮੁਕਤ ਡਾਇਰੈਕਟਰ, ਨਰੇਸ਼ ਸੇਤੀਆ, ਡਾ. ਬ੍ਰਿਜੇਸ ਮੋਦੀ, ਗਿਤੇਸ਼ ਐਮਡੀ ਜੀਕੇ ਇੰਸਟੀਚਿਊਟ, ਕੁਨਾਲ ਕੁਮਾਰ ਉੱਘੇ ਰਿਅਲ ਅਸਟੇਟ ਕਾਰੋਬਾਰੀ, ਪ੍ਰਦੀਪ ਗੋਇਲ ਸੇਵਾਮੁਕਤ ਆਈਆਰਐਸ, ਦੀਪਾਂਸ਼ੂ ਸਿੰਗਲਾ ਅਤੇ ਵਿਸ਼ੇਸ਼ ਤੌਰ ਤੇ ਸੀਨੀਅਰ ਸੀਏ ਅਭਿਸ਼ੇਕ ਗੁਪਤਾ ਆਦਿ ਮੌਜੂਦ ਸਨ।

ਬੱਚਿਆਂ ਨੂੰ ਸੀਏ ਬਣਾਉਣ ਤੱਕ ਦਾ ਬੀੜਾ ਚੁੱਕਦੀ ਸੁਸਾਇਟੀ ਦਾ ਕੰਮ ਬੇਹਦ ਸ਼ਲਾਘਾਯੋਗ : ਕਮਿਸ਼ਨਰ

ਨਗਰ ਨਿਗਮ ਪਟਿਆਲਾ ਦੇ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਨੇ ਇਸ ਮੌਕੇ ਸੀਲਾ ਅਲੀਪੁਰੀਆ ਚੈਰੀਟੇਬਲ ਸੁਸਾਇਟੀ ਵੱਲੋਂ ਗਰੀਬ ਅਤੇ ਲੋੜਵੰਦ ਬੱਚਿਆਂ ਦੇ ਭਵਿੱਖ ਨੂੰ ਸੰਵਾਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਸੰਸਥਾ ਬੱਚਿਆਂ ਨੂੰ ਚਾਰਟਰਡ ਅਕਾਊਂਟੈਂਟ (ਸੀਏ) ਬਣਾਉਣ ਤੱਕ ਦੇ ਉਨਾ ਦੇ ਸਫਰ ਦਾ ਪੂਰਾ ਬੀੜਾ ਚੁੱਕਦੀ ਹੈ, ਜੋਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਕਮਿਸ਼ਨਰ ਪੂਜਾ ਸਿਆਲ ਨੇ ਕਿਹਾ ਕਿ ਸੀਏ ਅਜੇ ਅਲੀਪੁਰੀਆ ਦੀ ਅਗਵਾਈ ਹੇਠ ਪੂਰੀ ਟੀਮ ਵੱਲੋਂ ਕੀਤਾ ਜਾ ਰਿਹਾ ਕਾਰਜ ਸਮਾਜ ਸੇਵਾ ਦੀ ਇੱਕ ਵਧੀਆ ਮਿਸਾਲ ਹੈ। ਅਜਿਹੀਆਂ ਸੰਸਥਾਵਾਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਅੱਗੇ ਵਧਣ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਮੌਕਾ ਪ੍ਰਦਾਨ ਕਰਦੀਆਂ ਹਨ। ਉਨਾ ਕਿਹਾ ਕਿ ਆਰਥਿਕ ਤੰਗੀਆਂ ਕਾਰਨ ਕਈ ਵਾਰ ਹੋਣਹਾਰ ਬੱਚੇ ਉੱਚ ਸਿੱਖਿਆ ਹਾਸਲ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ। ਅਜਿਹੇ ਵਿੱਚ ਸੀਲਾ ਅਲੀਪੁਰੀਆ ਚੈਰੀਟੇਬਲ ਸੁਸਾਇਟੀ ਵਰਗੀਆਂ ਸੰਸਥਾਵਾਂ ਉਨ੍ਹਾਂ ਦੀ ਮਦਦ ਕਰਕੇ ਉਨ੍ਹਾਂ ਦਾ ਭਵਿੱਖ ਬਿਹਤਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਅਜਿਹੇ ਉਪਰਾਲਿਆਂ ਦੀ ਬਹੁਤ ਲੋੜ ਹੈ, ਤਾਂ ਜੋ ਗਰੀਬ ਅਤੇ ਲੋੜਵੰਦ ਬੱਚੇ ਵੀ ਉੱਚੇ ਮੁਕਾਮ ਹਾਸਲ ਕਰ ਸਕਣ।

ਰਾਜਾ ਵੜਿੰਗ ਨੇ 'ਆਪ' ਸਰਕਾਰ ਨੂੰ ਨਸ਼ਿਆਂ, ਅਪਰਾਧਾਂ ਤੇ ਭ੍ਰਿਸ਼ਟਾਚਾਰ 'ਤੇ ਘੇਰਿਆ, 4 ਨਵੰਬਰ ਨੂੰ ਰਾਹੁਲ ਗਾਂਧੀ ਕਰਨਗੇ ਪਰਦਾਫਾਸ਼

ਲੁਧਿਆਣਾ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਲੁਧਿਆਣਾ ਤੋਂ ਸੰਸਦ ਮੈਂਬਰ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪ੍ਰੈੱਸ ਕਾਨਫਰੰਸ ਦੌਰਾਨ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਨਸ਼ਿਆਂ, ਵਧ ਰਹੇ ਅਪਰਾਧਾਂ, ਭ੍ਰਿਸ਼ਟਾਚਾਰ ਅਤੇ ਅਧੂਰੇ ਵਾਅਦਿਆਂ ਦੇ ਮੁੱਦੇ 'ਤੇ ਘੇਰਿਆ। ਉਨ੍ਹਾਂ ਕਿਹਾ ਕਿ ਬਦਲਾਅ ਦੇ ਵਾਅਦੇ ਨਾਲ ਸੱਤਾ ਵਿੱਚ ਆਈ ਸਰਕਾਰ ਨੂੰ ਹੁਣ ਪੰਜਾਬ ਦੇ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।

ਵੜਿੰਗ ਨੇ ਸੂਬੇ ਵਿੱਚ ਨਸ਼ਾ ਤਸਕਰੀ, ਗੈਂਗਸਟਰਵਾਦ, ਕਤਲਾਂ, ਫਿਰੌਤੀਆਂ ਅਤੇ ਪੁਲਿਸ ਮੁਲਾਜ਼ਮਾਂ 'ਤੇ ਹਮਲਿਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਕਾਨੂੰਨ-ਵਿਵਸਥਾ ਕਾਇਮ ਰੱਖਣ ਵਿੱਚ ਨਾਕਾਮ ਰਹੀ ਹੈ। ਉਨ੍ਹਾਂ ਨੇ ਕਥਿਤ ਘੁਟਾਲਿਆਂ ਅਤੇ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਪਾਰਦਰਸ਼ੀ ਜਾਂਚ ਕਰਵਾਉਣ ਦੀ ਮੰਗ ਵੀ ਕੀਤੀ।

ਉਨ੍ਹਾਂ ਕਿਸਾਨਾਂ ਨੂੰ 22 ਫ਼ਸਲਾਂ 'ਤੇ ਐੱਮਐੱਸਪੀ ਦੇਣ, ਸਰਕਾਰੀ ਮੁਲਾਜ਼ਮਾਂ ਦੇ ਬਕਾਇਆ ਮਹਿੰਗਾਈ ਭੱਤੇ ਅਤੇ ਬਰਗਾੜੀ ਬੇਅਦਬੀ ਮਾਮਲੇ ਵਿੱਚ ਇਨਸਾਫ਼ ਵਰਗੇ ਮੁੱਦੇ ਉਠਾਉਂਦਿਆਂ ਸਰਕਾਰ ਨੂੰ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਕਰਨ ਦੀ ਅਪੀਲ ਕੀਤੀ।

ਰਾਜਾ ਵੜਿੰਗ ਨੇ ਐਲਾਨ ਕੀਤਾ ਕਿ 4 ਨਵੰਬਰ ਨੂੰ ਰਾਹੁਲ ਗਾਂਧੀ ਪੰਜਾਬ ਵਿੱਚ 'ਆਪ' ਸਰਕਾਰ ਦੇ ਨਸ਼ਿਆਂ, ਅਪਰਾਧਾਂ ਅਤੇ ਭ੍ਰਿਸ਼ਟਾਚਾਰ ਨਾਲ ਜੁੜੇ ਰਿਕਾਰਡ ਨੂੰ ਲੋਕਾਂ ਸਾਹਮਣੇ ਰੱਖਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਰ ਅਧੂਰੇ ਵਾਅਦੇ ਅਤੇ ਕਥਿਤ ਘੁਟਾਲੇ 'ਤੇ ਜਵਾਬਦੇਹੀ ਦੀ ਮੰਗ ਕਰਦੀ ਰਹੇਗੀ। ਉਨ੍ਹਾਂ 'ਪੰਜਾਬ ਮੰਗੇ ਹਿਸਾਬ' ਦਾ ਨਾਅਰਾ ਦੁਹਰਾਉਂਦਿਆਂ ਸਰਕਾਰ ਤੋਂ ਲੋਕਾਂ ਦੇ ਮੁੱਦਿਆਂ 'ਤੇ ਜਵਾਬ ਮੰਗਿਆ।

ਇਸ ਮੌਕੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਸੰਜੇ ਤਲਵਾਰ, ਸਾਬਕਾ ਵਿਧਾਇਕ ਸੁਰਿੰਦਰ ਡਾਬਰ ਅਤੇ ਰਾਕੇਸ਼ ਪਾਂਡੇ, ਸਿਮਰਜੀਤ ਬੈਂਸ, ਬਲਵਿੰਦਰ ਬੈਂਸ, ਜਗਤਾਰ ਸਿੰਘ ਹਿੱਸੋਵਾਲ, ਪਵਨ ਦੀਵਾਨ ਸਮੇਤ ਕਈ ਕਾਂਗਰਸੀ ਆਗੂ ਹਾਜ਼ਰ ਸਨ।

ਰੇਲ ਬਰਾਮਦ ਖੱਡ ਦੀ ਮਾਈਨਿੰਗ ਦਾ ਮੁੱਦਾ ਸੰਦੀਪ ਪਾਠਕ ਨੇ ਚੁੱਕਿਆ

ਡਿਪਟੀ ਕਮਿਸ਼ਨਰ ਦੇ ਹੁਕਮਾਂ ਦੀ ਉਲੰਘਣਾ ਦੇ ਲਗਾਏ ਦੋਸ਼ ਕੀਰਤਪੁਰ ਸਾਹਿਬ ਵਿਖੇ ਕਰੈਸ਼ਰ ਮਾਲਕ ਤੋਂ ਮਾਈਨਿੰਗ ਮਾਫੀਆ ਵੱਲੋਂ ਪੈਸੇ ਵਸੂਲਣ ਦਾ ਵੀ ਲਗਾਇਆ ਦੋਸ਼

ਰੂਪਨਗਰ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੇ ਇਸਤਰੀ ਵਿੰਗ ਦੀ ਸ਼ਹਿਰੀ ਜਥੇਬੰਦੀ ਵਲੋਂ ਇਸਤਰੀ ਅਕਾਲੀ ਦਲ ਦੀ ਪ੍ਰਧਾਨ ਬੀਬੀ ਹਰਗੋਬਿੰਦ ਕੌਰ, ਸਾਬਕਾ ਕੈਬਨਿਟ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ ਦੀ ਪ੍ਰਵਾਨਗੀ ਅਤੇ ਹਲਕਾ ਪ੍ਰਧਾਨ ਬੀਬਾ ਚਰਨਜੀਤ ਕੌਰ ਮਲਕਪੁਰ ਅਤੇ ਸ਼ਹਿਰੀ ਪ੍ਰਧਾਨ ਪਰਮਜੀਤ ਸਿੰਘ ਮੱਕੜ ਦੀ ਸਲਾਹ ਉਪਰੰਤ ਸ਼ਹਿਰ ਦੀ ਜਥੇਬੰਦੀ ਦੇ ਅਹੁਦੇਦਾਰਾਂ ਦਾ ਐਲਾਨ ਕਰ ਦਿੱਤਾ ਹੈ। ਜਿਸ ਮੁਤਾਬਿਕ ਬੀਬੀ ਬਲਵਿੰਦਰ ਕੌਰ ਸ਼ਾਮਪੁਰਾ ਸ਼ਹਿਰ ਦੇ ਪ੍ਰਧਾਨ ਹੋਣਗੇ ਜਦ ਕਿ ਕੁਲਵਿੰਦਰ ਕੌਰ ਘਈ,ਪੂਜਾ ਰਾਣੀ, ਮਨਜੀਤ ਕੌਰ ,ਗੁਰਨਾਮ ਕੌਰ,ਗੀਤਾ ਦੇਵੀ,ਬਲਵਿੰਦਰ ਕੌਰ ਤੰਬੜ,ਕੁਲਜੀਤ ਕੌਰ ਧਨੋਆ, ਸ਼ੀਤਲ Sharma ਸ਼ਰਮਾ,ਜਸਵਿੰਦਰ ਕੌਰ ਸ਼ੈਲੀ,ਬਬਲੀ,ਇਕਬਾਲ ਕੌਰ ਮੱਕੜ ਅਤੇ ਪਰਮਜੀਤ ਕੌਰ ਸੈਣੀ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸੁਰਿੰਦਰ ਕੌਰ, ਨਿਰਮਲ ਕੌਰ,ਸਰਬਜੀਤ ਕੌਰ, ਮੰਜੂ ਸੈਣੀ,ਇੰਦਰਜੀਤ ਕੌਰ, ਨਰਿੰਦਰ ਕੌਰ ਬਰਾੜ,ਸੀਮਾ ਰਾਣੀ,ਹਰਮੀਤ ਕੌਰ, ਸੁਰਿੰਦਰ ਕੌਰ, ਕਿਰਨਜੀਤ ਕੌਰ,

ਮਨਦੀਪ ਕੌਰ,ਬਲਜੀਤ ਕੌਰ, ਇੰਦਰਜੀਤ ਕੌਰ,ਹਰਦੀਪ ਕੌਰ,ਦਮਨ ਗਿੱਲ,ਅਮਰਜੀਤ ਕੌਰ, ਗੁਰਮੀਤ ਕੌਰ, ਗੁਰਲੀਨ ਕੌਰ,ਕਮਲਜੀਤ ਕੌਰ ਅਤੇ ਕਰਨਜੀਤ ਕੌਰ ਨੂੰ ਮੀਤ ਪ੍ਰਧਾਨ ਬਣਾਇਆ ਗਿਆ ਹੈ । ਸਰਬਜੀਤ ਕੌਰ, ਦਰਸ਼ਨ ਕੌਰ ਬਲਵਿੰਦਰ ਕੌਰ ਗਾਂਧੀ ਨਗਰ, ਬਲਜਿੰਦਰ ਕੌਰ ਮੱਕੜ, ਗੁਰਪ੍ਰੀਤ ਕੌਰ ਸੈਣੀ ਮਨਪ੍ਰੀਤ ਕੌਰ ਅਤੇ ਜਗਵਿੰਦਰ ਕੌਰ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ ।ਸੰਯੁਕਤ ਸਕੱਤਰ ਦੀ ਜ਼ੁੰਮੇਵਾਰੀ ਅਮਨ, ਸੁਰਜੀਤ ਕੌਰ,ਸੁਰਿੰਦਰ ਕੌਰ,ਮਲਕੀਤ ਕੌਰ, ਹਰਪ੍ਰੀਤ ਕੌਰ, ਰਾਜਦੀਪ ਕੌਰ,ਸੁਨਾਕਸ਼ੀ, ਅਨਾਮਿਕਾ, ਲਵਪ੍ਰੀਤ ਕੌਰ,ਅਮਨਜੋਤ ਕੌਰ, ਰੁਪਿੰਦਰ ਕੌਰ, ਮਨਜੀਤ ਕੌਰ, ਸੁਰਿੰਦਰ ਕੌਰ ਅਤੇ ਜਸਬੀਰ ਕੌਰ ਨੂੰ ਸੌਂਪੀ ਗਈ ਹੈ। ਇਸ ਤੋਂ ਇਲਾਵਾ ਬੀਬੀ ਪ੍ਰੀਤਮ ਕੌਰ ਭਿਓਰਾ,ਚਰਨਜੀਤ ਕੌਰ ਸ਼ਾਮਪੁਰਾ, ਹਰਭਜਨ ਕੌਰ ਹਰਬੰਸ ਕੌਰ ਗੁਰਦੇਵ ਕੌਰ ਅਤੇ ਬੀਬਾ ਦਲਜੀਤ ਕੌਰ ਦੇ ਨਾਮ ਪਾਰਟੀ ਦੀ ਸੂਬਾ ਜਥੇਬੰਦੀ ਵਿੱਚ ਸ਼ਾਮਲ ਕਰਨ ਲਈ ਭੇਜਦੀਏ ਗਏ ਹਨ। ਸ਼ਹਿਰੀ ਪ੍ਰਧਾਨ ਬਲਵਿੰਦਰ ਕੌਰ ਸ਼ਾਮਪੁਰਾ ਨੇ ਦੱਸਿਆ ਕਿ ਮਨਜੀਤ ਕੌਰ, ਪਰਮਜੀਤ ਕੌਰ, ਮਨਜੀਤ ਕੌਰ,ਕੁਲਦੀਪ ਕੌਰ, ਸੰਗੀਤਾ ਸ਼ਰਮਾ,ਚਰਨਜੀਤ ਕੌਰ ਲਾਂਬਾ,ਰਵਿੰਦਰ ਕੌਰ, ਮਨਦੀਪ ਕੌਰ,ਰਜਿੰਦਰ ਕੌਰ, ਸਤਿੰਦਰ ਕੌਰ,ਹਰਪਿੰਦਰ ਕੌਰ,ਗੁਰਵਿੰਦਰ ਕੌਰ, ਤਲਵਿੰਦਰ ਕੌਰ ਅਤੇ ਮੰਜੂ ਵਰਮਾ ਨੂੰ ਵਰਕਿੰਗ ਕਮੇਟੀ ਮੈਂਬਰ ਬਣਾਇਆ ਗਿਆ ਹੈ ।ਅੱਜ ਜਥੇਬੰਦੀ ਦਾ ਐਲਾਨ ਕਰਨ ਮੌਕੇ ਸਾਬਕਾ ਕੈਬਿਨੇਟ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ, ਜ਼ਿਲ੍ਹਾ ਪ੍ਰਧਾਨ ਦਰਬਾਰਾ ਸਿੰਘ ਬਾਲਾ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਪਰਮਜੀਤ ਸਿੰਘ ਮੱਕੜ ਇਸਤਰੀ ਅਕਾਲੀ ਦਲ ਦੀ ਹਲਕਾ ਪ੍ਰਧਾਨ ਬੀਬਾ ਚਰਨਜੀਤ ਕੌਰ ਮਲਕਪੁਰ, ਬਲਾਕ ਸੰਮਤੀ ਮੈਂਬਰ ਹਰਜਿੰਦਰ ਕੌਰ,ਯੂਥ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਰੁਪਿੰਦਰ ਸਿੰਘ ਲੱਖੇਵਾਲ, ਸੁਖਿੰਦਰ ਸਿੰਘ ਬੋਬੀ ਬੋਲਾ, ਦਲਜੀਤ ਸਿੰਘ ਭੁੱਟੋ, ਚੌਧਰੀ ਵੇਦ ਪ੍ਰਕਾਸ਼,ਸਰਬਜੀਤ ਸਿੰਘ ਮਸੂਤਾ, ਸਵਰਨ ਸਿੰਘ ਬੋਬੀ ਬਹਾਦਰਪੁਰ ਅਤੇ ਕੁਲਬੀਰ ਸਿੰਘ ਅਸਮਾਨਪੁਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਜਵੱਦੀ ਟਕਸਾਲ ਵਿਖੇ 26 ਤੋਂ 29 ਨਵੰਬਰ ਤੱਕ ਹੋਵੇਗਾ 35ਵਾਂ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ

ਲੁਧਿਆਣਾ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਗੁਰਦੁਆਰਾ ਗੁਰਗਿਆਨ ਪ੍ਰਕਾਸ਼, ਜਵੱਦੀ ਟਕਸਾਲ, ਵਿਖੇ 35ਵਾਂ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ 26 ਤੋਂ 29 ਨਵੰਬਰ ਤੱਕ ਕਰਵਾਇਆ ਜਾਵੇਗਾ। ਇਹ ਜਾਣਕਾਰੀ ਜਵੱਦੀ ਟਕਸਾਲ ਦੇ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਮੀਡੀਆ ਨਾਲ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ 26, 27 ਅਤੇ 28 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਬਾਣੀ ਦੇ ਰਾਗ-ਆਧਾਰਿਤ ਕੀਰਤਨ ਹੋਣਗੇ, ਜਦਕਿ 29 ਨਵੰਬਰ ਦਾ ਸਮਾਗਮ ਭਗਤ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਵੇਗਾ। ਸੰਮੇਲਨ ਦੌਰਾਨ ਦੇਸ਼-ਵਿਦੇਸ਼ ਤੋਂ ਪ੍ਰਸਿੱਧ ਰਾਗੀ ਜਥੇ ਗੁਰਬਾਣੀ ਕੀਰਤਨ ਕਰਨਗੇ ਅਤੇ ਪੰਥ ਪ੍ਰਸਿੱਧ ਕਥਾਵਾਚਕ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਸੰਤ ਅਮੀਰ ਸਿੰਘ ਜੀ ਨੇ ਕਿਹਾ ਕਿ ਗੁਰਬਾਣੀ ਸੰਗੀਤ ਸਤਿਗੁਰਾਂ ਵੱਲੋਂ ਮਾਨਵਤਾ ਨੂੰ ਬਖ਼ਸ਼ਿਆ ਇੱਕ ਅਨਮੋਲ ਵਰਦਾਨ ਹੈ। ਗੁਰਮਤਿ ਸੰਗੀਤ ਦੀ ਸੰਭਾਲ ਅਤੇ ਪ੍ਰਚਾਰ ਲਈ ਪਰਮ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਜਵੱਦੀ ਟਕਸਾਲ ਰਾਹੀਂ ਇਸ ਸੰਮੇਲਨ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਦੱਸਿਆ ਕਿ 26 ਅਤੇ 27 ਨਵੰਬਰ ਨੂੰ ਸ਼ਾਮ 6 ਤੋਂ ਰਾਤ 9:30 ਵਜੇ ਤੱਕ ਅਤੇ 28 ਤੇ 29 ਨਵੰਬਰ ਨੂੰ ਸਵੇਰੇ 4:30 ਵਜੇ ਤੋਂ ਰਾਤ 10 ਵਜੇ ਤੱਕ ਸਮਾਗਮ ਸਜਣਗੇ। ਸੰਮੇਲਨ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਵਿਦਿਅਕ ਸੰਸਥਾਵਾਂ ਦੇ ਨੁਮਾਇੰਦਿਆਂ ਸਮੇਤ ਗੁਰਮਤਿ ਸੰਗੀਤ ਪ੍ਰੇਮੀ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਨਗੇ।

ਮਾਨ ਸਰਕਾਰ ਅਤੇ ਸਿਹਤ ਵਿਭਾਗ ਤੇ ਮਿਲਾਵਟ ਖੋਰਾਂ ਖਿਲਾਫ ਕੀਤਾ ਪ੍ਰਦਰਸ਼ਨ

ਪਟਿਆਲਾ, 30 ਅਕਤੂਬਰ
-ਜੀ. ਐਸ. ਤੁੰਗ-

ਹਰ ਕਿਸਮ ਦੇ ਖਾਣ ਪੀਣ ਵਾਲੇ ਜ਼ਹਿਰ ਰੂਪੀ ਪਦਾਰਥਾਂ *ਚ ਮਿਲਾਵਟ ਤੋਂ ਮੁਕੰਮਲ ਛੁਟਕਾਰੇ ਲਈ ਤੇ ਵੇਚਣੇ ਬੰਦ ਕਰਵਾਉਣ ਸਬੰਧੀ ਨਿਊ ਪਟਿਆਲਾ ਵੈਲਫੇਅਰ ਕਲੱਬ ਵੱਲੋਂ ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਦੀ ਅਗਵਾਈ ਹੇਠ ਨਾਅਰੇਬਾਜੀ ਕਰਕੇ ਮਾਨ ਸਰਕਾਰ ਅਤੇ ਸਿਹਤ ਵਿਭਾਗ ਤੇ ਮਿਲਾਵਟ ਖੋਰਾਂ ਵਿਰੁੱਧ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਨੇ ਮੌਜੂਦਾ ਗਰਕ ਚੁੱਕੇ ਸਿਸਟਮ ਤੇ ਡੂੰਘੀ ਚਿੰਤਾ ਜਾਹਿਰ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਦੋ ਚਾਰ ਦਿਨ ਸਖਤੀ ਕਰਕੇ ਵਿਖਾਵੇ ਲਈ ਛਾਪੇਮਾਰੀ ਕਰ ਚੈਕਿੰਗ ਕਰਦਾ ਹੈ ਫਿਰ ਖਾਨਾ ਪੂਰਤੀ ਲਈ ਸੈਂਪਲ ਭਰੇ ਜਾਂਦੇ ਹਨ ਪਰ ਬਾਅਦ ਵਿੱਚ ਕਲੀਨ ਚਿੱਟ ਦਿੱਤੀ ਜਾਂਦੀ ਹੈ। ਪਰ ਇਹ ਵਰਤਾਵਾ ਸਾਰਾ ਸਾਲ ਜਿਉਂ ਦਾ ਤਿਉਂ ਚਲਦਾ ਰਹਿੰਦਾ ਹੈ। ਪਰ ਮਾਨ ਸਰਕਾਰ ਕੁੱਝ ਕਰਨ ਦੀ ਬਜਾਏ ਮੂਕ ਦਰਸ਼ਕ ਬਣ ਕੇ ਤਮਾਸ਼ਾ ਦੇਖਦੀ ਰਹਿੰਦੀ ਹੈ। ਮਿਲਾਵਟ ਖੋਰਾਂ ਤੇ ਮਾਨ ਸਰਕਾਰ ਨੂੰ ਵੱਡਾ ਐਕਸ਼ਨ ਲੈਣ ਦੀ ਸਖਤ ਲੋੜ ਹੈ ਕਿਉਂਕਿ ਮਿਲਾਵਟ ਖੋਰੀ ਦਾ ਧੰਦਾ ਸਿਹਤ ਵਿਭਾਗ ਦੀ ਮਿਲੀਭੁਗਤ ਤੇ ਬਿਨਾਂ ਨਹੀਂ ਚਲ ਸਕਦਾ, ਪ੍ਰਧਾਨ ਅਰਵਿੰਦਰ ਕੁਮਾਰਾ ਕਾਕਾ ਨੇ ਮਿਲਾਵਟ ਖੋਰਾਂ ਨੂੰ ਬਿਮਾਰੀਆਂ ਵੰਡਣ ਵਾਲੇ ਪੰਜਾਬ ਦੇ ਦੁਸ਼ਮਨ ਤੇ ਵੱਡੇ ਪਾਪੀ ਗੁਨੇਗਾਰ ਦੱਸਦਿਆਂ ਕਿਹਾ ਕਿ ਇਹੋ ਜਿਹੀ ਨਜਾਇਜ ਕਮਾਈ ਕਦੇ ਸੁੱਖਾਂ ਦੀ ਪ੍ਰਾਪਤੀ ਨਹੀਂ ਕਰਵਾ ਸਕਦੀ ਜਿਹੜੀ ਲੋਕਾਂ ਨੂੰ ਬਿਮਾਰੀਆਂ ਵੰਡਕੇ ਕੀਤੀ ਜਾਵੇ। ਮਿਲਾਵਟ ਖੋਰ ਆਪਣੇ ਵੱਧ ਮੁਨਾਫੇ ਦੀ ਖਾਤਰ ਲੋਕਾਂ ਨੂੰ ਮੌਤ ਦੇ ਮੂੰਹ ਵੱਲ ਧਕੇਲ ਰਹੇ ਹਨ ਜਦੋਂ ਕਿ ਮਿਲਾਵਟ ਕਰ ਵੇਚਣਾ ਲੋਕਾਂ ਦੀਆਂ ਹੱਤਿਆਵਾਂ ਕਰਨ ਦੇ ਬਰਾਬਰ ਗੁਨਾਹ ਹੈ। ਜਿਸ ਦੀ ਸਜ਼ਾ ਫਾਂਸੀ ਹੋਣੀ ਚਾਹੀਦੀ ਹੈ। ਮਿਲਾਵਟ ਖੋਰਾਂ ਦੇ ਬਰਾਬਰ ਸਿਹਤ ਵਿਭਾਗ ਦੇ ਅਨੇਕਾਂ ਅਧਿਕਾਰੀ, ਕਰਮਚਾਰੀ ਘੱਟ ਕਸੂਰਵਾਰ ਹਨ ਜਿਨ੍ਹਾਂ ਦੇ ਲਾਲਚ ਕਾਰਨ ਪੰਜਾਬ ਵਿੱਚ ਮਿਲਾਵਟ ਖੋਰੀ ਦਾ ਧੰਦਾ ਵੱਧ ਫੁੱਲ ਰਿਹਾ ਹੈ। ਜਿਸ ਦੇ ਲਈ ਸਿਹਤ ਵਿਭਾਗ ਦੇ ਅਨੇਕਾਂ ਅਧਿਕਾਰੀ ਕਰਮਚਾਰੀ ਪੂਰੀ ਤਰ੍ਹਾਂ ਜਿੰਮੇਵਾਰ ਹਨ। ਮਿਲਾਵਟ ਖੋਰ ਲੋਕਾਂ ਦੀਆਂ ਜਿੰਦਗੀਆਂ ਨਾਲ ਇਸੇ ਤਰ੍ਹਾਂ ਖੇਡਦੇ ਰਹੇ ਤਾਂ ਸਿਹਤ ਵਿਭਾਗ ਦੀ ਕੋਈ ਲੋੜ ਨਹੀਂ ਹੈ। ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮਿਲਾਵਟ ਖੋਰ ਅਤੇ ਸਿਹਤ ਵਿਭਾਗ ਦੇ ਖਿਲਾਫ ਅੱਜ ਵੀ ਨਾ ਅਵਾਜ ਚੁੱਕੀ ਤਾਂ ਤੁਹਾਡੀ ਆਪਣੀ ਮਿਹਨਤ ਦੀ ਕਮਾਈ ਗੰਭੀਰ ਬਿਮਾਰੀਆਂ ਦੇ ਮਹਿੰਗੇ ਇਲਾਜਾਂ ਵਿੱਚ ਬਰਬਾਦ ਹੁੰਦੀ ਜਾਵੇਗੀ ਅਤੇ ਕੈਂਸਰ ਵਰਗੇ ਰੋਗਾਂ ਦੇ ਦੁੱਖ ਵੀ ਭੋਗਣੇ ਪੈਣਗੇ। ਮਿਠਾਈਆਂ, ਘਿਓ, ਦੁੱਧ, ਪਨੀਰ ਅਤੇ ਕਰਿਆਨਾ ਹਰ ਕਿਸਮ ਦੇ ਖਾਣ ਪੀਣ ਵਾਲੇ ਪਦਾਰਥ ਮਿਲਾਵਟ ਦੇ ਸਿਕਾਰ ਹਨ ਲੱਖਾਂ ਲੀਟਰ ਦੁੱਧ ਕੈਮੀਕਲ ਤੋਂ ਤਿਆਰ ਕਰਕੇ ਪੰਜਾਬ ਭਰ ਵਿੱਚ ਸਪਲਾਈ ਹੋ ਰਿਹਾ ਹੈ। ਮਿਲਾਵਟ ਖਿਲਾਫ ਜਲਦ ਵੱਡੇ ਪੱਧਰ ਤੇ ਅੰਦੋਲਨ ਕੀਤਾ ਜਾਵੇਗਾ। ਇਸ ਮੌਕੇ ਕਰਮ ਸਿੰਘ, ਸਰਵਨ ਕੁਮਾਰ, ਗੁਰਦੀਪ ਸਿੰਘ, ਧਰਮਪਾਲ, ਕੰਵਲਜੀਤ ਸਿੰਘ, ਮਾਨ ਸਿੰਘ, ਧਰਮਿੰਦਰ ਸਿੰਘ, ਸੰਤ ਸਿੰਘ, ਸੂਰਜ ਕੁਮਾਰ, ਪ੍ਰਕਾਸ਼ ਸਿੰਘ, ਚਰਨਜੀਤ ਚੌਹਾਨ, ਸੁਖਵਿੰਦਰ ਸਿੰਘ, ਸਤਪਾਲ ਸਿੰਘ, ਕ੍ਰਿਸ਼ਨ ਕੁਮਾਰ, ਪ੍ਰੀਤਮ ਪਾਲ ਸਿੰਘ, ਬਲਜਿੰਦਰ ਸਿੰਘ, ਨਰੇਸ਼ ਕੁਮਾਰ ਆਦਿ ਹਾਜਰ ਸਨ।

ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਸਰਕਾਰੀ ਖਰੀਦ 100 ਲੱਖ ਮੀਟ੍ਰਿਕ ਟਨ ਤੋਂ ਪਾਰ: ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 30 ਅਕਤੂਬਰ
-ਜੀ. ਐਸ. ਤੁੰਗ-

ਸੂਬੇ ਲਈ ਇੱਕ ਵੱਡੀ ਪ੍ਰਾਪਤੀ ਤਹਿਤ ਪੰਜਾਬ ਦੀਆਂ ਮੰਡੀਆਂ ਵਿੱਚ ਸਰਕਾਰੀ ਏਜੰਸੀਆਂ ਵੱਲੋਂ ਝੋਨੇ ਦੀ ਕੁੱਲ ਖਰੀਦ 101.96 ਲੱਖ ਮੀਟ੍ਰਿਕ ਟਨ (ਐਲ.ਐਮ.ਟੀ.) ਤੋਂ ਪਾਰ ਹੋ ਗਈ ਹੈ।

ਇਸ ਦੇ ਨਾਲ ਹੀ 4.71 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ 20,713.24 ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਜਮ੍ਹਾਂ ਕਰਵਾਈ ਜਾ ਚੁੱਕੀ ਹੈ।

ਇਸ ਸਬੰਧੀ ਜਾਣਕਾਰੀ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਸੂਬੇ ਵਿੱਚ ਚੱਲ ਰਹੇ ਝੋਨੇ ਦੇ ਖਰੀਦ ਸੀਜ਼ਨ ਦੀ ਸਮੀਖਿਆ ਲਈ ਬੁਲਾਈ ਗਈ ਮੀਟਿੰਗ ਦੌਰਾਨ ਦਿੱਤੀ।

ਉਹਨਾਂ ਦੱਸਿਆ ਕਿ ਲਿਫਟਿੰਗ 70 ਲੱਖ ਮੀਟ੍ਰਿਕ ਟਨ ਹੋ ਚੁੱਕੀ ਹੈ, ਜੋ 72 ਘੰਟਿਆਂ ਦੇ ਚੱਕਰ ਦੇ ਹਿਸਾਬ ਨਾਲ ਲਗਭਗ 86 ਫੀਸਦੀ ਬਣਦੀ ਹੈ।

ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ 2500 ਤੋਂ ਵੱਧ ਮੰਡੀਆਂ ਚਾਲੂ ਹਨ ਅਤੇ ਕਿਸਾਨਾਂ ਦੀ ਫ਼ਸਲ 2461 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਖਰੀਦੀ ਜਾ ਰਹੀ ਹੈ। ਸ੍ਰੀ ਕਟਾਰੂਚੱਕ ਨੇ ਅੱਗੇ ਕਿਹਾ ਕਿ ਸੂਬਾ 180 ਲੱਖ ਮੀਟ੍ਰਿਕ ਟਨ ਦੇ ਖਰੀਦ ਟੀਚੇ ਨੂੰ ਆਸਾਨੀ ਨਾਲ ਪ੍ਰਾਪਤ ਕਰ ਲਵੇਗਾ। ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਤਾਕੀਦ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਬਾਹਰਲੇ ਸੂਬਿਆਂ ਦਾ ਝੋਨਾ ਪੰਜਾਬ ਦੀਆਂ ਮੰਡੀਆਂ ਵਿੱਚ ਨਾ ਵਿਕੇ ਅਤੇ ਖੇਤੀ ਖੇਤਰ ਦੇ ਹਿੱਤਾਂ ਦੀ ਰਾਖੀ ਲਈ ਇਸ ਸਬੰਧ ਵਿੱਚ ਸਖ਼ਤ ਨਿਗਰਾਨੀ ਰੱਖੀ ਜਾਵੇ। ਉਹਨਾਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਵੱਲੋਂ ਬੜੀ ਮਿਹਨਤ ਨਾਲ ਪੈਦਾ ਕੀਤੇ ਅਨਾਜ ਦੇ ਇੱਕ-ਇੱਕ ਦਾਣੇ ਦੀ ਖਰੀਦ ਲਈ ਵਚਨਬੱਧ ਹੈ।

ਇਸ ਮੌਕੇ ਪ੍ਰਮੁੱਖ ਸਕੱਤਰ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਸ੍ਰੀ ਰਾਹੁਲ ਤਿਵਾੜੀ, ਡਾਇਰੈਕਟਰ ਸ੍ਰੀ ਵਰਿੰਦਰ ਕੁਮਾਰ ਸ਼ਰਮਾ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਅਤੇ ਸ੍ਰੀ ਅਜੈਵੀਰ ਸਿੰਘ ਸਰਾਓ ਅਤੇ ਜਨਰਲ ਮੈਨੇਜਰ (ਵਿੱਤ) ਸ੍ਰੀ ਸਰਵੇਸ਼ ਕੁਮਾਰ ਵੀ ਮੌਜੂਦ ਸਨ।

ਸ਼ਹਿਰ ਦੀ ਨੁਹਾਰ ਬਦਲਣ ਲਈ 3 ਕਰੋੜ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ-ਦਰਸ਼ਨ ਸਿੰਘ ਚੀਮਾ

ਅਮਲੋਹ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੱਤਰਕਾਰ ਭਾਈਚਾਰੇ ਦੀ ਇਕ ਅਹਿਮ ਮੀਟਿੰਗ ਗੋਲਡ ਸਵੀਟਸ ਅਮਲੋਹ ਵਿਖੇ ਸ੍ਰੀ ਜਸਵੰਤ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਪੰਜਾਬ ਅਤੇ ਚੰਡੀਗੜ੍ਹ ਜਨਰਲਿਸਟ ਯੂਨੀਅਨ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਭੂਸ਼ਨ ਸੂਦ, ਸੀਨੀਅਰ ਪੱਤਰਕਾਰ ਹਰਪ੍ਰੀਤ ਸਿੰਘ ਗਿੱਲ, ਬ੍ਰਿਜ ਭੂਸ਼ਨ ਗਰਗ, ਜੋਗਿੰਦਰਪਾਲ ਫੈਜੂਲਾਪੁਰੀਆ, ਕੇਵਲ ਸਿੰਘ, ਗੁਰਚਰਨ ਸਿੰਘ ਜੰਜੂਆਂ, ਰਾਮ ਸਰਨ ਸੂਦ, ਅਜੇ ਕੁਮਾਰ, ਸਵਰਨਜੀਤ ਸਿੰਘ ਸੇਠੀ, ਨਾਹਰ ਸਿੰਘ ਰੰਗੀਲਾ, ਜਗਦੀਪ ਸਿੰਘ ਮਾਨਗੜ੍ਹ, ਜਗਮੀਤ ਸਿੰਘ, ਜਗਦੇਵ ਸਿੰਘ, ਗੁਰਪ੍ਰੀਤ ਸਿੰਘ, ਮਨਦੀਪ ਕੁਮਾਰ ਪੁਰੀ, ਡਾ. ਅਨਿਲ ਕੁਮਾਰ ਲੁਟਾਵਾ, ਹਿਤੇਸ਼ ਸਰਮਾ, ਸ਼ਾਸਤਰੀ ਗੁਰੂ ਦੱਤ ਸਰਮਾ ਅਤੇ ਲਖਵੀਰ ਸਿੰਘ ਲੱਖਾ ਅਤੇ ਰਵਿੰਦਰ ਕੌਰ ਆਦਿ ਨੇ ਸਿਰਕਤ ਕੀਤੀ। ਮੀਟਿੰਗ ਵਿਚ ਸ੍ਰੀ ਜਗਦੀਪ ਸਿੰਘ ਮਾਨਗੜ੍ਹ ਦੀ ਮਾਤਾ ਸੁਰਜੀਤ ਕੌਰ ਅਤੇ ਜਸਵੰਤ ਸਿੰਘ ਬਾਠ ਦੇ ਸਹੁੱਰੇ ਦਸੌਂਧ ਸਿੰਘ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ 2 ਮਿੰਟ ਲਈ ਮੋਨ ਧਾਰ ਕੇ ਸਰਧਾਂਜਲੀ ਦਿਤੀ ਗਈ। ਸ੍ਰੀ ਸੂਦ ਨੇ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਰਜਿ. ਦੇ 31 ਅਕਤੂਬਰ ਨੂੰ ਡਾ. ਬੀ.ਆਰ. ਅੰਬੇਦਕਰ ਭਵਨ ਮੁੱਲਾਪੁਰ-ਦਾਖਾ ਵਿਚ ਹੋ ਰਹੇ 13ਵੇਂ ਸੂਬਾਈ ਸਥਾਪਨਾ ਦਿਵਸ ਸਮਾਗਮ ਵਿਚ ਪੱਤਰਕਾਰ ਭਾਈਚਾਰ ਨੂੰ ਸਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਕੌਂਸਲ ਪ੍ਰਧਾਨ ਹਰਿੰਦਰ ਕੌਰ ਚੀਮਾ ਵਲੋਂ ਸ਼ਹਿਰ ਵਿਚ ਚਲਾਏ ਜਾ ਰਹੇ ਸਫ਼ਾਈ ਅਭਿਆਨ ਦੀ ਸਲਾਘਾ ਕੀਤੀ ਗਈ ਅਤੇ ਸਮਾਜ ਸੇਵੀ ਜਸਵੰਤ ਸਿੰਘ ਗੋਲਡ ਨੂੰ ਪੰਜਾਬ ਦੇ ਗਵਰਨਰ ਵਲੋਂ ਮਿਲੇ ਸਨਮਾਨ ਲਈ ਵਧਾਈ ਦਿਤੀ।

ਇਸ ਮੌਕੇ ਨਵ-ਨਿਯੁਕਤ ਕੌਂਸਲ ਪ੍ਰਧਾਨ ਹਰਿੰਦਰ ਕੌਰ ਚੀਮਾ ਦਾ ਸਨਮਾਨ ਉਨ੍ਹਾਂ ਦੇ ਸਹੁੱਰੇ ਦਰਸਨ ਸਿੰਘ ਚੀਮਾ ਨੂੰ ਦਿਤਾ ਗਿਆ। ਪੱਤਰਕਾਰਾਂ ਨਾਲ ਗਲਬਾਤ ਕਰਦਿਆ ਸ੍ਰੀਚੀਮਾ ਨੇ ਪੱਤਰਕਾਰ ਭਾਈਚਾਰੇ ਦਾ ਧੰਨਵਾਦ ਕਰਦਿਆ ਭਰੋਸਾ ਦਿਤਾ ਕਿ ਸ਼ਹਿਰ ਦੇ ਵਿਕਾਸ ਕਾਰਜਾਂ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਅਗਲੇ ਮਹੀਨੇ ਵਿਚ ਪਾਣੀ ਦੀ ਨਿਕਾਸੀ, ਪਾਰਕਾਂ ਆਦਿ ਦੇ ਕਾਰਜ ਸੂਰੂ ਕੀਤੇ ਜਾ ਰਹੇ ਹਨ ਅਤੇ 3 ਕਰੋੜ ਰੁਪਏ ਦੇ ਕਰੀਬ ਰਾਸ਼ੀ ਖਰਚ ਕਰਕੇ ਸ਼ਹਿਰ ਦੀ ਨੁਹਾਰ ਬਦਲੀ ਜਾਵੇਗੀ।

ਤਿਉਹਾਰਾਂ ਦੇ ਮੱਦੇਨਜ਼ਰ ਐਸ.ਡੀ.ਐਮ. ਤੇ ਜ਼ਿਲ੍ਹਾ ਸਿਹਤ ਅ.ਫਸਰ ਵੱਲੋਂ ਨਾਭਾ ਦੇ ਮਠਿਆਈ ਵਿਕਰੇਤਾਵਾਂ ਤੇ ਡੇਅਰੀ ਉਤਪਾਦ ਵਿਕਰੇਤਾਵਾਂ ਨਾਲ ਮੀਟਿੰਗ

ਖੋਆ, ਪਨੀਰ ਤੇ ਹੋਰ ਡੇਅਰੀ ਉਤਪਾਦਾਂ ਦੀ ਖਰੀਦ ਸਮੇਂ ਸਾਵਧਾਨੀ ਵਰਤਣ ਅਤੇ ਖੁਰਾਕ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨ ਦੀ ਹਦਾਇਤ

ਨਾਭਾ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਐਸ.ਡੀ.ਐਮ. ਨਾਭਾ ਏ.ਪੀ.ਐਸ. ਸੋਮਲ ਅਤੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਨਾਭਾ ਦੇ ਮਠਿਆਈ ਵਿਕਰੇਤਾਵਾਂ, ਡੇਅਰੀ ਉਤਪਾਦ ਵਿਕਰੇਤਾਵਾਂ ਅਤੇ ਡੇਅਰੀ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨੂੰ ਖੁਰਾਕੀ ਪਦਾਰਥਾਂ ਦੀ ਗੁਣਵੱਤਾ, ਸੁਰੱਖਿਆ ਅਤੇ ਸਾਫ਼-ਸਫ਼ਾਈ ਸਬੰਧੀ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਕਰਨ ਲਈ ਜਾਗਰੂਕ ਕੀਤਾ ਗਿਆ।

ਮੀਟਿੰਗ ਵਿੱਚ ਫੂਡ ਸੇਫਟੀ ਅਫ਼ਸਰ ਜਸਵਿੰਦਰ ਸਿੰਘ ਅਤੇ ਗੌਰਵ ਕੁਮਾਰ ਵੀ ਮੌਜੂਦ ਸਨ।

ਮੀਟਿੰਗ ਦੌਰਾਨ ਖੁਰਾਕੀ ਕਾਰੋਬਾਰੀਆਂ ਨੂੰ ਖੁਰਾਕੀ ਪਦਾਰਥਾਂ ਦੀ ਖਰੀਦ ਅਤੇ ਵਿਕਰੀ ਸਮੇਂ ਵਿਸ਼ੇਸ਼ ਸਾਵਧਾਨੀ ਵਰਤਣ ਦੀ ਹਦਾਇਤ ਕੀਤੀ ਗਈ। ਖ਼ਾਸ ਤੌਰ 'ਤੇ ਮਠਿਆਈਆਂ ਬਣਾਉਣ ਲਈ ਵਰਤੇ ਜਾਂਦੇ ਖੋਏ ਅਤੇ ਪਨੀਰ ਦੀ ਖਰੀਦ ਸਮੇਂ ਚੌਕਸੀ ਵਰਤਣ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਖੋਆ, ਪਨੀਰ ਅਤੇ ਹੋਰ ਡੇਅਰੀ ਉਤਪਾਦਾਂ ਦੀ ਖਰੀਦ ਅਣ-ਭਰੋਸੇਯੋਗ ਜਾਂ ਗੈਰ-ਪ੍ਰਮਾਣਿਤ ਸਰੋਤਾਂ ਤੋਂ ਨਾ ਕਰਨ ਅਤੇ ਮਠਿਆਈਆਂ ਬਣਾਉਣ ਲਈ ਵਰਤੀ ਜਾਂਦੀ ਸਮੱਗਰੀ ਦੀ ਗੁਣਵੱਤਾ ਤੇ ਸੁਰੱਖਿਆ ਯਕੀਨੀ ਬਣਾਉਣ।

ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਖੁਰਾਕੀ ਕਾਰੋਬਾਰੀਆਂ ਨੂੰ ਖਰੀਦ ਸਬੰਧੀ ਰਿਕਾਰਡ, ਬਿੱਲ, ਇਨਵੌਇਸ ਅਤੇ ਸਪਲਾਇਰਾਂ ਦੇ ਵੇਰਵੇ ਸਹੀ ਢੰਗ ਨਾਲ ਸੰਭਾਲ ਕੇ ਰੱਖਣ ਦੀ ਹਦਾਇਤ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਦੂਜੇ ਰਾਜਾਂ ਤੋਂ ਮੰਗਵਾਏ ਜਾਂਦੇ ਖੋਏ, ਪਨੀਰ ਅਤੇ ਹੋਰ ਡੇਅਰੀ ਉਤਪਾਦਾਂ ਦੇ ਸਰੋਤ ਦੀ ਪੁਸ਼ਟੀ ਕਰਨ ਅਤੇ ਉਨ੍ਹਾਂ ਦੀ ਸਪਲਾਈ ਸਬੰਧੀ ਪੂਰਾ ਰਿਕਾਰਡ ਰੱਖਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਖੁਰਾਕ ਸੁਰੱਖਿਆ ਅਤੇ ਮਿਆਰ ਐਕਟ, 2006 ਅਤੇ ਇਸ ਤਹਿਤ ਬਣਾਏ ਗਏ ਨਿਯਮਾਂ ਦੀ ਪਾਲਣਾ ਕਰਨਾ ਲਾਜ਼ਮੀ ਹੈ।

ਉਨ੍ਹਾਂ ਖੁਰਾਕੀ ਕਾਰੋਬਾਰੀਆਂ ਨੂੰ ਆਪਣੇ ਅਦਾਰਿਆਂ ਵਿੱਚ ਸਾਫ਼-ਸਫ਼ਾਈ ਅਤੇ ਸਵੱਛ ਵਾਤਾਵਰਣ ਬਣਾਈ ਰੱਖਣ, ਖੁਰਾਕੀ ਪਦਾਰਥਾਂ ਦੀ ਤਿਆਰੀ ਅਤੇ ਸਾਂਭ-ਸੰਭਾਲ ਦੌਰਾਨ ਸਿਹਤ ਸਬੰਧੀ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਕਰਨ ਅਤੇ ਖਪਤਕਾਰਾਂ ਨੂੰ ਸੁਰੱਖਿਅਤ ਤੇ ਮਿਆਰੀ ਖੁਰਾਕੀ ਪਦਾਰਥ ਹੀ ਵੇਚਣ ਦੇ ਨਿਰਦੇਸ਼ ਵੀ ਦਿੱਤੇ।

ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਤਿਉਹਾਰਾਂ ਦੇ ਸੀਜ਼ਨ ਦੌਰਾਨ ਖੁਰਾਕ ਸੁਰੱਖਿਆ ਵਿਭਾਗ ਵੱਲੋਂ ਜਾਂਚ ਅਤੇ ਸੈਂਪਲ ਲੈਣ ਦੀ ਮੁਹਿੰਮ ਲਗਾਤਾਰ ਜਾਰੀ ਰਹੇਗੀ। ਖੁਰਾਕ ਸੁਰੱਖਿਆ ਦੇ ਨਿਰਧਾਰਤ ਮਾਪਦੰਡਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਵਿਭਾਗ ਵੱਲੋਂ ਸਮੂਹ ਮਠਿਆਈ ਵਿਕਰੇਤਾਵਾਂ ਅਤੇ ਡੇਅਰੀ ਉਤਪਾਦ ਵਿਕਰੇਤਾਵਾਂ ਨੂੰ ਪ੍ਰਸ਼ਾਸਨ ਦਾ ਸਹਿਯੋਗ ਦੇਣ ਅਤੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਆਮ ਲੋਕਾਂ ਨੂੰ ਸੁਰੱਖਿਅਤ, ਸਾਫ਼-ਸੁਥਰੇ ਤੇ ਮਿਆਰੀ ਖੁਰਾਕੀ ਪਦਾਰਥ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ ਗਈ।

ਯੁੱਧ ਨਸ਼ਿਆਂ ਵਿਰੁੱਧ: ਅਹਿਮਦਗੜ੍ਹ ਵਿੱਚ ਨਸ਼ਾ ਤਸਕਰੀ ਦੇ ਮੁਲਜ਼ਮ ਦਾ ਘਰ ਢਾਹਿਆ; ਰਿਕਾਰਡ ਦੀ ਪੜਤਾਲ ਅਤੇ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਤੋਂ ਬਾਅਦ ਕਾਨੂੰਨ ਅਨੁਸਾਰ ਕਾਰਵਾਈ

ਮਲੇਰਕੋਟਲਾ, 30 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਆਪਣਾ ਸਖ਼ਤ ਰੁਖ਼ ਜਾਰੀ ਰੱਖਦਿਆਂ ਮਾਲੇਰਕੋਟਲਾ ਪੁਲਿਸ ਨੇ ਅੱਜ ਵਾਰਡ ਨੰਬਰ 4, ਅਹਿਮਦਗੜ੍ਹ ਵਿਖੇ ਨਸ਼ਾ ਤਸਕਰੀ ਦੇ ਇੱਕ ਮੁਲਜ਼ਮ ਦਾ ਘਰ ਢਾਹ ਦਿੱਤਾ। ਇਹ ਕਾਰਵਾਈ ਲਾਗੂ ਕਾਨੂੰਨ ਅਨੁਸਾਰ ਕੀਤੀ ਗਈ। ਕਾਰਵਾਈ ਤੋਂ ਪਹਿਲਾਂ ਜਾਇਦਾਦ ਦੀ ਮਾਲਕੀ ਅਤੇ ਸਬੰਧਤ ਰਿਕਾਰਡ ਦੀ ਪੜਤਾਲ ਕੀਤੀ ਗਈ ਅਤੇ ਸਮਰੱਥ ਅਧਿਕਾਰੀ ਤੋਂ ਪ੍ਰਵਾਨਗੀ ਲਈ ਗਈ। ਮੁਲਜ਼ਮ ਦੀ ਪਛਾਣ ਸਲੀਮ ਪੁੱਤਰ ਗਾਮਾ ਰਾਮ ਵਾਸੀ ਵਾਰਡ ਨੰਬਰ 4, ਅਹਿਮਦਗੜ੍ਹ, ਜ਼ਿਲ੍ਹਾ ਮਾਲੇਰਕੋਟਲਾ ਵਜੋਂ ਹੋਈ ਹੈ।

ਇਹ ਕਾਰਵਾਈ ਸੀਨੀਅਰ ਕਪਤਾਨ ਪੁਲਿਸ (ਐੱਸ.ਐੱਸ.ਪੀ.) ਹਰਕਮਲ ਪ੍ਰੀਤ ਸਿੰਘ ਖੱਖ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕੀਤੀ ਗਈ। ਕਾਰਵਾਈ ਦੀ ਅਗਵਾਈ ਐੱਸ.ਪੀ. (ਡੀ) ਸ੍ਰੀ ਰਮਨਦੀਪ ਸਿੰਘ ਭੁੱਲਰ, ਡੀ.ਐੱਸ.ਪੀ. ਅਹਿਮਦਗੜ੍ਹ ਸ੍ਰੀ ਇੰਦਰਪਾਲ ਸਿੰਘ ਚੌਹਾਨ ਅਤੇ ਐੱਸ.ਐੱਚ.ਓ. ਥਾਣਾ ਸਿਟੀ ਅਹਿਮਦਗੜ੍ਹ ਐੱਸ.ਆਈ. ਬਲੌਰ ਸਿੰਘ ਨੇ ਕੀਤੀ। ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਮੌਕੇ 'ਤੇ ਭਾਰੀ ਪੁਲਿਸ ਬਲ ਤਾਇਨਾਤ ਕੀਤਾ ਗਿਆ ਸੀ ਅਤੇ ਕਾਰਵਾਈ ਸ਼ਾਂਤੀਪੂਰਵਕ ਮੁਕੰਮਲ ਹੋਈ।

ਮੁਲਜ਼ਮ ਖ਼ਿਲਾਫ਼ ਦੋ ਅਪਰਾਧਿਕ ਮਾਮਲੇ ਦਰਜ ਹਨ। ਪਹਿਲਾ ਮਾਮਲਾ ਮੁਕੱਦਮਾ ਨੰਬਰ 14 ਮਿਤੀ 22.05.2017 ਅ/ਧ 3 ਰੇਲਵੇ ਐਕਟ, ਥਾਣਾ ਜੀ.ਆਰ.ਪੀ. ਸੰਗਰੂਰ ਵਿਖੇ ਦਰਜ ਹੈ। ਦੂਜਾ ਮਾਮਲਾ ਮੁਕੱਦਮਾ ਨੰਬਰ 90 ਮਿਤੀ 04.09.2026 ਅ/ਧ 22 ਐੱਨ.ਡੀ.ਪੀ.ਐੱਸ. ਐਕਟ, ਥਾਣਾ ਸਿਟੀ ਅਹਿਮਦਗੜ੍ਹ ਵਿਖੇ ਦਰਜ ਹੈ, ਜਿਸ ਵਿੱਚ ਉਸ ਪਾਸੋਂ 20 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਸਨ।

ਕਾਰਵਾਈ ਸੰਬੰਧੀ ਗੱਲ ਕਰਦਿਆਂ ਐੱਸ.ਐੱਸ.ਪੀ. ਖੱਖ ਨੇ ਕਿਹਾ ਕਿ ਨਸ਼ਿਆਂ ਦੀ ਅਸਲ ਕੀਮਤ ਘਰਾਂ ਅੰਦਰ ਚੁਕਾਈ ਜਾਂਦੀ ਹੈ। ਸਾਡੀਆਂ ਗਲੀਆਂ ਵਿੱਚ ਵਿਕਣ ਵਾਲੀ ਹਰ ਗੋਲੀ ਕਿਸੇ ਨਾ ਕਿਸੇ ਪਰਿਵਾਰ ਤੱਕ ਪਹੁੰਚਦੀ ਹੈ। ਉਹ ਉਸ ਮਾਂ ਤੱਕ ਪਹੁੰਚਦੀ ਹੈ ਜੋ ਦੇਰ ਰਾਤ ਤੱਕ ਦਰਵਾਜ਼ੇ 'ਤੇ ਉਡੀਕ ਕਰਦੀ ਹੈ, ਉਸ ਪਿਤਾ ਤੱਕ ਜੋ ਚੁੱਪ-ਚਾਪ ਆਪਣੀ ਉਮਰ ਭਰ ਦੀ ਕਮਾਈ ਇਲਾਜ 'ਤੇ ਖ਼ਰਚ ਕਰ ਦਿੰਦਾ ਹੈ, ਅਤੇ ਉਨ੍ਹਾਂ ਬੱਚਿਆਂ ਤੱਕ ਜੋ ਨਸ਼ੇ ਕਾਰਨ ਆਪਣੇ ਮਾਤਾ ਜਾਂ ਪਿਤਾ ਨੂੰ ਗੁਆਉਂਦੇ ਦੇਖ ਕੇ ਵੱਡੇ ਹੁੰਦੇ ਹਨ।

ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਇਸੇ ਦਰਦ ਤੋਂ ਮੁਨਾਫ਼ਾ ਕਮਾਉਂਦੇ ਹਨ। ਮਾਲੇਰਕੋਟਲਾ ਵਿੱਚ ਅਜਿਹੀਆਂ ਗਤੀਵਿਧੀਆਂ ਨੂੰ ਕੋਈ ਪਨਾਹ ਨਹੀਂ ਮਿਲੇਗੀ, ਉਨ੍ਹਾਂ ਕਿਹਾ।

ਉਨ੍ਹਾਂ ਅੱਗੇ ਕਿਹਾ ਕਿ ਇਹ ਕਾਰਵਾਈ ਪੂਰੀ ਤਰ੍ਹਾਂ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਕੀਤੀ ਗਈ ਹੈ। ਸਾਡੀ ਲੜਾਈ ਨਸ਼ਿਆਂ ਅਤੇ ਇਨ੍ਹਾਂ ਨੂੰ ਫੈਲਾਉਣ ਵਾਲਿਆਂ ਵਿਰੁੱਧ ਹੈ, ਨਾ ਕਿ ਪਰਿਵਾਰ ਦੇ ਬੇਕਸੂਰ ਮੈਂਬਰਾਂ ਵਿਰੁੱਧ, ਉਨ੍ਹਾਂ ਕਿਹਾ।

ਐੱਸ.ਐੱਸ.ਪੀ. ਖੱਖ ਨੇ ਇਸ ਧੰਦੇ ਵਿੱਚ ਸ਼ਾਮਲ ਲੋਕਾਂ ਨੂੰ ਵੀ ਅਪੀਲ ਕੀਤੀ। ਪਿੱਛੇ ਹਟ ਕੇ ਇਮਾਨਦਾਰੀ ਦੀ ਜ਼ਿੰਦਗੀ ਚੁਣਨ ਲਈ ਕਦੇ ਵੀ ਦੇਰ ਨਹੀਂ ਹੁੰਦੀ। ਨਸ਼ੇ ਦੀ ਲਤ ਨਾਲ ਜੂਝ ਰਿਹਾ ਕੋਈ ਵੀ ਵਿਅਕਤੀ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਅਤੇ ਓਟ ਕਲੀਨਿਕਾਂ ਵਿੱਚ ਮੁਫ਼ਤ ਇਲਾਜ ਪ੍ਰਾਪਤ ਕਰ ਸਕਦਾ ਹੈ, ਅਤੇ ਮਾਲੇਰਕੋਟਲਾ ਪੁਲਿਸ ਮਦਦ ਮੰਗਣ ਵਾਲੇ ਹਰ ਪਰਿਵਾਰ ਦੇ ਨਾਲ ਖੜ੍ਹੀ ਹੈ, ਉਨ੍ਹਾਂ ਕਿਹਾ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਵੀ ਜਾਣਕਾਰੀ ਨੇੜਲੇ ਥਾਣੇ ਜਾਂ ਸੇਫ਼ ਪੰਜਾਬ ਹੈਲਪਲਾਈਨ 9779-100-200 'ਤੇ ਸਾਂਝੀ ਕੀਤੀ ਜਾਵੇ। ਸੂਚਨਾ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

US ਦੀਆਂ ਮੱਧਕਾਲੀ ਚੋਣਾਂ ਤੋਂ ਪਹਿਲਾਂ ਵਧਿਆ ਸਿਆਸੀ ਘਮਸਾਨ



ਵਾਸ਼ਿੰਗਟਨ, 30 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-

US ਕਾਂਗਰਸ ਦੇ ਦੋਵਾਂ ਸਦਨਾਂ 'ਤੇ ਕੰਟਰੋਲ ਤੈਅ ਕਰਨ ਵਾਲੀਆਂ ਅਹਿਮ ਮੱਧ-ਮਿਆਦੀ (Mid-Term) ਚੋਣਾਂ 'ਚ ਸਿਰਫ਼ ਕੁੱਝ ਹੀ ਦਿਨ ਬਾਕੀ ਰਹਿ ਗਏ ਹਨ ਅਤੇ ਚੋਣ ਮੁਕਾਬਲਾ ਪੂਰੀ ਤਰ੍ਹਾਂ ਭੱਖ ਗਿਆ ਹੈ। ਰੀਪਬਲੀਕਨ ਰਾਸ਼ਟਰਪਤੀ Donald Trump ਵਲੋਂ ਵੋਟਰਾਂ ਨੂੰ ਇਹ ਅਪੀਲ ਕਰਨ ਤੋਂ ਬਾਅਦ ਕਿ ਉਹ ਇਸ ਚੋਣ ਨੂੰ ਉਨ੍ਹਾਂ ਦੇ ਆਪਣੇ ਰਾਸ਼ਟਰਪਤੀ ਕਾਰਜਕਾਲ 'ਤੇ ਇੱਕ ਜਨਮਤ ਸੰਗ੍ਰਹਿ (Referendum) ਵਜੋਂ ਦੇਖਣ, ਸਾਬਕਾ ਡੈਮੋਕ੍ਰੈਟਿਕ ਰਾਸ਼ਟਰਪਤੀ ਬਰਾਕ ਓਬਾਮਾ ਵੀ ਮੈਦਾਨ 'ਚ ਉਤਰ ਆਏ ਹਨ। ਕਲੀਵਲੈਂਡ ਅਤੇ ਡੀਟ੍ਰੋਇਟ 'ਚ ਰੈਲੀਆਂ ਨੂੰ ਸੰਬੋਧਨ ਕਰਦਿਆਂ, ਓਬਾਮਾ ਨੇ Trump ਪ੍ਰਸ਼ਾਸਨ 'ਤੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ ਲਗਾਏ, ਈਰਾਨ ਬਾਰੇ ਉਨ੍ਹਾਂ ਦੀ ਨੀਤੀ ਦਾ ਮਜ਼ਾਕ ਉਡਾਇਆ ਅਤੇ White House ਦੇ ਨਵੀਨੀਕਰਣ ਦੇ ਤਰੀਕੇ ਦੀ ਸਖ਼ਤ ਆਲੋਚਨਾ ਕੀਤੀ।

3 ਨਵੰਬਰ ਦੀ ਚੋਣ ਨੂੰ ਦੱਸਿਆ ਇੱਕ ਸਰਕਟ ਬ੍ਰੇਕਰ ਅਤੇ ਅਬਦੁੱਲ ਅਲ-ਸਈਦ ਲਈ ਵੋਟਾਂ ਦੀ ਕੀਤੀ ਮੰਗ: ਮਿਸ਼ੀਗਨ 'ਚ ਡੈਮੋਕ੍ਰੈਟਿਕ ਪਾਰਟੀ ਵਲੋਂ ਅਮਰੀਕੀ ਸੈਨੇਟ ਦੇ ਉਮੀਦਵਾਰ ਅਬਦੁੱਲ ਅਲ-ਸਈਦ ਲਈ ਪ੍ਰਚਾਰ ਕਰਦਿਆਂ ਓਬਾਮਾ ਨੇ 3 ਨਵੰਬਰ ਨੂੰ ਹੋਣ ਵਾਲੀਆਂ ਚੋਣਾਂ ਨੂੰ ਇੱਕ ਸਰਕਟ ਬ੍ਰੇਕਰ (ਭਾਵ, ਗ਼ਲਤ ਚੀਜ਼ਾਂ ਨੂੰ ਰੋਕਣ ਵਾਲਾ ਕਦਮ) ਕਰਾਰ ਦਿੱਤਾ। ਉਨ੍ਹਾਂ ਰੈਲੀ 'ਚ ਕਿਹਾ ਕਿ Trump ਪ੍ਰਸ਼ਾਸਨ ਦੀਆਂ ਮਨਮਾਨੀਆਂ ਅਤੇ ਗ਼ਲਤ ਕਾਰਵਾਈਆਂ ਨੂੰ ਰੋਕਣ ਲਈ ਅਤੇ ਸਰਕਾਰ 'ਚ ਜਵਾਬਦੇਹੀ ਬਹਾਲ ਕਰਨ ਲਈ ਇਸ ਸਰਕਟ ਬ੍ਰੇਕਰ ਨੂੰ ਸਰਗਰਮ ਕਰਨਾ ਬਹੁਤ ਜ਼ਰੂਰੀ ਹੈ। ਖ਼ਾਸ ਤੌਰ 'ਤੇ, ਮਿਸ਼ੀਗਨ 'ਚ ਡੈਮੋਕ੍ਰੈਟਿਕ ਉਮੀਦਵਾਰ ਅਲ-ਸਈਦ ਨੂੰ ਸਾਬਕਾ ਅਮਰੀਕੀ ਪ੍ਰਤੀਨਿਧੀ ਅਤੇ ਰੀਪਬਲੀਕਨ ਆਗੂ ਮਾਈਕ ਰੌਜਰਜ਼ ਤੋਂ ਸਖ਼ਤ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

Trump ਜਨਤਕ ਫ਼ੰਡਾਂ ਦੀ ਹੇਰਾਫ਼ੇਰੀ ਕਰਨ 'ਚ ਮਾਹਿਰ: Trump ਅਤੇ ਉਨ੍ਹਾਂ ਦਾ ਸਮਰਥਨ ਕਰਨ ਵਾਲੇ ਰੀਪਬਲੀਕਨ ਆਗੂਆਂ 'ਤੇ ਸਿੱਧਾ ਹਮਲਾ ਕਰਦਿਆਂ ਓਬਾਮਾ ਨੇ ਕਿਹਾ, "ਅਸੀਂ ਅਜਿਹਾ ਰਾਸ਼ਟਰਪਤੀ ਪਹਿਲਾਂ ਕਦੇ ਨਹੀਂ ਦੇਖਿਆ ਜੋ ਲੋਕਾਂ ਦੀ ਮਿਹਨਤ ਦੀ ਕਮਾਈ ਨੂੰ ਖੁੱਲ੍ਹੇਆਮ ਹੜੱਪਨ ਜਾਂ ਧੋਖਾਧੜੀ ਨਾਲ ਹਾਸਿਲ ਕਰਨ 'ਚ ਇੰਨਾ ਮਾਹਿਰ ਹੋਵੇ।" ਉਨ੍ਹਾਂ ਅੱਗੇ ਕਿਹਾ ਕਿ ਅਜਿਹਾ ਰਾਸ਼ਟਰਪਤੀ ਪਹਿਲਾਂ ਕਦੇ ਨਹੀਂ ਦੇਖਿਆ ਗਿਆ ਜਿਸ ਨੇ ਆਪਣੇ ਅਹੁਦੇ ਦੀ ਵਰਤੋਂ ਨਿੱਜੀ ਲਾਭ ਲਈ ਇੰਨੀ ਗ਼ਲਤ ਤਰੀਕੇ ਨਾਲ ਕੀਤੀ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਰੀਪਬਲੀਕਨ ਪਾਰਟੀ ਅਸਲ 'ਚ ਇੱਕ ਭ੍ਰਿਸ਼ਟ, ਅਯੋਗ ਜਾਂ ਨਾਕਾਮ ਪ੍ਰਸ਼ਾਸਨ ਦਾ ਸਮਾਨਾਰਥੀ ਬਣ ਗਈ ਹੈ। ਜਨਤਕ ਰਾਏ। ਵੀ ਕੁੱਝ ਅਜਿਹਾ ਹੀ ਬਿਆ ਉਨ੍ਹਾਂ ਦਲੀਲ ਦਿੱਤੀ ਕਿ ਚੱਲ ਰਹੇ ਟਕਰਾਅ ਨੇ ਅਸਲ 'ਚ ਈਰਾਨ ਦੇ ਆਰਥਿਕ ਪ੍ਰਭਾਵ ਨੂੰ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਹੋਰਮੂਜ਼ ਜਲਡਮਰੂ 'ਚ ਜਹਾਜ਼ਾਂ 'ਤੇ ਹਮਲਾ ਕਰਨ ਦੀਆਂ ਈਰਾਨੀ ਧਮਕੀਆਂ ਨੇ ਵਿਸ਼ਵ ਤੇਲ ਨਿਰਯਾਤਕਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ, ਜਿਸ ਨਾਲ ਈਰਾਨ ਨੂੰ ਵਿਸ਼ਵ ਤੇਲ ਸਪਲਾਈ ਦੇ ਇੱਕ ਅਹਿਮ ਰਸਤੇ 'ਤੇ ਇੱਕ ਤਰ੍ਹਾਂ ਦੀ 'ਵੀਟੋ ਸ਼ਕਤੀ '(ਰੋਕਣ ਦਾ ਅਧਿਕਾਰ) ਮਿਲ ਗਈ ਹੈ।

ਇਸ ਤੋਂ ਇਲਾਵਾ ਓਬਾਮਾ ਨੇ ਪ੍ਰਸ਼ਾਸਨ ਦੀਆਂ ਤਰਜੀਹਾਂ 'ਤੇ ਸਵਾਲ ਚੁੱਕੇ। ਉਨ੍ਹਾਂ ਨੇ ਰੱਖਿਆ ਸਕੱਤਰ ਪੀਟ ਹੈਗਸੈੱਥ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਹ ਫ਼ੌਜੀ ਜਵਾਨਾਂ ਦੇ ਚਿਹਰੇ ਦੀ ਬਣਤਰ ਅਤੇ ਟੈਸਟੋਸਟਰੋਨ ਦੇ ਪੱਧਰ ਵਰਗੇ ਮਾਮੂਲੀ ਮੁੱਦਿਆਂ 'ਤੇ ਧਿਆਨ ਕੇਂਦ੍ਰਿਤ ਕਰ ਰਹੇ ਹਨ। White House ਦੀ ਨਵੀਂ ਸਜਾਵਟ 'ਤੇ ਟਿੱਪਣੀ ਕਰਦਿਆਂ ਓਬਾਮਾ ਨੇ ਕਿਹਾ, "ਉਨ੍ਹਾਂ ਨੇ White House ਨੂੰ ਅਜਿਹਾ ਬਣਾ ਦਿੱਤਾ ਹੈ ਜਿਵੇਂ ਸੱਦਾਮ ਹੁਸੈਨ ਨੇ ਉਥੇ ਕੋਈ ਚੀਜ਼ ਕੇਕ ਫ਼ੈਕਟਰੀ ਖੋਲ੍ਹ ਦਿੱਤੀ ਹੋਵੇ।"

Trump ਨੇ ਤਿੱਖਾ ਪਲਟਵਾਰ ਕਰਦਿਆਂ ਓਬਾਮਾ ਨੂੰ ਦੱਸਿਆ ਬੇਹੱਦ ਅਯੋਗ: ਇਨ੍ਹਾਂ ਤਿੱਖੇ ਹਮਲਿਆਂ ਦੇ ਜਵਾਬ 'ਚ Trump ਨੇ ਆਪਣੇ ਸੋਸ਼ਲ ਮੀਡੀਆ ਪਲੈਟਫ਼ੌਰਮ Truthe Social 'ਤੇ ਪਲਟਵਾਰ ਕੀਤਾ। ਉਨ੍ਹਾਂ ਨੇ ਓਬਾਮਾ ਨੂੰ ਬੇਹੱਦ ਅਯੋਗ ਰਾਸ਼ਟਰਪਤੀ ਕਰਾਰ ਦਿੱਤਾ ਅਤੇ ਸੈਨੇਟ ਉਮੀਦਵਾਰ ਅਲ-ਸਈਦ 'ਤੇ ਗੰਭੀਰ ਨਿੱਜੀ ਦੋਸ਼ ਲਗਾਏ। ਈਰਾਨ ਦੇ ਮੁੱਦੇ 'ਤੇ ਓਬਾਮਾ ਪ੍ਰਸ਼ਾਸਨ ਨੂੰ ਨਿਸ਼ਾਨਾ ਬਣਾਉਂਦੇ ਹੋਏ Trump ਨੇ ਕਿਹਾ ਕਿ ਓਬਾਮਾ ਨੇ 2015 ਦੇ ਪ੍ਰਮਾਣੂ ਸਮਝੌਤੇ ਰਾਹੀਂ ਈਰਾਨ ਨੂੰ ਅਰਬਾਂ ਡਾਲਰ ਦਿੱਤੇ ਅਤੇ ਉਨ੍ਹਾਂ ਲਈ ਪ੍ਰਮਾਣੂ ਹਥਿਆਰ ਹਾਸਿਲ ਕਰਨ ਦਾ ਰਾਹ ਪੱਧਰਾ ਕੀਤਾ, ਇੱਕ ਅਜਿਹਾ ਸਮਝੌਤਾ ਜਿਸ ਤੋਂ US ਨੇ ਖ਼ੁਦ Trump ਦੇ ਪਹਿਲੇ ਕਾਰਜਕਾਲ ਦੌਰਾਨ ਆਪਣੇ ਆਪ ਨੂੰ ਵੱਖ ਕਰ ਲਿਆ ਸੀ।

ਕੇਵਲ ਸਿੰਘ ਢਿੱਲੋਂ ਦੀ ਅਗਵਾਈ 'ਤੇ ਚੌਧਰੀ ਸ਼ਿਆਮ ਲਾਲ ਗੁੱਜਰ ਬੀਜੇਪੀ 'ਚ ਸ਼ਾਮਲ

➢ ਸ਼੍ਰੋਮਣੀ ਅਕਾਲੀ ਦਲ ਬੀਸੀ ਵਿੰਗ ਦੇ ਪ੍ਰਧਾਨ ਨੇ ਸੈਂਕੜੇ ਸਾਥੀਆਂ ਸਮੇਤ ਭਾਜਪਾ ਦਾ ਫੜਿਆ ਪੱਲਾ
➢ ਪੰਜਾਬ ਦੇ ਹਾਲਾਤ ਚਿੰਤਾਜਨਕ, ਨਸ਼ਿਆਂ ਦਾ ਖ਼ਾਤਮਾ ਸਭ ਤੋਂ ਵੱਡੀ ਤਰਜੀਹ: ਢਿੱਲੋਂ ➢ ਨਸ਼ਾ, ਗੈਂਗਸਟਰਵਾਦ ਤੇ ਕਾਨੂੰਨ-ਵਿਵਸਥਾ 'ਤੇ ਢਿੱਲੋਂ ਦਾ ਸਰਕਾਰ 'ਤੇ ਹਮਲਾ, ਭਾਜਪਾ ਸਰਕਾਰ ਨੂੰ ਦੱਸਿਆ ਇੱਕੋ ਇੱਕ ਹੱਲ

ਮੁਹਾਲੀ, 30 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ, ਜਦੋਂ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਰਣਜੀਤ ਸਿੰਘ ਗਿੱਲ ਦੀ ਪ੍ਰੇਰਨਾ ਸਦਕਾ ਸ਼੍ਰੋਮਣੀ ਅਕਾਲੀ ਦਲ ਦੇ ਬੀਸੀ ਵਿੰਗ ਦੇ ਜ਼ਿਲ੍ਹਾ ਮੋਹਾਲੀ ਪ੍ਰਧਾਨ ਚੌਧਰੀ ਸ਼ਿਆਮ ਲਾਲ ਗੁੱਜਰ ਆਪਣੇ ਸੈਂਕੜੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋ ਗਏ। ਖਰੜ ਹਲਕੇ ਦੇ ਪਿੰਡ ਗੁੜਾ ਵਿਖੇ ਰੱਖੇ ਸਮਾਗਮ ਦੌਰਾਨ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਂਦਿਆਂ ਨਿੱਘਾ ਸਵਾਗਤ ਕੀਤਾ ਅਤੇ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਚੌਧਰੀ ਸ਼ਿਆਮ ਲਾਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਪੰਜਾਬ ਦੇ ਭਲੇ ਲਈ ਬਹੁਤ ਵਧੀਆ ਫ਼ੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ÷ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ÷ ਦੇ ਮੰਤਰ ਨਾਲ ਹਰ ਵਰਗ ਨੂੰ ਨਾਲ ਲੈ ਕੇ ਚੱਲ ਰਹੀ ਹੈ ਅਤੇ ਇਸੇ ਭਰੋਸੇ ਦੇ ਕਾਰਨ ਵੱਖ-ਵੱਖ ਭਾਈਚਾਰਿਆਂ ਦੇ ਲੋਕ ਭਾਜਪਾ ਨਾਲ ਜੁੜ ਰਹੇ ਹਨ।

ਢਿੱਲੋਂ ਨੇ ਕਿਹਾ ਕਿ ਅੱਜ ਗੁੱਜਰ ਭਾਈਚਾਰੇ ਵੱਲੋਂ ਵੱਡੀ ਗਿਣਤੀ ਵਿੱਚ ਭਾਜਪਾ ਨਾਲ ਜੁੜਨਾ ਬੇਹੱਦ ਖ਼ੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਗੁੱਜਰ ਭਾਈਚਾਰਾ ਆਪਣੀ ਮਿਹਨਤ ਅਤੇ ਸਮਾਜ ਪ੍ਰਤੀ ਯੋਗਦਾਨ ਲਈ ਜਾਣਿਆ ਜਾਂਦਾ ਹੈ ਅਤੇ ਪੰਜਾਬ ਦੀ ਤਰੱਕੀ ਵਿੱਚ ਇਸ ਭਾਈਚਾਰੇ ਦੀ ਮਹੱਤਵਪੂਰਨ ਭੂਮਿਕਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਿਆਮ ਲਾਲ ਅਤੇ ਉਨ੍ਹਾਂ ਦੇ ਸਾਥੀਆਂ ਦੇ ਸ਼ਾਮਲ ਹੋਣ ਨਾਲ ਭਾਜਪਾ ਹੋਰ ਮਜ਼ਬੂਤ ਹੋਈ ਹੈ।

ਸੂਬਾ ਪ੍ਰਧਾਨ ਨੇ ਕਿਹਾ ਕਿ ਅੱਜ ਪੰਜਾਬ ਦੇ ਹਾਲਾਤ ਬਹੁਤ ਚਿੰਤਾਜਨਕ ਹਨ। ਨਸ਼ਾ, ਗੈਂਗਸਟਰਵਾਦ, ਫਿਰੌਤੀਆਂ, ਕਤਲ, ਵਿਗੜੀ ਕਾਨੂੰਨ-ਵਿਵਸਥਾ, ਵਧਦਾ ਕਰਜ਼ਾ ਅਤੇ ਮਾਲੀ ਹਾਲਾਤ ਨੇ ਸੂਬੇ ਨੂੰ ਸੰਕਟ ਵਿੱਚ ਧੱਕ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਨਸ਼ਿਆਂ ਵਿਰੁੱਧ ਆਵਾਜ਼ ਉਠਾਉਂਦੇ ਹਨ, ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਅਤੇ ਸਰਕਾਰ ਦੀ ਨਾਕਾਮੀ ਸਾਹਮਣੇ ਲਿਆਉਣ ਵਾਲਿਆਂ ਨਾਲ ਧੱਕੇਸ਼ਾਹੀ ਕੀਤੀ ਜਾਂਦੀ ਹੈ। ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਹਰ ਰੋਜ਼ ਗੋਲੀਆਂ ਚੱਲ ਰਹੀਆਂ ਹਨ ਅਤੇ ਕਤਲ ਦੀਆਂ ਘਟਨਾਵਾਂ ਹੋ ਰਹੀਆਂ ਹਨ। ਉਨ੍ਹਾਂ ਮਾਨਸਾ ਦੇ ਪਰਮਿੰਦਰ ਸਿੰਘ ਝੋਟਾ ਅਤੇ ਪਿੰਡ ਭੰਮੇ ਕਲਾਂ ਦੇ ਨੌਜਵਾਨ ਦਲਜੀਤ ਜੀਤੂ ਦੇ ਮਾਮਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨਸਾਫ਼ ਦੇਣ ਦੀ ਬਜਾਏ ਪੀੜਤ ਪਰਿਵਾਰਾਂ ਨੂੰ ਹੋਰ ਧੱਕੇਸ਼ਾਹੀ ਸਹਿਣੀ ਪੈ ਰਹੀ ਹੈ।

ਢਿੱਲੋਂ ਨੇ ਕਿਹਾ ਕਿ ਅੱਜ ਸਭ ਤੋਂ ਵੱਡਾ ਮਸਲਾ ਪੰਜਾਬ ਦੀਆਂ ਨਸਲਾਂ ਨੂੰ ਬਚਾਉਣ ਦਾ ਹੈ। ਜੇਕਰ ਸਾਡੇ ਧੀਆਂ-ਪੁੱਤ ਹੀ ਸੁਰੱਖਿਅਤ ਨਹੀਂ ਰਹਿਣਗੇ ਤਾਂ ਹੋਰ ਸੁੱਖ-ਸਹੂਲਤਾਂ ਦਾ ਕੋਈ ਅਰਥ ਨਹੀਂ ਰਹਿੰਦਾ। ਇਸ ਲਈ ਨਸ਼ਿਆਂ ਦਾ ਖ਼ਾਤਮਾ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਨਸ਼ਾ ਮੁਕਤ ਪੰਜਾਬ ਯਾਤਰਾ ਰਾਹੀਂ ਸੂਬੇ ਨੂੰ ਨਸ਼ਿਆਂ ਤੋਂ ਮੁਕਤ ਬਣਾਉਣ ਦਾ ਸੰਕਲਪ ਲਿਆ ਹੈ ਅਤੇ ਕੇਂਦਰ ਸਰਕਾਰ ਦੀਆਂ ਮੁਹਿੰਮਾਂ ਨਾਲ 31 ਦਸੰਬਰ 2029 ਤੱਕ ਨਸ਼ਿਆਂ ਦੇ ਖ਼ਾਤਮੇ ਲਈ ਪੂਰੀ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇੱਕ ਮਜ਼ਬੂਤ ਅਤੇ ਇਮਾਨਦਾਰ ਸਰਕਾਰ ਦੀ ਲੋੜ ਹੈ ਅਤੇ ਭਾਜਪਾ ਦੇ ਸੁਸ਼ਾਸਨ ਅਤੇ ਵਿਕਾਸ ਦੇ ਟਰੈਕ ਰਿਕਾਰਡ ਦੇ ਆਧਾਰ 'ਤੇ ਪੰਜਾਬ ਦੀਆਂ ਸਮੱਸਿਆਵਾਂ ਦਾ ਹੱਲ ਭਾਰਤੀ ਜਨਤਾ ਪਾਰਟੀ ਹੀ ਦੇ ਸਕਦੀ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਹਰ ਵਰਗ ਤੱਕ ਪਾਰਟੀ ਦੀਆਂ ਨੀਤੀਆਂ ਪਹੁੰਚਾਉਣ ਦਾ ਸੱਦਾ ਦਿੱਤਾ। ਇਸ ਮੌਕੇ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਰਣਜੀਤ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਸੰਜੀਵ ਵਿਸ਼ਿਸ਼ਟ,ਚੌਧਰੀ ਓਮ ਪ੍ਰਕਾਸ਼ ਚੇਅਰਮੈਨ ਹਰਿਆਣਾ ਸਰਕਾਰ ਸਮੇਤ ਵੱਡੀ ਗਿਣਤੀ ਵਿਚ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ

'ਮਨ ਕੀ ਬਾਤ' ਚਿੱਤਰਕਲਾ ਪ੍ਰਦਰਸ਼ਨੀ ਵਿੱਚ ਪ੍ਰਧਾਨ ਮੰਤਰੀ ਮੋਦੀ ਦੇ 25 ਸਾਲਾਂ ਦੇ ਜਨਤਕ ਜੀਵਨ ਅਤੇ ਰਾਸ਼ਟਰ ਸੇਵਾ ਦਾ ਜਸ਼ਨ

ਨਵੀਂ ਦਿੱਲੀ, 30 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਉਨ੍ਹਾਂ ਨੂੰ ਵਿਸ਼ਵ ਪੰਜਾਬੀ ਸੰਗਠਨ ਵੱਲੋਂ ਕਰਵਾਏ 'ਮਨ ਕੀ ਬਾਤ' ਚਿੱਤਰਕਲਾ ਪ੍ਰਦਰਸ਼ਨੀ ਦੇ ਸਮਾਪਤੀ ਸਮਾਰੋਹ ਵਿੱਚ ਸ਼ਾਮਲ ਹੋਣ ਦਾ ਮਾਣ ਪ੍ਰਾਪਤ ਹੋਇਆ। ਇਹ ਪ੍ਰਦਰਸ਼ਨੀ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 25 ਸਾਲਾਂ ਦੇ ਵਿਲੱਖਣ ਜਨਤਕ ਜੀਵਨ ਅਤੇ ਲੋਕ ਸੇਵਾ ਦੇ ਸਫ਼ਰ ਨੂੰ ਸਮਰਪਿਤ ਹੈ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਇਸ ਵਿਸ਼ੇਸ਼ ਸਮਾਰੋਹ ਵਿੱਚ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਸ਼ਮੂਲੀਅਤ ਕਰਕੇ ਸਮਾਗਮ ਦੀ ਰੌਣਕ ਵਧਾਈ। ਉਨ੍ਹਾਂ ਕਿਹਾ ਕਿ ਇਹ ਪ੍ਰਦਰਸ਼ਨੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ, ਭਾਰਤ ਦੇਸ਼ ਪ੍ਰਤੀ ਸਮਰਪਣ ਅਤੇ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਕਲਾਤਮਕ ਢੰਗ ਨਾਲ ਦਰਸਾਉਣ ਦਾ ਇੱਕ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਇਸ ਸਮਾਗਮ ਵਿੱਚ ਸ਼ਾਮਲ ਹੋਣ ਦਾ ਮੌਕਾ ਪ੍ਰਦਾਨ ਕਰਨ ਲਈ ਰਾਜ ਸਭਾ ਮੈਂਬਰ ਅਤੇ ਵਿਸ਼ਵ ਪੰਜਾਬੀ ਸੰਗਠਨ ਦੇ ਕੌਮਾਂਤਰੀ ਪ੍ਰਧਾਨ ਡਾ. ਵਿਕਰਮਜੀਤ ਸਿੰਘ ਸਾਹਨੀ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਦੇਸ਼ ਦੀਆਂ ਪ੍ਰਾਪਤੀਆਂ, ਲੋਕ ਸੇਵਾ ਦੀ ਭਾਵਨਾ ਅਤੇ ਰਾਸ਼ਟਰੀ ਵਿਕਾਸ ਦੇ ਸਫ਼ਰ ਨੂੰ ਉਜਾਗਰ ਕਰਨ ਦੇ ਨਾਲ-ਨਾਲ ਕਲਾ ਰਾਹੀਂ ਸਮਾਜ ਨੂੰ ਸਕਾਰਾਤਮਕ ਸੰਦੇਸ਼ ਦੇਣ ਵਿੱਚ ਮਹਤਵਪੂਰਨ ਭੂਮਿਕਾ ਨਿਭਾਉਂਦੇ ਹਨ।

'ਨਸ਼ਾ ਕਰੇ ਬਰਬਾਦ, ਜ਼ਿੰਦਗੀ ਨਾਲ ਕਰ ਪਿਆਰ' ਦੇ ਨਾਅਰੇ ਨਾਲ ਵਿਦਿਆਰਥੀਆਂ ਨੇ ਘਰ-ਘਰ ਪਹੁੰਚਾਇਆ ਨਸ਼ਾ ਮੁਕਤੀ ਦਾ ਸੁਨੇਹਾ

ਮਲੇਰਕੋਟਲਾ, 30 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਨਸ਼ਿਆਂ ਵਿਰੁੱਧ ਜਾਗਰੂਕਤਾ ਨੂੰ ਜਨ-ਜਨ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਡੀ.ਐਸ.ਪੀ. (ਐਚ) ਸੁਮੀਤ ਸੂਦ ਅਤੇ ਥਾਣਾ ਸਿਟੀ-2 ਦੇ ਐਸ.ਐਚ.ਓ. ਬਲਜੀਤ ਸਿੰਘ ਦੀ ਅਗਵਾਈ ਹੇਠ ਇਸਲਾਮੀਆ ਸੀਨੀਅਰ ਸੈਕੰਡਰੀ ਸਕੂਲ, ਲੋਹਾ ਬਾਜ਼ਾਰ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਨਸ਼ਾ ਵਿਰੋਧੀ ਜਾਗਰੂਕਤਾ ਰੈਲੀ ਕੱਢੀ ਗਈ। ਇਹ ਰੈਲੀ ਨਸ਼ਿਆਂ ਦੇ ਪ੍ਰਭਾਵ ਪੱਖੋਂ ਸੰਵੇਦਨਸ਼ੀਲ ਵਜੋਂ ਪਛਾਣੇ ਗਏ ਖੇਤਰ ਵਿੱਚ ਪਹੁੰਚੀ, ਜਿੱਥੇ ਘਰ-ਘਰ ਨਸ਼ਾ ਮੁਕਤੀ ਦਾ ਸੁਨੇਹਾ ਦਿੱਤਾ ਗਿਆ।

ਇਸ ਮੌਕੇ ਡੀ.ਐਸ.ਪੀ. ਸੁਮੀਤ ਸੂਦ ਨੇ ਕਿਹਾ ਕਿ ਐਸ.ਐਸ.ਪੀ. ਹਰਕਮਲ ਪ੍ਰੀਤ ਸਿੰਘ ਖੱਖ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਿਸ ਨਸ਼ਾ ਤਸਕਰੀ ਵਿਰੁੱਧ ਜ਼ੀਰੋ ਟਾਲਰੈਂਸ ਦੀ ਨੀਤੀ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਪੁਲਿਸ ਕਾਰਵਾਈ ਤੱਕ ਸੀਮਤ ਨਹੀਂ, ਸਗੋਂ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਇਸ ਸਮਾਜਿਕ ਚੁਣੌਤੀ ਦਾ ਟਿਕਾਊ ਹੱਲ ਸੰਭਵ ਹੈ।

ਰੈਲੀ ਦੌਰਾਨ ਵਿਦਿਆਰਥੀਆਂ ਨੇ 'ਨਸ਼ਾ ਕਰੇ ਬਰਬਾਦ, ਜ਼ਿੰਦਗੀ ਨਾਲ ਕਰ ਪਿਆਰ' ਸਮੇਤ ਨਸ਼ਾ ਵਿਰੋਧੀ ਨਾਅਰਿਆਂ ਰਾਹੀਂ ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਐਸ.ਐਚ.ਓ. ਬਲਜੀਤ ਸਿੰਘ ਨੇ ਕਿਹਾ ਕਿ ਨਸ਼ਿਆਂ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਨਫ਼ਰਤ ਜਾਂ ਸਮਾਜਿਕ ਤਿਰਸਕਾਰ ਦੀ ਬਜਾਏ ਹਮਦਰਦੀ, ਇਲਾਜ ਅਤੇ ਮੁੜ ਵਸੇਬੇ ਲਈ ਸਹਿਯੋਗ ਦੀ ਲੋੜ ਹੈ।

ਡੀ.ਐਸ.ਪੀ. ਸੁਮੀਤ ਸੂਦ ਵਲੋਂ ਸਕੂਲੀ ਵਿਦਿਆਰਥੀਆਂ ਰਾਹੀਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਅਜਿਹੀ ਭਾਗੀਦਾਰੀ ਨਸ਼ਾ ਮੁਕਤ ਮਾਲੇਰਕੋਟਲਾ ਦੀ ਸਿਰਜਣਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

ਬ੍ਰਿਟਿਸ਼ ਸਰਕਾਰ ਨੇ ਜਾਰੀ ਕੀਤੀ ਐਡਵਾਈਜ਼ਰੀ: ਭਰ ਲਓ ਰਾਸ਼ਨ, ਫ਼ੋਨ-ਪਾਵਰਬੈਂਕ ਵੀ ਕਰ ਲਓ ਫ਼ੁੱਲ ਚਾਰਜ..!

ਲੰਡਨ, 30 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਇੱਕ ਪਾਸੇ ਜਿੱਥੇ ਦੁਨੀਆਂ ਦੇ ਕਈ ਦੇਸ਼ਾਂ 'ਚ ਜੰਗ ਕਾਰਨ ਤਬਾਹੀ ਆਈ ਹੋਈ ਹੈ, ਉੱਥੇ ਹੀ ਕਈ ਦੇਸ਼ ਅਜਿਹੇ ਵੀ ਹਨ ਜਿੱਥੇ ਕੁਦਰਤੀ ਮਾਰ ਦੇ ਖ਼ਦਸ਼ਿਆਂ ਕਾਰਨ ਹਾਹਾਕਾਰ ਮੱਚੀ ਹੋਈ ਹੈ। ਇਸੇ ਦੌਰਾਨ ਬ੍ਰਿਟਿਸ਼ ਸਰਕਾਰ ਨੇ ਦੇਸ਼ ਦੇ ਨਾਗਰਿਕਾਂ ਨੂੰ ਅਚਾਨਕ ਆਉਣ ਵਾਲੀਆਂ ਕੁਦਰਤੀ ਆਫ਼ਤਾਂ, ਖ਼ਰਾਬ ਮੌਸਮ ਅਤੇ ਸਾਈਬਰ ਹਮਲਿਆਂ ਤੋਂ ਬਚਾਅ ਲਈ ਇੱਕ ਅਹਿਮ ਐਡਵਾਈਜ਼ਰੀ ਜਾਰੀ ਕੀਤੀ ਹੈ। ਸਰਕਾਰ ਨੇ ਇੱਕ ਰਾਸ਼ਟਰੀ ਮੁਹਿੰਮ ਸ਼ੁਰੂ ਕੀਤੀ ਹੈ ਜਿਸ 'ਚ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਘਰਾਂ 'ਚ ਘੱਟੋ-ਘੱਟ ਤਿੰਨ ਦਿਨ ਬਿਨਾਂ ਬਿਜਲੀ, ਪਾਣੀ, ਫ਼ੋਨ ਨੈੱਟਵਰਕ ਅਤੇ ਇੰਟਰਨੈੱਟ ਦੇ ਰਹਿਣ ਲਈ ਜ਼ਰੂਰੀ ਚੀਜ਼ਾਂ ਦਾ ਇੰਤਜ਼ਾਮ ਕਰ ਕੇ ਰੱਖਣ।

ਇੱਕ ਤਾਜ਼ਾ ਸਰਵੇ ਅਨੁਸਾਰ ਬ੍ਰਿਟੇਨ ਦੇ ਸਿਰਫ਼ 13 ਫ਼ੀਸਦੀ ਲੋਕ ਹੀ ਕਿਸੇ ਅਜਿਹੀ ਐਮਰਜੈਂਸੀ ਦਾ ਸਾਹਮਣਾ ਕਰਨ ਲਈ ਤਿਆਰ ਹਨ। ਹਾਲਾਤ ਨੂੰ ਮੱਦੇਨਜ਼ਰ ਰੱਖਦੇ ਹੋਏ ਪ੍ਰਸ਼ਾਸਨ ਨੇ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਦੀ ਤਿਆਰੀ ਵਜੋਂ ਇਹ ਕਦਮ ਚੁੱਕਿਆ ਹੈ।

ਇਸ ਮੁਹਿੰਮ ਤਹਿਤ UK ਦੀ ਸੁਰੱਖਿਆ ਏਜੰਸੀ ਅਤੇ ਸਰਕਾਰ ਵਲੋਂ ਨਾਗਰਿਕਾਂ ਨੂੰ ਘਰਾਂ 'ਚ ਇਹ ਜ਼ਰੂਰੀ ਚੀਜ਼ਾਂ ਸਟੋਰ ਕਰਨ ਦੀ ਸਲਾਹ ਦਿੱਤੀ ਗਈ ਹੈ:

ਪਾਣੀ - ਇੱਕ ਵਿਅਕਤੀ ਰੋਜ਼ਾਨਾ ਔਸਤਨ ਘੱਟੋ-ਘੱਟ ਤਿੰਨ ਲੀਟਰ ਪਾਣੀ ਪੀ ਜਾਂਦਾ ਹੈ। ਇਸ ਹਿਸਾਬ ਨਾਲ ਤਿੰਨ ਦਿਨਾਂ ਲਈ ਪ੍ਰਤੀ ਵਿਅਕਤੀ ਨੌਂ ਲੀਟਰ ਬੋਤਲ ਬੰਦ ਪਾਣੀ ਅਤੇ ਖਾਣਾ ਬਣਾਉਣ ਅਤੇ ਸਫ਼ਾਈ ਲਈ ਵੱਖਰਾ ਪਾਣੀ ਸਟੋਰ ਕਰਨ ਦੀ ਸਲਾਹ ਦਿੱਤੀ ਗਈ ਹੈ।

ਖਾਣ-ਪੀਣ ਦਾ ਸਾਮਾਨ: ਨਾਗਰਿਕਾਂ ਨੂੰ ਖ਼ਰਾਬ ਨਾ ਹੋਣ ਵਾਲਾ ਸੁੱਕਾ ਭੋਜਨ ਜਿਵੇਂ ਕਿ ਡੱਬਾ ਬੰਦ ਮਾਸ, ਮੱਛੀ, ਸਬਜ਼ੀਆਂ, ਡਰਾਈ ਫ਼ਰੂਟਸ ਅਤੇ ਗਿਰੀ ਵਾਲੇ ਫ਼ਲ ਸਟੋਰ ਕਰਨ ਦੀ ਸਲਾਹ ਦਿੱਤੀ ਗਈ ਹੈ।

ਰੌਸ਼ਨੀ ਤੇ ਸਰਦੀ ਤੋਂ ਬਚਾਅ: ਹਨੇਰੇ 'ਚ ਟਾਰਚ, ਉਨ੍ਹਾਂ ਦੀਆਂ ਵਾਧੂ ਬੈਟਰੀਆਂ, ਕੰਬਲ, ਸਲੀਪਿੰਗ ਬੈਗ਼ ਅਤੇ ਗਰਮ ਕੱਪੜੇ ਰੱਖਣ ਦੀ ਅਪੀਲ ਕੀਤੀ ਗਈ ਹੈ।

ਸੰਚਾਰ ਦੇ ਸਾਧਨ: ਨਾਗਰਿਕਾਂ ਨੂੰ ਕਮਿਊਨੀਕੇਸ਼ਨ ਲਈ ਬੈਟਰੀ ਨਾਲ ਚੱਲਣ ਵਾਲਾ FM ਰੇਡੀਓ ਅਤੇ ਫ਼ੋਨ ਚਾਰਜ ਕਰਨ ਲਈ ਪਾਵਰ ਬੈਂਕ ਆਦਿ ਦਾ ਇੰਤਜ਼ਾਮ ਕਰ ਕੇ ਰੱਖਣ ਲਈ ਕਿਹਾ ਗਿਆ ਹੈ।

ਪੈਸੇ ਅਤੇ ਡੌਕਿਊਮੈਂਟਸ: ਲੋਕਾਂ ਨੂੰ ਕੁੱਝ ਨਕਦ ਪੈਸੇ, ATM Cards ਅਤੇ ਜ਼ਰੂਰੀ ਦਸਤਾਵੇਜ਼ਾਂ ਦੀਆਂ ਫ਼ੋਟੋ ਕਾਪੀਆਂ ਵੀ ਨਾਲ ਰੱਖਣ ਲਈ ਕਿਹਾ ਗਿਆ ਹੈ।

ਦਵਾਈਆਂ ਅਤੇ ਸਫ਼ਾਈ: ਸਿਹਤ ਦੀ ਤੰਦਰੁਸਤੀ ਲਈ ਫ਼ਸਟ-ਏਡ ਕਿੱਟ, ਜ਼ਰੂਰੀ ਦਵਾਈਆਂ, ਵੈੱਟ ਵਾਈਪਸ, ਹੈਂਡ ਸੈਨੇਟਾਈਜ਼ਰ, ਛੋਟੇ ਬੱਚਿਆਂ ਦਾ ਦੁੱਧ ਤੇ ਡਾਇਪਰ ਅਤੇ ਪਾਲਤੂ ਜਾਨਵਰਾਂ ਦੀ ਖ਼ੁਰਾਕ ਵੀ ਨਾਲ ਹੀ ਸਟੋਰ ਕਰਨ ਲਈ ਕਿਹਾ ਗਿਆ ਹੈ।

UK ਦੇ ਸੁਰੱਖਿਆ ਮੰਤਰੀ ਡੈਨ ਜਾਰਵਿਸ ਨੇ ਸੰਸਦ 'ਚ ਦੱਸਿਆ ਕਿ ਪਿਛਲੇ ਸਾਲਾਂ ਦੌਰਾਨ ਆਏ ਭਿਆਨਕ ਤੂਫ਼ਾਨਾਂ, ਹੜ੍ਹਾਂ ਅਤੇ ਗਰਮੀਆਂ 'ਚ ਜੰਗਲਾਂ 'ਚ ਲੱਗੀ ਅੱਗ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਆਧੁਨਿਕ ਸੁਵਿਧਾਵਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਕਿਸੇ ਵੀ ਸਮੇਂ ਖ਼ਤਰਨਾਕ ਹੋ ਸਕਦੀ ਹੈ।

ਸਰਕਾਰ ਨੇ ਮਿਡਲ ਈਸਟ ਦੇ ਜੰਗੀ ਹਾਲਾਤ ਅਤੇ ਸਮੁੰਦਰੀ ਇੰਟਰਨੈੱਟ ਕੇਬਲਾਂ 'ਤੇ ਮੰਡਰਾ ਰਹੇ ਖ਼ਤਰਿਆਂ ਦੇ ਮੱਦੇਨਜ਼ਰ ਇਹ ਕਦਮ ਚੁੱਕਿਆ ਹੈ ਤਾਂ ਜੋ ਐਮਰਜੈਂਸੀ ਦੇ ਸਮੇਂ ਨਾਗਰਿਕਾਂ ਨੂੰ ਜ਼ਿਆਦਾ ਮੁਸ਼ਕਿਲਾਂ ਦਾ ਸਾਹਮਣਾ ਨਾ ਕਰਨਾ ਪਵੇ ਤੇ ਉਹ ਅਜਿਹੇ ਹਾਲਾਤ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ।

ਚੰਡੀਗੜ੍ਹ ਲੇਬਰ ਵੈਲਫੇਅਰ ਬੋਰਡ ਨੇ ਮਹਿਲਾ ਕਰਮਚਾਰੀਆਂ ਲਈ ਕਲਿਆਣਕਾਰੀ ਲਾਭ ਵਧਾਉਣ, ਪੈਨਸ਼ਨ ਦੁੱਗਣੀ ਕਰਨ ਅਤੇ ਵਿੱਦਿਅਕ ਸਹਾਇਤਾ ਯੋਜਨਾਵਾਂ ਦੇ ਵਿਸਤਾਰ ਨੂੰ ਦਿੱਤੀ ਮਨਜ਼ੂਰੀ

ਚੰਡੀਗੜ੍ਹ, 30 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-

: ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ? ?ਕਰਨ ਅਤੇ ਉਨ੍ਹਾਂ ਦੇ ਕਲਿਆਣ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ ਚੰਡੀਗੜ੍ਹ ਲੇਬਰ ਵੈਲਫੇਅਰ ਬੋਰਡ (ਸੀਐੱਲਡਬਲਿਊਬੀ), ਯੂ.ਟੀ. ਚੰਡੀਗੜ੍ਹ ਨੇ ਆਪਣੀ 9ਵੀਂ ਮੀਟਿੰਗ ਵਿੱਚ ਵਿਭਿੰਨ ਕਲਿਆਣਕਾਰੀ ਯੋਜਨਾਵਾਂ ਵਿੱਚ ਮਹੱਤਵਪੂਰਨ ਸੰਸ਼ੋਧਨਾਂ ਅਤੇ ਨਵੀਆਂ ਪਹਿਲਾਂ ਨੂੰ ਮਨਜ਼ੂਰੀ ਦਿੱਤੀ।

ਇਹ ਮੀਟਿੰਗ ਕਿਰਤ ਸਕੱਤਰ- ਅਤੇ-ਚੇਅਰਪਰਸਨ, ਚੰਡੀਗੜ੍ਹ ਲੇਬਰ ਵੈਲਫੇਅਰ ਬੋਰਡ, ਸ਼੍ਰੀਮਤੀ ਅਨੁਰਾਧਾ ਐੱਸ. ਚਗਤੀ ਦੀ ਪ੍ਰਧਾਨਗੀ ਵਿੱਚ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਕਿਰਤ ਕਮਿਸ਼ਨਰ-ਅਤੇ-ਵੈਲਫੇਅਰ ਕਮਿਸ਼ਨਰ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਅਤੇ ਅਸਿਸਟੈਂਟ ਲੇਬਰ ਕਮਿਸ਼ਨਰ-ਅਤੇ-ਸਕੱਤਰ, ਚੰਡੀਗੜ੍ਹ ਲੇਬਰ ਵੈਲਫੇਅਰ ਬੋਰਡ,(ਸੀਐੱਲਡਬਲਿਊਬੀ), ਯੂ.ਟੀ. ਚੰਡੀਗੜ੍ਹ, ਸ਼੍ਰੀ ਆਕਾਸ਼ ਮਿੱਤਲ ਉਪਸਥਿਤ ਰਹੇ।

ਮੀਟਿੰਗ ਦੇ ਦੌਰਾਨ ਬੋਰਡ ਨੇ ਮਹਿਲਾ ਕਰਮਚਾਰੀਆਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ, ਪਾਤਰ ਲਾਭਾਰਥੀਆਂ ਦੀ ਸਮਾਜਿਕ ਸੁਰੱਖਿਆ ਵਧਾਉਣ ਅਤੇ ਸਿੱਖਿਆ ਤੇ ਡਿਜੀਟਲ ਸੁਵਿਧਾਵਾਂ ਤੱਕ ਉਨ੍ਹਾਂ ਦੀ ਪਹੁੰਚ ਸੁਨਿਸ਼ਚਿਤ ਕਰਨ ਦੇ ਉਦੇਸ਼ ਨਾਲ ਕਈ ਮਹੱਤਵਪੂਰਨ ਕਲਿਆਣਕਾਰੀ ਪ੍ਰਸਤਾਵਾਂ ਨੂੰ ਸਵੀਕ੍ਰਿਤੀ ਪ੍ਰਦਾਨ ਕੀਤੀ।

ਕੰਨਿਆਦਾਨ ਯੋਜਨਾ ਦੇ ਤਹਿਤ ਬੋਰਡ ਨੇ ਅਣਵਿਆਹੀਆਂ ਮਹਿਲਾ ਕਰਮਚਾਰੀਆਂ ਨੂੰ ਖ਼ੁਦ ਦੇ ਵਿਆਹ ਲਈ ਵੀ ਵਿੱਤੀ ਸਹਾਇਤਾ ਪ੍ਰਦਾਨ ਕਰਨ ਦਾ ਪ੍ਰਾਵਧਾਨ ਸ਼ਾਮਲ ਕਰਨ ਨੂੰ ਮਨਜ਼ੂਰੀ ਦਿੱਤੀ ਹੈ। ਇਸ ਨਾਲ ਯੋਜਨਾ ਦਾ ਦਾਇਰਾ ਵਧੇਗਾ ਅਤੇ ਮਹਿਲਾ ਕਰਮਚਾਰੀਆਂ ਨੂੰ ਪ੍ਰਤੱਖ ਤੌਰ 'ਤੇ ਲਾਭ ਮਿਲ ਸਕੇਗਾ।

ਮਾਤ੍ਰਤਵ (ਜਣੇਪਾ) ਲਾਭ ਯੋਜਨਾ ਦੇ ਤਹਿਤ ਮਹਿਲਾ ਕਰਮਚਾਰੀਆਂ ਨੂੰ ਤਨਖਾਹ ਮੁਆਵਜ਼ਾ ਅਤੇ ਪੋਸ਼ਣ ਸਬੰਧੀ ਜ਼ਰੂਰਤਾਂ ਲਈ 21,000 ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਤੋਂ ਇਲਾਵਾ, ਨਵਜੰਮੇ ਬੱਚੇ ਦੇ ਨਾਮ 'ਤੇ ?10,000 ਦੀ ਫਿਕਸਡ ਡਿਪਾਜ਼ਿਟ ਰਸੀਦ (ਐੱਫਡੀਆਰ) ਦਾ ਪ੍ਰਾਵਧਾਨ ਵੀ ਸਵੀਕ੍ਰਿਤ ਕੀਤਾ ਗਿਆ ਹੈ। ਇਸ ਪਹਿਲ ਦਾ ਉਦੇਸ਼ ਜਣੇਪੇ ਦੌਰਾਨ ਮਹਿਲਾ ਕਰਮਚਾਰੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਅਤੇ ਉਨ੍ਹਾਂ ਦੇ ਬੱਚਿਆਂ ਦੀ ਭਵਿੱਖ ਨੂੰ ਸੁਰੱਖਿਅਤ ਬਣਾਉਣ ਵਿੱਚ ਸਹਾਇਤਾ ਕਰਨਾ ਹੈ।

ਇੱਕ ਹੋਰ ਮਹੱਤਵਪੂਰਨ ਨਿਰਣੇ ਵਿੱਚ ਬੋਰਡ ਨੇ ਵਿਧਵਾ ਪੈਨਸ਼ਨ ਅਤੇ ਦਿੱਵਯਾਂਗਤਾ ਪੈਨਸ਼ਨ ਯੋਜਨਾਵਾਂ ਦੇ ਤਹਿਤ ਮਾਸਿਕ ਪੈਨਸ਼ਨ ?1,000 ਤੋਂ ਵਧਾ ਕੇ 2,000 ਕਰਨ ਨੂੰ ਮਨਜ਼ੂਰੀ ਦਿੱਤੀ ਹੈ। ਇਸ ਨਿਰਣੇ ਨਾਲ ਪਾਤਰ ਲਾਭਾਰਥੀਆਂ ਨੂੰ ਮਿਲਣ ਵਾਲੀ ਮਾਸਿਕ ਵਿੱਤੀ ਸਹਾਇਤਾ ਦੁੱਗਣੀ ਹੋ ਜਾਵੇਗੀ।

ਕਰਮਚਾਰੀਆਂ ਨੂੰ ਨਿਰੰਤਰ ਸਿੱਖਿਆ ਅਤੇ ਕੌਸ਼ਲ ਵਿਕਾਸ ਲਈ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਬੋਰਡ ਨੇ ਸਕਾਲਰਸ਼ਿਪ ਸਕੀਮ ਦਾ ਵਿਸਤਾਰ ਸਵੈ-ਅਧਿਐਨ ਦੇ ਜ਼ਰੀਏ ਸਿੱਖਿਆ ਪ੍ਰਾਪਤ ਕਰ ਰਹੇ ਕਾਰਜਰਤ ਕਰਮਚਾਰੀਆਂ ਤੱਕ ਕਰਨ ਨੂੰ ਵੀ ਸਵੀਕ੍ਰਿਤੀ ਪ੍ਰਦਾਨ ਕੀਤੀ ਹੈ।

ਇਸ ਤੋਂ ਇਲਾਵਾ, ਡਿਜੀਟਲ ਸਿੱਖਿਆ ਦੇ ਵਧਦੇ ਮਹੱਤਵ ਨੂੰ ਧਿਆਨ ਵਿੱਚ ਰੱਖਦੇ ਹੋਏ ਬੋਰਡ ਨੇ ਨਵੀਂ ਡਿਜੀਟਲ ਸਿੱਖਿਆ ਯੋਜਨਾ ਸ਼ੁਰੂ ਕਰਨ ਨੂੰ ਮਨਜ਼ੂਰੀ ਦਿੱਤੀ ਹੈ। ਇਸ ਦੇ ਤਹਿਤ ਪਾਤਰ ਲਾਭਾਰਥੀਆਂ ਵਿੱਚ ਲੈਪਟੌਪ ਜਾਂ ਹੋਰ ਨਿਰਧਾਰਿਤ ਡਿਜੀਟਲ ਸਿਖਲਾਈ ਉਪਕਰਣ ਦੀ ਖਰੀਦ ਲਈ ?25,000 ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਇਹ ਲਾਭ ਨਿਰਧਾਰਿਤ ਸ਼ਰਤਾਂ ਦੇ ਅਨੁਸਾਰ ਜੀਵਨਕਾਲ ਵਿੱਚ ਇੱਕ ਵਾਰ ਉਪਲਬਧ ਹੋਵੇਗਾ।

ਬੋਰਡ ਦੁਆਰਾ ਲਏ ਗਏ ਇਹ ਨਿਰਣੇ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਕਲਿਆਣ, ਮਹਿਲਾ ਸਸ਼ਕਤੀਕਰਣ, ਸਮਾਜਿਕ ਤੇ ਆਰਥਿਕ ਸੁਰੱਖਿਆ ਅਤੇ ਸਿੱਖਿਆ ਅਤੇ ਡਿਜੀਟਲ ਸਮਾਵੇਸ਼ਣ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਹਨ।

ਸਵੀਕ੍ਰਿਤ ਸਾਰੇ ਕਲਿਆਣਕਾਰੀ ਉਪਾਵਾਂ ਨੂੰ ਸਬੰਧਿਤ ਯੋਜਨਾਵਾਂ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪਾਤਰਤਾ ਮਾਪਦੰਡਾਂ ਦੇ ਅਨੁਸਾਰ ਲਾਗੂ ਕੀਤਾ ਜਾਵੇਗਾ।

ਹਰਿਆਣਾ ਖ਼ਬਰਨਾਮਾ

ਚੰਡੀਗੜ੍ਹ ਅਤੇ ਆਸਪਾਸ ਦੇ ਖੇਤਰਾਂ ਵਿੱਚ ਛੇ ਸਥਾਨਾਂ ’ਤੇ ਖ਼ੂਨਦਾਨ ਅਤੇ ਮੁਫ਼ਤ ਮੈਡੀਕਲ ਕੈਂਪ ਲਗਾਏ

ਚੰਡੀਗੜ੍ਹ, 30 ਅਕਤੂਬਰ
-ਜੀ. ਐਸ. ਤੁੰਗ-

ਚੰਡੀਗੜ੍ਹ ਅਤੇ ਆਸਪਾਸ ਦੇ ਖੇਤਰਾਂ ਵਿੱਚ ਛੇ ਸਥਾਨਾਂ ’ਤੇ ਖ਼ੂਨਦਾਨ ਅਤੇ ਮੁਫ਼ਤ ਮੈਡੀਕਲ ਕੈਂਪ ਲਗਾਏ ਗਏ। ਇਨ੍ਹਾਂ ਵਿੱਚ ਡਿਪਟੀ ਕਮਿਸ਼ਨਰ ਦਫ਼ਤਰ, ਸੈਕਟਰ 17, ਚੰਡੀਗੜ੍ਹ ਅਤੇ ਹਰਿਆਣਾ ਸਿਵਲ ਸਕੱਤਰੇਤ, ਸੈਕਟਰ 1, ਚੰਡੀਗੜ੍ਹ ਸਹਿਤ ਹੋਰ ਸਥਾਨ ਸ਼ਾਮਲ ਰਹੇ। ਇਸ ਪਹਿਲ ਵਿੱਚ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐੱਮਸੀਐੱਚ), ਸੈਕਟਰ 32; ਪੀਜੀਆਈਐੱਮਈਆਰ, ਚੰਡੀਗੜ੍ਹ; ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ; ਅਤੇ ਸਰਕਾਰੀ ਹਸਪਤਾਲ, ਸੈਕਟਰ 6, ਪੰਚਕੂਲਾ ਸਹਿਤ ਵਿਭਿੰਨ ਸਿਹਤ ਸੰਸਥਾਵਾਂ ਨੇ ਸਹਿਯੋਗ ਕੀਤਾ।

ਇਨ੍ਹਾਂ ਕੈਂਪਾਂ ਵਿੱਚ ਲੋਕਾਂ ਦੀ ਉਤਸ਼ਾਹਜਨਕ ਭਾਗੀਦਾਰੀ ਰਹੀ। ਇਸ ਦੌਰਾਨ 400 ਯੂਨਿਟ ਤੋਂ ਅਧਿਕ ਖ਼ੂਨ ਇਕੱਤਰ ਕੀਤਾ ਗਿਆ, ਜਦਕਿ 1,150 ਤੋਂ ਅਧਿਕ ਮਰੀਜ਼ਾਂ ਨੇ ਮੁਫ਼ਤ ਮੈਡੀਕਲ ਸਲਾਹ-ਮਸ਼ਵਰੇ ਅਤੇ ਦਵਾਈਆਂ ਦਾ ਲਾਭ ਉਠਾਇਆ।

ਇਨ੍ਹਾਂ ਕੈਂਪਾਂ ਦਾ ਆਯੋਜਨ ’ਵਿਸ਼ਵ ਮਾਨਵ ਰੂਹਾਨੀ ਕੇਂਦਰ’ (ਵੀਐੱਮਆਰਕੇ), ਇੱਕ ਚੈਰੀਟੇਬਲ ਸੋਸਾਇਟੀ ਦੁਆਰਾ ਸੰਤ ਬਲਜੀਤ ਸਿੰਘ ਜੀ ਮਹਾਰਾਜ ਦੀ ਜਯੰਤੀ ਦੇ ਅਵਸਰ ’ਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ ਅਤੇ ਵਿਭਿੰਨ ਸਿਹਤ ਸੰਸਥਾਵਾਂ ਦੇ ਸਹਿਯੋਗ ਨਾਲ ਕੀਤਾ ਗਿਆ। ਕਰੁਣਾ ਅਤੇ ਨਿਰਸੁਆਰਥ ਸੇਵਾ ਦੀ ਭਾਵਨਾ ਤੋਂ ਪ੍ਰੇਰਿਤ ਇਹ ਸੰਸਥਾ ਬਿਨਾ ਕਿਸੇ ਭੇਦਭਾਵ ਦੇ ਸਿਹਤ ਸੇਵਾ, ਭੋਜਨ ਵੰਡ ਅਤੇ ਹੋਰ ਜਨਕਲਿਆਣਕਾਰੀ ਗਤੀਵਿਧੀਆਂ ਦੇ ਜ਼ਰੀਏ ਮਾਨਵਤਾ ਦੀ ਸੇਵਾ ਵਿੱਚ ਨਿਰੰਤਰ ਯੋਗਦਾਨ ਦੇ ਰਹੀ ਹੈ।

ਡਿਪਟੀ ਕਮਿਸ਼ਨਰ ਦਫ਼ਤਰ, ਸੈਕਟਰ 17, ਚੰਡੀਗੜ੍ਹ ਵਿਖੇ ਖ਼ੂਨ ਇਕੱਤਰ ਕਰਨ ਦਾ ਕਾਰਜ ਜੀਐੱਮਸੀਐੱਚ-32 ਦੁਆਰਾ ਕੀਤਾ ਗਿਆ, ਜਦਕਿ ਪੀਜੀਆਈਐੱਮਈਆਰ, ਚੰਡੀਗੜ੍ਹ ਨੇ ਹਰਿਆਣਾ ਸਿਵਲ ਸਕੱਤਰੇਤ, ਸੈਕਟਰ 1, ਚੰਡੀਗੜ੍ਹ; ਵੀਐੱਮਆਰਕੇ ਲਾਇਟਹਾਊਸ ਸੈਂਟਰ, ਭਬਾਤ ਅਤੇ ਐੱਚਐੱਸਵੀਪੀ ਦਫ਼ਤਰ, ਸੈਕਟਰ 6, ਪੰਚਕੂਲਾ ਵਿੱਚ ਲਗਾਏ ਗਏ ਕੈਂਪਾਂ ਵਿੱਚ ਸਹਿਯੋਗ ਦਿੱਤਾ।

ਇਸੇ ਤਰ੍ਹਾਂ, ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ ਨੇ ਵੀਐੱਮਆਰਕੇ ਲਾਇਟਹਾਊਸ ਸੈਂਟਰ, ਮੁੱਲਾਂਪੁਰ, ਮੋਹਾਲੀ ਵਿੱਚ ਖ਼ੂਨ ਇਕੱਤਰ ਕਰਨ ਦੀ ਵਿਵਸਥਾ ਸੰਭਾਲ਼ੀ, ਜਦਕਿ ਸਰਕਾਰੀ ਹਸਪਤਾਲ, ਸੈਕਟਰ 6, ਪੰਚਕੂਲਾ ਨੇ ਡਿਪਟੀ ਕਮਿਸ਼ਨਰ ਦਫ਼ਤਰ, ਮਿੰਨੀ ਸਕੱਤਰੇਤ, ਸੈਕਟਰ 1, ਪੰਚਕੂਲਾ ਵਿੱਚ ਲਗਾਏ ਗਏ ਕੈਂਪ ਵਿੱਚ ਸਹਿਯੋਗ ਦਿੱਤਾ।

ਚੰਡੀਗੜ੍ਹ ਪ੍ਰਸ਼ਾਸਨ ਸਵੈਇੱਛਕ ਖ਼ੂਨਦਾਨ ਅਤੇ ਨਿਵਾਰਕ ਸਿਹਤ ਸੇਵਾਵਾਂ ਨੂੰ ਹੁਲਾਰਾ ਦੇਣ ਲਈ ਜਾਗਰੂਕਤਾ ਪ੍ਰੋਗਰਾਮਾਂ ਅਤੇ ਸਿਹਤ ਸੰਸਥਾਵਾਂ ਅਤੇ ਸੈਲਫ ਹੈਲਪ ਸੰਗਠਨਾਂ ਦੇ ਸਹਿਯੋਗ ਨਾਲ ਆਯੋਜਿਤ ਵਿਭਿੰਨ ਪਹਿਲਾਂ ਨੂੰ ਨਿਰੰਤਰ ਪ੍ਰੋਤਸਾਹਨ ਕਰ ਰਿਹਾ ਹੈ। ਅਜਿਹੇ ਪ੍ਰਯਾਸ ਸਭ ਲਈ ਸੁਲਭ ਸਿਹਤ ਸੇਵਾਵਾਂ ਸੁਨਿਸ਼ਚਿਤ ਕਰਨ ਅਤੇ ਜਨਕਲਿਆਣ ਪ੍ਰਤੀ ਪ੍ਰਸ਼ਾਸਨ ਦੀ ਪ੍ਰਤੀਬੱਧਤਾ ਨੂੰ ਮਜ਼ਬੂਤ ਕਰਦੇ ਹਨ।

ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਦੇ ਪਹਿਲੇ ’ਹੁਨਰ ਉਤਸਵ’ ਦਾ ਉਦਘਾਟਨ ਕੀਤਾ

ਚੰਡੀਗੜ੍ਹ, 30 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੁਖਨਾ ਝੀਲ ’ਤੇ ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਪਹਿਲੇ ’ਸਕਿੱਲ ਫੈਸਟ’ ’ਹੁਨਰ ਉਤਸਵ 2026 - ਕੌਸ਼ਲ, ਸੰਸਕ੍ਰਿਤੀ, ਸਮ੍ਰਿੱਧੀ’ ਦਾ ਉਦਘਾਟਨ ਕੀਤਾ। ਇਸ ਅਵਸਰ ’ਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ’ਵਿਸ਼ਿਸ਼ਟ ਮਹਿਮਾਨ’ ਦੇ ਰੂਪ ਵਿੱਚ ਅਤੇ ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਣਾ ਪੁਰੀ ਅਤੇ ਸਕੂਲ ਸਿੱਖਿਆ ਡਾਇਰੈਕਟਰ ਸ਼੍ਰੀ ਨਿਤੀਸ਼ ਸਿੰਗਲਾ ਵੀ ਉਪਸਥਿਤ ਰਹੇ।

ਉਤਸਵ ਦੇ ਦੌਰਾਨ ਪ੍ਰਸ਼ਾਸਕ ਨੇ ਵਿਦਿਆਰਥੀਆਂ ਦੁਆਰਾ ਲਗਾਏ ਗਏ ਵਿਭਿੰਨ ਸਟਾਲਾਂ ਦਾ ਅਵਲੋਕਨ ਕੀਤਾ, ਜਿੱਥੇ ਉਨ੍ਹਾਂ ਨੇ ਆਪਣੇ ਕਿੱਤਾਮੁਖੀ ਕੌਸ਼ਲ, ਹੱਥੀਂ ਬਣਾਏ ਉਤਪਾਦਾਂ ਅਤੇ ਰਚਨਾਤਮਕ ਕਾਰਜਾਂ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੂੰ ਗਾਹਕਾਂ ਨਾਲ ਸੰਵਾਦ ਕਰਨ,ਆਪਣੇ ਉਤਪਾਦਾਂ ਨੂੰ ਪ੍ਰਸਤੁਤ ਕਰਨ ਅਤੇ ਬਜ਼ਾਰ ਦੀ ਮੰਗ ਨੂੰ ਸਮਝਣ ਦਾ ਅਵਸਰ ਮਿਲਿਆ। ਇਸ ਨਾਲ ਉਨ੍ਹਾਂ ਨੂੰ ਇਹ ਸਮਝਣ ਵਿੱਚ ਮਦਦ ਮਿਲੀ ਕਿ ਵਿਵਹਾਰਿਕ ਕੌਸ਼ਲ ਆਰਥਿਕ ਅਵਸਰਾਂ ਵਿੱਚ ਕਿਵੇਂ ਬਦਲਿਆ ਜਾ ਸਕਦਾ ਹੈ।

’ਹੁਨਰ ਉਤਸਵ’ ਵਿਦਿਆਰਥੀਆਂ ਨੂੰ ਆਪਣੇ ਕਿੱਤਾਮੁਖੀ ਕੌਸ਼ਲ, ਕਲਾਤਮਕ ਪ੍ਰਤਿਭਾ ਅਤੇ ਉੱਦਮਸ਼ੀਲਤਾ ਦੀ ਸਮਰੱਥਾ ਪ੍ਰਦਰਸ਼ਿਤ ਕਰਨ ਲਈ ਇੱਕ ਮੰਚ ਪ੍ਰਦਾਨ ਕਰਦਾ ਹੈ। ਇਸ ਪਹਿਲ ਦਾ ਉਦੇਸ਼ ਕੌਸ਼ਲ-ਅਧਾਰਿਤ ਸਿੱਖਿਆ, ਅਨੁਭਵਾਤਮਕ ਸਿੱਖਣ ਅਤੇ ਆਤਮਨਿਰਭਰਤਾ ਨੂੰ ਹੁਲਾਰਾ ਦੇਣਾ ਅਤੇ ਕਲਾਸ ਵਿੱਚ ਪ੍ਰਾਪਤ ਗਿਆਨ ਨੂੰ ਵਿਵਹਾਰਿਕ ਗਤੀਵਿਧੀਆਂ ਨਾਲ ਜੋੜਨਾ ਹੈ।

ਇਸ ਉਤਸਵ ਵਿੱਚ ਵਿਦਿਆਰਥੀਆਂ ਦੁਆਰਾ ਸੰਚਾਲਿਤ ਕਈ ਤਰ੍ਹਾਂ ਦੇ ਸਟਾਲ ਲਗਾਏ ਗਏ ਹਨ। ’ਸੂਈ ਧਾਗਾ ਕਲਾ’ ਵਿੱਚ ਫੈਸ਼ਨ ਨਾਲ ਜੁੜੀਆਂ ਰਚਨਾਤਮਕ ਵਸਤਾਂ ਅਤੇ ਕੱਪੜੇ ਨਾਲ ਜੁੜੀਆਂ ਹਸਤਸ਼ਿਲਪ ਕਲਾਕ੍ਰਿਤੀਆਂ ਦਾ ਪ੍ਰਦਰਸ਼ਨ ਕੀਤਾ ਗਿਆ ਹੈ, ਜਦਕਿ ’ਸਜਾਵਟ’ ਵਿੱਚ ਦੀਵੇ, ਮੋਮਬੱਤੀਆਂ ਅਤੇ ਤੋਰਣ ਸਹਿਤ ਸਜਾਵਟੀ ਉਤਪਾਦ ਪ੍ਰਦਰਸ਼ਿਤ ਕੀਤੇ ਗਏ ਹਨ। ’ਰੂਪ ਨਿਖਾਰ’ ਵਿੱਚ ਸੁੰਦਰਤਾ ਅਤੇ ਵੈੱਲਨੈੱਸ ਨਾਲ ਜੁੜੇ ਕੌਸ਼ਲ, ’ਮਹਿੰਦੀ ਘਰ’ ਵਿੱਚ ਮਹਿੰਦੀ ਦੇ ਵਿਭਿੰਨ ਡਿਜ਼ਾਈਨਾਂ ਅਤੇ ’ਇੰਕ ਐਂਡ ਗਲੈਮ’ ਵਿੱਚ ਨੇਲ ਆਰਟ ਅਤੇ ਟੈਟੂ ਕਲਾ ਦਾ ਪ੍ਰਦਰਸ਼ਨ ਕੀਤਾ ਗਿਆ ਹੈ। ਉੱਥੇ ਹੀ ’ਸਵਾਦ ਵਾਟਿਕਾ’ ਵਿੱਚ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ ਵਿਭਿੰਨ ਵਿਅੰਜਨਾਂ ਦੇ ਜ਼ਰੀਏ ਪਾਕ-ਕਲਾ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।

ਸਮਾਵੇਸ਼ਿਤਾ ਅਤੇ ਜੀਵਨ ਭਰ ਸਿੱਖਣ ਨੂੰ ਹੁਲਾਰਾ ਦਿੰਦੇ ਹੋਏ ’ਹਮ ਕਿਸੀ ਸੇ ਕਮ ਨਹੀਂ’ ਵਿਸ਼ੇਸ਼ ਜ਼ਰੂਰਤ ਵਾਲੇ ਬੱਚਿਆਂ(ਸੀਡਬਲਿਊਐੱਸਐੱਨ) ਦੀਆਂ ਸਮਰੱਥਾਵਾਂ ਤੇ ਉਪਲਬਧੀਆਂ ਨੂੰ ਸਾਹਮਣੇ ਲਿਆਇਆ, ਜਦਕਿ ’ਉੱਲਾਸ’ ਬਾਲਗ ਸਿੱਖਿਆ ਨਾਲ ਜੁੜੀਆਂ ਪਹਿਲਾਂ ਨੂੰ ਪ੍ਰਦਰਸ਼ਿਤ ਕੀਤਾ। ’ਸੋਚੋ, ਸਮਝੋ, ਜਿੱਤੋ’ ਦੇ ਜ਼ਰੀਏ ਕੌਸ਼ਲ-ਅਧਾਰਿਤ ਖੇਡਾਂ ਦਾ ਆਯੋਜਨ ਕੀਤਾ ਗਿਆ ਹੈ, ਜੋ ਸੈਲਾਨੀਆਂ ਵਿੱਚ ਤਾਰਕਿਕ ਸੋਚ ਅਤੇ ਸਮੱਸਿਆ-ਸਮਾਧਾਨ ਦੀ ਸਮਰੱਥਾ ਨੂੰ ਪ੍ਰੋਤਸਾਹਿਤ ਕਰਦੇ ਹਨ।ਹੁਨਰ ਉਤਸਵ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਵਿਵਹਾਰਿਕ ਕੌਸ਼ਲ, ਰਚਨਾਤਮਕਤਾ, ਇਨੋਵੇਸ਼ਨ ਅਤੇ ਉੱਦਮਸ਼ੀਲ ਸੋਚ ਨੂੰ ਵਿਕਸਿਤ ਕਰਨ ਪ੍ਰਤੀ ਚੰਡੀਗੜ੍ਹ ਪ੍ਰਸ਼ਾਸਨ ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ। ਇਹ ਉਤਸਵ ਹਸਤਕਲਾ ਅਤੇ ਕਾਰੀਗਰੀ ਦੇ ਪ੍ਰਤੀ ਸਨਮਾਨ ਵਧਾਉਣ ਅਤੇ ਸਵੈਰੋਜ਼ਗਾਰ ਦੇ ਅਵਸਰਾਂ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਵੀ ਸਹਾਇਕ ਹੈ।

ਸਕੂਲ ਸਿੱਖਿਆ ਵਿਭਾਗ ਨੇ ਸ਼ਹਿਰ ਦੇ ਵਾਸੀਆਂ, ਮਾਪਿਆਂ, ਵਿਦਿਆਰਥੀਆਂ ਅਤੇ ਸੈਲਾਨੀਆਂ ਨੂੰ ਅਪੀਲ ਕੀਤੀ ਹੈ ਕਿ ਉਹ 30 ਅਕਤੂਬਰ ਨੂੰ ਸਵੇਰੇ 11:00 ਵਜੇ ਤੋਂ ਸ਼ਾਮ 6:00 ਵਜੇ ਤੱਕ ਸੁਖਨਾ ਝੀਲ ਪਹੁੰਚ ਕੇ, ਪ੍ਰਦਰਸ਼ਨੀ ਦਾ ਅਵਲੋਕਨ ਕਰਨ ਅਤੇ ਇਸ ਵਿੱਚ ਹਿੱਸਾ ਲੈ ਰਹੇ ਵਿਦਿਆਰਥੀਆਂ ਉਤਸ਼ਾਹ ਵਧਾਉਣ।

ਪੰਜਾਬ ਵਿਧਾਨ ਸਭਾ ਚੋਣਾਂ ਲਈ ਭਾਰਤੀ ਚੋਣ ਕਮਿਸ਼ਨ ਅਤੇ ਬੀ.ਈ.ਐਲ. ਦੇ ਵਫ਼ਦ ਨੇ ਐਫ.ਐਲ.ਸੀ. ਵਰਕਸ਼ਾਪ ਅਤੇ ਲਾਗੂਕਰਨ ਏਜੰਸੀਆਂ ਦੇ ਕੰਮਕਾਜ ਦੀ ਕੀਤੀ ਸਮੀਖਿਆ

ਚੰਡੀਗੜ੍ਹ 30 ਅਕਤੂਬਰ
-ਛਤਰਪਾਲ ਸਿੰਘ-

ਭਾਰਤੀ ਚੋਣ ਕਮਿਸ਼ਨ ਦੇ ਸੀਨੀਅਰ ਡਿਪਟੀ ਚੋਣ ਕਮਿਸ਼ਨਰਾਂ, ਡਾਇਰੈਕਟਰ ਜਨਰਲਾਂ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੇ ਇੱਕ ਵਫ਼ਦ ਨੇ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਮੁੱਖ ਚੋਣ ਅਫ਼ਸਰ, ਸਟੇਟ ਪੁਲਿਸ ਨੋਡਲ ਅਫ਼ਸਰ ਅਤੇ ਵੱਖ-ਵੱਖ ਕੇਂਦਰੀ ਤੇ ਸੂਬਾਈ ਲਾਗੂਕਰਨ ਏਜੰਸੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ।

ਇਸੇ ਦਿਨ ’ਫਸਟ ਲੈਵਲ ਚੈਕਿੰਗ’ (ਐਫਐਲਸੀ) ਵਰਕਸ਼ਾਪ ਵੀ ਕਰਵਾਈ ਗਈ, ਜਿਸ ਦਾ ਉਦੇਸ਼ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਈ.ਵੀ.ਐਮਜ਼ ਅਤੇ ਵੀ.ਵੀ.ਪੀ.ਏ.ਟੀਜ਼ ਦੀ ’ਫਸਟ ਲੈਵਲ ਚੈਕਿੰਗ’ ਨਾਲ ਸਬੰਧਤ ਤਕਨੀਕੀ ਅਤੇ ਪ੍ਰਸ਼ਾਸਕੀ ਅਮਲਾਂ ਬਾਰੇ ਸਿਖਲਾਈ ਵੀ ਦਿੱਤੀ ਗਈ।

ਸੀਈਓ, ਪੰਜਾਬ ਨੇ ਦੱਸਿਆ ਕਿ ਜ਼ਿਲ੍ਹਿਆਂ ਵਿੱਚ 12 ਨਵੰਬਰ ਤੋਂ ਸ਼ੁਰੂ ਹੋਣ ਵਾਲੀ ਐਫ.ਐਲ.ਸੀ. ਦੀ ਮੁਕੰਮਲ ਪ੍ਰਕਿਰਿਆ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਚੋਣ ਅਫ਼ਸਰ ਦੀ ਸਖ਼ਤ ਨਿਗਰਾਨੀ ਹੇਠ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇਗੀ।

ਇਸ ਦੌਰਾਨ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਮਾਹਰ ਇੰਜੀਨੀਅਰਾਂ ਵਲੋਂ ਅਮਲੀ ਸਿਖਲਾਈ ਵੀ ਦਿੱਤੀ ਗਈ, ਜਿਸ ਤੋਂ ਬਾਅਦ ਇੱਕ ਮੁਲਾਂਕਣ ਅਤੇ ਸ਼ੰਕਿਆਂ ਨੂੰ ਦੂਰ ਕਰਨ ਸਬੰਧੀ ਸੈਸ਼ਨ ਵੀ ਕਰਵਾਇਆ ਗਿਆ। ਵਰਕਸ਼ਾਪ ਵਿੱਚ ਜ਼ਿਲ੍ਹਾ ਚੋਣ ਅਫ਼ਸਰਾਂ, ਵਧੀਕ ਜ਼ਿਲ੍ਹਾ ਚੋਣ ਅਫ਼ਸਰਾਂ, ਐਫ.ਐਲ.ਸੀ. ਦੇ ਨੋਡਲ ਅਫ਼ਸਰਾਂ, ਮਾਸਟਰ ਟ੍ਰੇਨਰਾਂ, ਬੀ.ਈ.ਐਲ. ਮਾਹਿਰਾਂ ਅਤੇ ਹੋਰ ਸਬੰਧਤ ਅਧਿਕਾਰੀਆਂ ਨੇ ਭਾਗ ਲਿਆ।

ਇਸ ਦੌਰਾਨ ਐਫ.ਐਲ.ਸੀ ਪ੍ਰਕਿਰਿਆ ਨੂੰ ਨਿਰਧਾਰਤ ਪ੍ਰੋਟੋਕੋਲ, ਪਾਰਦਰਸ਼ਤਾ ਅਤੇ ਪੂਰੀ ਸਾਵਧਾਨੀ ਨਾਲ ਨੇਪਰੇ ਚਾੜ੍ਹਨ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਐਫ.ਐਲ.ਸੀ. ਵਰਕਸ਼ਾਪ ਤੋਂ ਬਾਅਦ, ਤਿਆਰੀਆਂ ਦਾ ਜਾਇਜ਼ਾ ਲੈਣ ਲਈ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ ਗਈ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਚੋਣਾਂ ਸਾਰੀਆਂ ਏਜੰਸੀਆਂ ਦੀ ਸ਼ਮੂਲੀਅਤ ਨਾਲ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਈਆਂ ਜਾਣ।

‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਪਿੰਡ ਸਰਹਾਲਾ ਕਲਾਂ ’ਚ ਨਾਜਾਇਜ਼ ਉਸਾਰੀ ਢਾਹੀ

ਹੁਸ਼ਿਆਰਪੁਰ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਸ਼ੁਰੂ ਕੀਤੀ ਗਈ ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਜ਼ਿਲ੍ਹਾ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਮੌਜੂਦਗੀ ਵਿਚ ਨੇੜਲੇ ਪਿੰਡ ਸਰਹਾਲਾ ਕਲਾਂ ਵਿਖੇ ਅੱਜ ਨਸ਼ਿਆਂ ਦੇ ਤਸਕਰਾਂ ਨਾਲ ਸਬੰਧਤ ਪਰਿਵਾਰ ਵਲੋਂ ਪੰਚਾਇਤੀ ਜ਼ਮੀਨ ’ਤੇ ਕੀਤੀ ਨਾਜਾਇਜ਼ ਉਸਾਰੀ ਨੂੰ ਜੇ.ਸੀ.ਬੀ. ਮਸ਼ੀਨ ਰਾਹੀਂ ਢਾਹ ਦਿੱਤਾ ਗਿਆ।

ਐਸ.ਪੀ. ਸੰਦੀਪ ਸਿੰਘ ਮੰਡ, ਡੀ.ਐਸ.ਪੀ. ਭਾਰਤ ਭੂਸ਼ਨ ਅਤੇ ਸਹਾਇਕ ਕਮਿਸ਼ਨਰ (ਅੰਡਰ ਟਰੇਨਿੰਗ) ਅਮਨਦੀਪ ਕੌਰ ਦੀ ਮੌਜੂਦਗੀ ਅਤੇ ਭਾਰੀ ਪੁਲਿਸ ਫੋਰਸ ਸਮੇਤ ਨਾਜਾਇਜ਼ ਉਸਾਰੀ ਨੂੰ ਢਾਹਿਆ ਗਿਆ। ਐਸ.ਪੀ. ਸੰਦੀਪ ਸਿੰਘ ਮੰਡ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਚੁੱਕੇ ਜਾ ਰਹੇ ਕਦਮਾਂ ਤਹਿਤ ਅੱਜ ਦੀ ਕਾਰਵਾਈ ਨੂੰ ਅਮਲ ਵਿਚ ਲਿਆਂਦਾ ਗਿਆ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਧੰਦੇ ਵਿਚ ਸ਼ਾਮਲ ਕਿਸੇ ਵੀ ਵਿਅਕਤੀ ਨਾਲ ਕੋਈ ਲਿਹਾਜ਼ ਨਹੀਂ ਵਰਤਿਆ ਜਾਵੇਗਾ ਅਤੇ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅਜਿਹੀਆਂ ਹੋਰ ਵੀ ਗੈਰਕਾਨੂੰਨੀ ਉਸਾਰੀਆਂ ਵਿਰੁੱਧ ਕਾਰਵਾਈ ਹੋਵੇਗੀ।

ਜ਼ਿਕਰਯੋਗ ਹੈ ਕਿ ਇਹ ਉਸਾਰੀ ਪੰਚਾਇਤੀ ਜਮੀਨ ’ਤੇ ਨਜਾਇਜ਼ ਢੰਗ ਨਾਲ ਕੀਤੀ ਗਈ ਸੀ ਜਦਕਿ ਸਬੰਧਤ ਪਰਿਵਾਰ ਨਸ਼ਿਆਂ ਨਾਲ ਸਬੰਧਤ ਐਨ.ਡੀ.ਪੀ.ਐਸ. ਐਕਟ ਦੇ ਵੱਖ-ਵੱਖ ਮਾਮਲਿਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਇਹ ਉਸਾਰੀ ਨਸ਼ਿਆਂ ਤੋਂ ਕਮਾਈ ਕਰਕੇ ਨਾਜਾਇਜ਼ ਢੰਗ ਨਾਲ ਕੀਤੀ ਗਈ ਸੀ। ਪੁਲਿਸ ਅਧਿਕਾਰੀਆਂ ਮੁਤਾਬਕ ਜ਼ਿਲ੍ਹੇ ਵਿਚ 60 ਦਿਨਾਂ ਲਈ ਚਲਾਈ ਜਾ ਰਹੀਆਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਇਹ ਕਾਰਵਾਈ ਕੀਤੀ ਗਈ ਅਤੇ ਇਸ ਤਰ੍ਹਾਂ ਬਣੀਆਂ ਹੋਰ ਵੀ ਨਾਜਾਇਜ਼ ਉਸਾਰੀਆਂ ਵਿਰੁੱਧ ਇਸੇ ਤਰ੍ਹਾਂ ਕਾਰਵਾਈ ਹੋਵੇਗੀ।

ਦਵਾਈਆਂ ਦੀ ਦੁਰਵਰਤੋਂ ਰੋਕਣ ਲਈ ਕੈਮਿਸਟ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ: ਡੀਐੱਸਪੀ ਡਾ. ਰੁਪਿੰਦਰ ਕੌਰ ਬਾਜਵਾ

ਦਿੜ੍ਹਬਾ, 30 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦਵਾਈਆਂ ਦੀ ਦੁਰਵਰਤੋਂ ਰੋਕਣ ਅਤੇ ਉਨ੍ਹਾਂ ਦੀ ਵਿਕਰੀ ਸਬੰਧੀ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ਡੀਐੱਸਪੀ ਦਿੜ੍ਹਬਾ ਡਾ. ਰੁਪਿੰਦਰ ਕੌਰ ਬਾਜਵਾ ਦੀ ਅਗਵਾਈ ਹੇਠ ਦਿੜ੍ਹਬਾ ਅਤੇ ਆਸ-ਪਾਸ ਦੇ ਪਿੰਡਾਂ ਦੇ ਕੈਮਿਸਟਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਡਰੱਗ ਇੰਸਪੈਕਟਰ ਸੰਤੋਸ਼ ਜਿੰਦਲ ਅਤੇ ਐੱਸਐੱਚਓ ਦਿੜ੍ਹਬਾ ਦਵਿੰਦਰ ਸਿੰਘ ਵੀ ਹਾਜ਼ਰ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਰੁਪਿੰਦਰ ਕੌਰ ਬਾਜਵਾ ਨੇ ਕਿਹਾ ਕਿ ਦਵਾਈ ਵਿਕਰੇਤਾ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਤੇ ਦਵਾਈਆਂ ਦੀ ਵਿਕਰੀ ਸਬੰਧੀ ਲਾਗੂ ਕਾਨੂੰਨਾਂ ਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ।

ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਦੀ ਸੁਰੱਖਿਆ ਅਤੇ ਦਵਾਈਆਂ ਦੀ ਦੁਰਵਰਤੋਂ ਰੋਕਣ ਵਿੱਚ ਕੈਮਿਸਟਾਂ ਦੀ ਅਹਿਮ ਭੂਮਿਕਾ ਹੈ, ਇਸ ਲਈ ਦਵਾਈਆਂ ਵੇਚਣ ਸਮੇਂ ਪੂਰੀ ਸਾਵਧਾਨੀ ਵਰਤੀ ਜਾਵੇ।

ਡੀਐੱਸਪੀ ਬਾਜਵਾ ਨੇ ਹਦਾਇਤ ਕੀਤੀ ਕਿ ਜਿਨ੍ਹਾਂ ਦਵਾਈਆਂ ਦੀ ਵਿਕਰੀ ਲਈ ਡਾਕਟਰੀ ਪਰਚੀ ਲਾਜ਼ਮੀ ਹੈ, ਉਹ ਯੋਗ ਡਾਕਟਰ ਦੀ ਪਰਚੀ ਤੋਂ ਬਿਨਾਂ ਨਾ ਵੇਚੀਆਂ ਜਾਣ। ਖ਼ਾਸ ਤੌਰ ’ਤੇ ਅਜਿਹੀਆਂ ਦਵਾਈਆਂ ਦੀ ਵਿਕਰੀ ਸਮੇਂ ਨਿਯਮਾਂ ਦੀ ਪੂਰੀ ਪਾਲਣਾ ਕੀਤੀ ਜਾਵੇ, ਜਿਨ੍ਹਾਂ ਦੀ ਨਸ਼ੇ ਵਜੋਂ ਦੁਰਵਰਤੋਂ ਹੋਣ ਦਾ ਖ਼ਦਸ਼ਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਨਿਯਮਾਂ ਦੇ ਉਲਟ ਅਜਿਹੀਆਂ ਦਵਾਈਆਂ ਮੁਹੱਈਆ ਨਾ ਕਰਵਾਈਆਂ ਜਾਣ।

ਉਨ੍ਹਾਂ ਕੈਮਿਸਟਾਂ ਨੂੰ ਦਵਾਈਆਂ ਦੀ ਖ਼ਰੀਦ-ਵਿਕਰੀ ਦਾ ਲੋੜੀਂਦਾ ਰਿਕਾਰਡ ਨਿਯਮਾਂ ਅਨੁਸਾਰ ਦਰਜ ਕਰਨ ਅਤੇ ਸਬੰਧਤ ਬਿੱਲ ਸੰਭਾਲ ਕੇ ਰੱਖਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰੀ ਹਦਾਇਤਾਂ ਅਤੇ ਲਾਗੂ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਣ ’ਤੇ ਸਬੰਧਤ ਵਿਕਰੇਤਾ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਡਰੱਗ ਇੰਸਪੈਕਟਰ ਸੰਤੋਸ਼ ਜਿੰਦਲ ਨੇ ਦਵਾਈ ਵਿਕਰੇਤਾਵਾਂ ਨੂੰ ਦਵਾਈਆਂ ਦੀ ਵਿਕਰੀ ਅਤੇ ਰਿਕਾਰਡ ਦੀ ਸੰਭਾਲ ਸਬੰਧੀ ਹਦਾਇਤਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਦੁਕਾਨਾਂ ’ਤੇ ਮੌਜੂਦ ਦਵਾਈਆਂ ਦੀ ਖ਼ਰੀਦ ਦੇ ਬਿੱਲ ਉਪਲਬਧ ਹੋਣੇ ਚਾਹੀਦੇ ਹਨ। ਜਿਨ੍ਹਾਂ ਦਵਾਈਆਂ ਦੀ ਵਿਕਰੀ ਦਾ ਰਿਕਾਰਡ ਰੱਖਣਾ ਨਿਯਮਾਂ ਤਹਿਤ ਲਾਜ਼ਮੀ ਹੈ, ਉਨ੍ਹਾਂ ਦੇ ਵੇਰਵੇ ਸਬੰਧਤ ਰਜਿਸਟਰ ਵਿੱਚ ਦਰਜ ਕੀਤੇ ਜਾਣ। ਉਨ੍ਹਾਂ ਡਾਕਟਰੀ ਪਰਚੀ ਦੇ ਆਧਾਰ ’ਤੇ ਵੇਚੀਆਂ ਜਾਣ ਵਾਲੀਆਂ ਦਵਾਈਆਂ ਦੀ ਵਿਕਰੀ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨਾ ਵਰਤਣ ਲਈ ਕਿਹਾ। ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਡਾ. ਸਤੀਸ਼ ਕੁਮਾਰ ਨੇ ਭਰੋਸਾ ਦਿਵਾਇਆ ਕਿ ਐਸੋਸੀਏਸ਼ਨ ਸਰਕਾਰ ਅਤੇ ਸਬੰਧਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਦੇ ਮੈਂਬਰ ਪਹਿਲਾਂ ਵੀ ਨਿਯਮਾਂ ਦੀ ਪਾਲਣਾ ਕਰਦੇ ਆ ਰਹੇ ਹਨ ਅਤੇ ਭਵਿੱਖ ਵਿੱਚ ਵੀ ਜਾਰੀ ਹਦਾਇਤਾਂ ਅਨੁਸਾਰ ਕੰਮ ਕਰਦੇ ਰਹਿਣਗੇ। ਡਾ. ਸਤੀਸ਼ ਕੁਮਾਰ ਨੇ ਸਪੱਸ਼ਟ ਕੀਤਾ ਕਿ ਜੇਕਰ ਐਸੋਸੀਏਸ਼ਨ ਦਾ ਕੋਈ ਮੈਂਬਰ ਨਿਯਮਾਂ ਦੇ ਉਲਟ ਦਵਾਈਆਂ ਵੇਚਦਾ ਪਾਇਆ ਜਾਂਦਾ ਹੈ ਤਾਂ ਐਸੋਸੀਏਸ਼ਨ ਉਸ ਦੀ ਹਮਾਇਤ ਨਹੀਂ ਕਰੇਗੀ, ਸਗੋਂ ਪ੍ਰਸ਼ਾਸਨ ਨੂੰ ਸਹਿਯੋਗ ਦੇਵੇਗੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਪਟਿਆਲਾ ਵਿਖੇ ਲੱਗੇ ‘ਕਿਤਾਬ ਲਵਰਜ਼ ਬੁੱਕ ਫੇਅਰ’ ਦਾ ਵਿਦਿਅਕ ਦੌਰਾ

ਫ਼ਤਹਿਗੜ੍ਹ ਸਾਹਿਬ, 30 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਅੰਗਰੇਜ਼ੀ ਵਿਭਾਗ ਵੱਲੋਂ 30 ਅਕਤੂਬਰ 2026 ਨੂੰ ਓਮੈਕਸ ਮਾਲ, ਪਟਿਆਲਾ ਵਿਖੇ ਲੱਗੇ ‘ਕਿਤਾਬ ਲਵਰਜ਼ ਬੁੱਕ ਫੇਅਰ’ ਦਾ ਵਿਦਿਅਕ ਦੌਰਾ ਕਰਵਾਇਆ ਗਿਆ। ਇਸ ਦੌਰੇ ਵਿੱਚ ਬੀਏ ਅਤੇ ਐੱਮਏ ਦੇ ਲਗਭਗ 50 ਵਿਦਿਆਰਥੀਆਂ ਨੇ ਭਾਗ ਲਿਆ।

ਇਸ ਦਾ ਉਦੇਸ਼ ਵਿਦਿਆਰਥੀਆਂ ਵਿੱਚ ਪੁਸਤਕਾਂ ਪੜ੍ਹਨ ਦੀ ਰੁਚੀ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਪਾਠਕ੍ਰਮ ਤੋਂ ਇਲਾਵਾ ਵੱਖ-ਵੱਖ ਸਾਹਿਤਕ ਰਚਨਾਵਾਂ ਨਾਲ ਜਾਣੂ ਕਰਵਾਉਣਾ ਸੀ। ਇਸ ਦੌਰੇ ਦੀ ਦੇਖ-ਰੇਖ ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਅੰਕਦੀਪ ਕੌਰ ਅਟਵਾਲ ਨੇ ਕੀਤੀ। ਵਿਦਿਆਰਥੀਆਂ ਦੇ ਨਾਲ ਅੰਗਰੇਜ਼ੀ ਵਿਭਾਗ ਤੋਂ ਸਹਾਇਕ ਪ੍ਰੋਫੈਸਰ ਜਸਪ੍ਰੀਤ ਕੌਰ ਵੀ ਮੌਜੂਦ ਸਨ।

ਇਸ ਦੌਰਾਨ ਵਿਦਿਆਰਥੀਆਂ ਨੇ ਸਾਹਿਤ, ਗਲਪ, ਗੈਰ-ਗਲਪ, ਜੀਵਨੀਆਂ, ਇਤਿਹਾਸ ਅਤੇ ਹੋਰ ਵਿਸ਼ਿਆਂ ਨਾਲ ਸਬੰਧਤ ਪੁਸਤਕਾਂ ਦੀਆਂ ਵੱਖ-ਵੱਖ ਪ੍ਰਦਰਸ਼ਨੀਆਂ ਦੇਖੀਆਂ। ਉਨ੍ਹਾਂ ਨੂੰ ਨਵੇਂ ਲੇਖਕਾਂ ਅਤੇ ਸਾਹਿਤਕ ਰਚਨਾਵਾਂ ਬਾਰੇ ਜਾਣਨ ਦੇ ਨਾਲ-ਨਾਲ ਆਪਣੀਆਂ ਪੜ੍ਹਨ ਦੀਆਂ ਰੁਚੀਆਂ ਨੂੰ ਹੋਰ ਵਿਸ਼ਾਲ ਕਰਨ ਦਾ ਮੌਕਾ ਮਿਲਿਆ। ਇਸ ਅਨੁਭਵ ਨੇ ਵਿਦਿਆਰਥੀਆਂ ਨੂੰ ਪੁਸਤਕਾਂ ਦੀ ਮਹੱਤਤਾ, ਸੁਤੰਤਰ ਪਾਠਨ ਅਤੇ ਆਲੋਚਨਾਤਮਕ ਸੋਚ ਪ੍ਰਤੀ ਵੀ ਉਤਸ਼ਾਹਿਤ ਕੀਤਾ। ਇਸ ਵਿਦਿਅਕ ਦੌਰੇ ਦੌਰਾਨ ਵਿਦਿਆਰਥੀਆਂ ਨੇ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ, ਪਟਿਆਲਾ ਵਿਖੇ ਵੀ ਮੱਥਾ ਟੇਕਿਆ। ਇਹ ਦੌਰਾ ਵਿਦਿਆਰਥੀਆਂ ਲਈ ਇੱਕ ਸਾਰਥਕ ਸਿੱਖਣ ਦਾ ਅਨੁਭਵ ਸਾਬਤ ਹੋਇਆ, ਜਿਸ ਨੇ ਜਮਾਤੀ ਸਿੱਖਿਆ ਨੂੰ ਸਾਹਿਤਕ ਅਤੇ ਸੱਭਿਆਚਾਰਕ ਸਰਗਰਮੀਆਂ ਨਾਲ ਜੋੜਿਆ। ਇਹ ਉਪਰਾਲਾ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਰੁਚੀ, ਸਾਹਿਤਕ ਚੇਤਨਾ ਅਤੇ ਨਿਰੰਤਰ ਸਿੱਖਣ ਦੀ ਭਾਵਨਾ ਵਿਕਸਿਤ ਕਰਨ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।